


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA    ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ





PRGI (RNI) Regd. No. 42354 | Website : www.shaheedazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43    Issue : 52    Chief Editor : Chowdhary Prabhjit Singh,    Editor : Chhatarpal Singh 98146-32807,    Friday 7 August 2026    Price : 2 Rs.    Page : 6

## ਸੁਪਰੀਮ ਕੋਰਟ ਵੱਲੋਂ ਆਸਾ ਰਾਮ ਨੂੰ ਅੰਤਰਿਮ ਜ਼ਮਾਨਤ ਤੋਂ ਇਨਕਾਰ; ਕੇਅਰਟੇਕਰ ਰੱਖਣ ਦੀ ਇਜਾਜ਼ਤ

**ਨਵੀਂ ਦਿੱਲੀ, 6 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**



ਸੁਪਰੀਮ ਕੋਰਟ ਨੇ ਵੀਰਵਾਰ ਨੂੰ ਨਾਬਾਲਗ ਨਾਲ ਜਿਨਸੀ ਸ਼ੋਸ਼ਣ ਦੇ 2013 ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਸਵੈ-ਘੋਸ਼ਿਤ ਬਾਬਾ ਆਸਾਰਾਮ ਨੂੰ ਫਿਲਹਾਲ ਅੰਤਰਿਮ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ, ਪਰ ਉਸ ਨੂੰ ਚੌਵੀ ਘੰਟੇ ਸਹਾਇਤਾ ਲਈ ਆਪਣੀ ਪਸੰਦ ਦਾ ਇੱਕ ਸਿਖਲਾਈ ਪ੍ਰਾਪਤ ਦੇਖਭਾਲ ਕਰਨ ਵਾਲਾ ਰੱਖਣ ਦੀ ਇਜਾਜ਼ਤ ਦੇ ਦਿੱਤੀ।

ਜਸਟਿਸ ਐੱਮ.ਐੱਮ. ਸੁੰਦਰੇਸ਼ ਅਤੇ ਪੀ.ਬੀ. ਵਾਰਲੇ ਦੇ ਬੈਂਚ ਨੇ ਸਿਹਤ ਦੇ ਆਧਾਰ ’ਤੇ ਅੰਤਰਿਮ ਜ਼ਮਾਨਤ ਦੀ ਮੰਗ ਕਰਨ ਵਾਲੀ ਆਸਾਰਾਮ ਦੀ ਅਰਜ਼ੀ ਨੂੰ ਪੈਂਡਿੰਗ ਰੱਖਿਆ ਅਤੇ ਉਸਨੂੰ ਖੁੱਲ੍ਹ ਦਿੱਤੀ ਕਿ ਜੇਕਰ ਉਸਦੀ ਸਿਹਤ ਵਿਗੜਦੀ ਹੈ ਤਾਂ ਉਹ ਆਪਣਾ ਕੇਸ ਮੈਨਸ਼ਨ ਕਰ ਸਕਦਾ ਹੈ।

ਸੁਣਵਾਈ ਦੌਰਾਨ ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਦਲੀਲ ਦਿੱਤੀ ਕਿ ਆਸਾਰਾਮ ਨੇ ਅਦਾਲਤ ਤੋਂ ਇਹ ਗੱਲ ਛੁਪਾਈ ਹੈ ਕਿ ਉਸਦੇ ਵਕੀਲ ਨੇ ਪੈਰੋਲ ਲਈ ਅਰਜ਼ੀ ਦਾਇਰ ਕੀਤੀ ਸੀ। ਆਸਾਰਾਮ ਦੇ ਵਕੀਲ ਨੇ ਕਿਹਾ ਕਿ ਪੈਰੋਲ ਬਹੁਤ ਪਹਿਲਾਂ ਦਾਇਰ ਕੀਤੀ ਗਈ ਸੀ ਅਤੇ ਇਹ ਸਿਹਤ ਦੇ ਆਧਾਰ ’ਤੇ ਨਹੀਂ ਦਿੱਤੀ ਗਈ ਸੀ।

ਰਾਜਸਥਾਨ ਹਾਈ ਕੋਰਟ ਨੇ ਇਸ ਤੋਂ ਪਹਿਲਾਂ ਆਸਾਰਾਮ ਨੂੰ 20 ਦਿਨਾਂ ਦੀ ਪੈਰੋਲ ਦਿੰਦਿਆਂ ਕਿਹਾ ਸੀ ਕਿ ਰਾਜ ਸਰਕਾਰ ਉਸਦੀ ਪੈਰੋਲ ਅਰਜ਼ੀ ਨੂੰ ਰੱਦ ਕਰਨ ਦੇ ਆਪਣੇ ਫ਼ੈਸਲੇ ਨੂੰ ਜਾਇਜ਼ ਸਾਬਤ ਕਰਨ ਵਿੱਚ ਅਸਫਲ ਰਹੀ ਹੈ। ਹਾਈ ਕੋਰਟ ਨੇ ਜੋਧਪੁਰ ਸੈਂਟਰਲ ਜੇਲ੍ਹ ਵਿੱਚ ਬੰਦ 85 ਸਾਲਾ ਆਸਾਰਾਮ ਨੂੰ, ਉਸ ਦੀ ਕੈਦ ਦੀ ਮਿਆਦ ਅਤੇ ਅੰਤਰਮ ਰਿਹਾਈ ਦੇ ਪਿਛਲੇ ਸਮੇਂ ਦੌਰਾਨ ਉਸਦੇ ਵਿਵਹਾਰ ਨੂੰ ਧਿਆਨ ਵਿੱਚ ਰੱਖਦਿਆਂ ਰਾਹਤ ਦਿੱਤੀ ਸੀ।

ਸਿਖਰਲੀ ਅਦਾਲਤ ਨੂੰ ਪਹਿਲਾਂ ਸੂਚਿਤ ਕੀਤਾ ਗਿਆ ਸੀ ਕਿ ਏਮਜ਼ (AIIMS) ਦੇ ਮਾਹਰਾਂ ਨੇ ਸੁਝਾਅ ਦਿੱਤਾ ਹੈ ਕਿ ਆਸਾਰਾਮ ਨੂੰ ਹਸਪਤਾਲ ਦਾਖਲ ਕਰਨ ਦੀ ਲੋੜ ਨਹੀਂ ਹੈ ਪਰ ਉਸਨੂੰ ਚੌਵੀ ਘੰਟੇ ਡਾਕਟਰੀ ਸਹਾਇਤਾ ਦੀ ਲੋੜ ਹੈ। 21 ਜੁਲਾਈ ਨੂੰ, ਸਿਖਰਲੀ ਅਦਾਲਤ ਨੇ ਏਮਜ਼ ਨੂੰ ਆਸਾਰਾਮ ਦੀ ਸਥਿਤੀ ਦਾ ਮੁਲਾਂਕਣ ਕਰਨ ਲਈ ਇੱਕ ਮੈਡੀਕਲ ਬੋਰਡ ਗਠਿਤ ਕਰਨ ਲਈ ਕਿਹਾ ਸੀ। ਰਾਜਸਥਾਨ ਹਾਈ ਕੋਰਟ ਨੇ 27 ਮਈ ਨੂੰ 2013 ਵਿੱਚ ਇੱਕ ਨਾਬਾਲਗ ਨਾਲ ਬਲਾਤਕਾਰ ਦੇ ਕੇਸ ਵਿੱਚ ਆਸਾਰਾਮ ਨੂੰ ਸੁਣਾਈ ਗਈ ਦੋਸ਼ੀ ਅਤੇ ਉਮਰ ਕੈਦ ਦੀ ਸਜ਼ਾ ਨੂੰ ਬਰਕਰਾਰ ਰੱਖਿਆ ਸੀ। 30 ਜੂਨ ਨੂੰ, ਸਿਖਰਲੀ ਅਦਾਲਤ ਨੇ ਹਾਈ ਕੋਰਟ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਆਸਾਰਾਮ ਦੀ ਅਰਜ਼ੀ ’ਤੇ ਰਾਜਸਥਾਨ ਸਰਕਾਰ ਤੋਂ ਜਵਾਬ ਮੰਗਿਆ ਸੀ।

## ਸਿੱਖਿਆ ਮੰਤਰੀ ਹੋਣਾ ਮੇਰੇ ਲਈ ਮਾਣ ਅਤੇ ਪੰਜਾਬ ਦੇ ਭਵਿੱਖ ਦੀ ਜ਼ਿੰਮੇਵਾਰੀ: ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, 6 ਅਗਸਤ**
**-ਜੀ. ਐਸ. ਤੁੰਗ-**



ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਸਿੱਖਿਆ ਨਾਲ ਜੁੜੇ ਮੁੱਦਿਆਂ ’ਤੇ ਆਪਣਾ ਪੱਖ ਤੱਥਾਂ ਅਤੇ ਅੰਕੜਿਆਂ ਸਮੇਤ ਸਦਨ ਅੱਗੇ ਰੱਖਿਆ। ਚਰਚਾ ਦੌਰਾਨ ਉਨ੍ਹਾਂ ਕਿਹਾ ਕਿ ਸਿੱਖਿਆ ਮੰਤਰੀ ਦਾ ਅਹੁਦਾ ਉਨ੍ਹਾਂ ਲਈ ਸਿਰਫ਼ ਇੱਕ ਸਰਕਾਰੀ ਜ਼ਿੰਮੇਵਾਰੀ ਨਹੀਂ, ਸਗੋਂ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਦਾ ਮਿਸ਼ਨ ਹੈ।

ਹਰਜੋਤ ਸਿੰਘ ਬੈਂਸ ਨੇ ਕਿਹਾ, ਮੈਂ ਪਹਿਲਾ ਸਿੱਖਿਆ ਮੰਤਰੀ ਹਾਂ ਜੋ ਮਾਣ ਨਾਲ ਕਹਿੰਦਾ ਹੈ ਕਿ ਮੈਨੂੰ ਸਿੱਖਿਆ ਮੰਤਰੀ ਹੋਣ ’ਤੇ ਮਾਣ ਹੈ। ਮੇਰੇ ਲਈ ਇਹ ਸਿਰਫ਼ ਇੱਕ ਅਹੁਦਾ ਨਹੀਂ, ਸਗੋਂ ਪੰਜਾਬ ਦੇ ਭਵਿੱਖ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਸਦਨ ਵਿੱਚ ਕਿਹਾ ਕਿ ਉਨ੍ਹਾਂ ਨੇ ਕਦੇ ਵੀ ਕਿਸੇ ਲਈ ਅਪਮਾਨਜਨਕ ਸ਼ਬਦਾਂ ਦੀ ਵਰਤੋਂ ਨਹੀਂ ਕੀਤੀ। ਉਨ੍ਹਾਂ ਦੇ ਸ਼ਬਦਾਂ ਵਿੱਚ, ਰੱਬ ਨੇ ਸਾਨੂੰ ਜ਼ੁਬਾਨ ਵੀ ਦਿੱਤੀ ਹੈ ਅਤੇ ਸੋਚਣ ਲਈ ਦਿਮਾਗ ਵੀ। ਉਨ੍ਹਾਂ ਕਿਹਾ ਕਿ ਜਨਤਕ ਜੀਵਨ ਵਿੱਚ ਭਾਸ਼ਾ ਦੀ ਮਰਿਆਦਾ ਅਤੇ ਸਨਮਾਨ ਬਣਾਈ ਰੱਖਣਾ ਹਰ ਲੋਕ ਪ੍ਰਤੀਨਿਧ ਦਾ ਫ਼ਰਜ਼ ਹੈ।


ਸਿੱਖਿਆ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਲੋਕ ਜਾਣਦੇ ਹਨ ਕਿ ਪਹਿਲਾਂ ਅਧਿਆਪਕਾਂ ਨਾਲ ਕਿਸ ਤਰ੍ਹਾਂ ਦਾ ਵਿਵਹਾਰ ਕੀਤਾ ਜਾਂਦਾ ਸੀ ਅਤੇ ਅੱਜ ਵੀ ਵਿਰੋਧੀ ਧਿਰ ਦੇ ਕੁਝ ਮੈਂਬਰ ਅਜਿਹੀ ਸ਼ਬਦਾਵਲੀ ਵਰਤਦੇ ਹਨ ਜੋ ਉਚਿਤ ਨਹੀਂ ਹੈ। ਹਾਲਾਂਕਿ ਉਨ੍ਹਾਂ ਸਪੱਸ਼ਟ ਕੀਤਾ ਕਿ ਉਹ ਅਜਿਹੀ ਰਾਜਨੀਤੀ ਦਾ ਹਿੱਸਾ ਨਹੀਂ ਬਣਨਾ ਚਾਹੁੰਦੇ।

ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਇੱਕੋ-ਇੱਕ ਮਕਸਦ ਪੰਜਾਬ ਦੇ ਹਰ ਨੌਜਵਾਨ ਨੂੰ ਗੁਣਵੱਤਾ ਭਰੀ ਸਿੱਖਿਆ ਦੇ ਮੌਕੇ ਪ੍ਰਦਾਨ ਕਰਨਾ, ਹਰ ਅਧਿਆਪਕ ਨੂੰ ਉਸ ਦਾ ਬਣਦਾ ਸਨਮਾਨ ਦਿਵਾਉਣਾ ਅਤੇ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਦੇਸ਼ ਹੀ ਨਹੀਂ, ਸਗੋਂ ਦੁਨੀਆ ਦੀਆਂ ਸਰਵੋਤਮ ਸਿੱਖਿਆ ਪ੍ਰਣਾਲੀਆਂ ਵਿੱਚ ਸ਼ਾਮਲ ਕਰਨਾ ਹੈ।

ਵਿਧਾਨ ਸਭਾ ਵਿੱਚ ਆਪਣੇ ਸੰਬੋਧਨ ਦੌਰਾਨ ਬੈਂਸ ਨੇ ਸਿੱਖਿਆ ਖੇਤਰ ਵਿੱਚ ਸੁਧਾਰਾਂ ਅਤੇ ਸਰਕਾਰ ਦੀਆਂ ਪਹਿਲਕਦਮੀਆਂ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਸਰਕਾਰ ਦਾ ਧਿਆਨ ਸਿੱਖਿਆ ਦੀ ਗੁਣਵੱਤਾ ਵਿੱਚ ਲਗਾਤਾਰ ਸੁਧਾਰ ਲਿਆਉਣ ’ਤੇ ਕੇਂਦ੍ਰਿਤ ਹੈ।

## ਤਹਿਲਕਾ ਮੈਗਜ਼ੀਨ ਦੇ ਸੰਸਥਾਪਕ ਤਰੁਣ ਤੇਜਪਾਲ ਨੂੰ ਜਿਨਸੀ ਸ਼ੋਸ਼ਣ ਦੇ ਮਾਮਲੇ ਵਿਚ 10 ਸਾਲ ਕੈਦ ਦੀ ਸਜ਼ਾ

**ਪ੍ਰੋਵੋਰਿਮ (ਗੋਆ), 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਬੰਬੇ ਹਾਈ ਕੋਰਟ ਦੀ ਗੋਆ ਬੈਂਚ ਨੇ ਤਹਿਲਕਾ ਮੈਗਜ਼ੀਨ ਦੇ ਸੰਸਥਾਪਕ ਤਰੁਣ ਤੇਜਪਾਲ ਨੂੰ 2013 ਦੇ ਜਿਨਸੀ ਸ਼ੋਸ਼ਣ ਦੇ ਮਾਮਲੇ ਵਿਚ 10 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਹੈ।

ਇਸ ਮੌਕੇ ਤਰੁਣ ਤੇਜਪਾਲ ਨੇ ਕਿਹਾ, ਅਸੀਂ ਇਸ ਫ਼ੈਸਲੇ ਤੋਂ ਬਹੁਤ ਨਿਰਾਸ਼ ਹਾਂ। ਸਾਡਾ ਮੰਨਣਾ ਹੈ ਕਿ ਮਾਮਲੇ ਵਿਚ ਸਬੂਤਾਂ ਦੀ ਸਹੀ ਢੰਗ ਨਾਲ ਕਦਰ ਨਹੀਂ ਕੀਤੀ ਗਈ ਹੈ। ਸਾਡਾ ਮੰਨਣਾ ਹੈ ਕਿ ਮੈਨੂੰ ਦਸ ਵਾਰ ਸਪੱਸ਼ਟ ਤੌਰ ’ਤੇ ਬਰੀ ਕਰਨ ਲਈ ਕਾਫ਼ੀ ਸਬੂਤ ਹਨ... ਅਸੀਂ ਇਸ ਵਿਰੁੱਧ ਸੁਪਰੀਮ ਕੋਰਟ ਵਿਚ ਅਪੀਲ ਦਾਇਰ ਕਰਾਂਗੇ... ਮੈਂ ਇਕ ਰਾਜਨੀਤਿਕ ਪੀੜਤ ਹਾਂ... ਇਹ ਰਾਜਨੀਤਿਕ ਤੌਰ ’ਤੇ ਪ੍ਰੇਰਿਤ ਹੈ...।




## ਵਿਧਾਨ ਸਭਾ ’ਚ ਸਕੂਲੀ ਬੱਚਿਆਂ ਲਈ ਵਿਸ਼ੇਸ਼ ਸਿਲੇਬਸ ਤਿਆਰ ਕਰਨ ਬਾਰੇ ਮਤਾ ਪਾਸ

**ਚੰਡੀਗੜ੍ਹ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ੁਰੂਆਤ ਦੌਰਾਨ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਵਿਧਾਇਕਾ ਸਰਵਜੀਤ ਕੌਰ ਮਾਣੂਕੇ ਤੇ ਸਵਾਲ ਦਾ ਜਵਾਬ ਦਿੰਦੀਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਗਰਾਉਂ ਸ਼ਹਿਰ ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਲਈ ਸਾਲ 202627 ਦੌਰਾਨ 12.08 ਕਰੋੜ ਰੁਪਏ ਮਨਜੂਰ ਕੀਤੇ ਹਨ ਮਨਜੂਰ ਕੀਤੇ ਹਨ। ਉਹਨਾਂ ਕਿਹਾ ਕਿ ਇਸ ਕੰਮ ਦਾ ਟੈਂਡਰ ਲਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਇਹ ਕੰਮ ਇੱਕ ਸਾਲ ਵਿੱਚ ਮੁਕੰਮਲ ਕਰਵਾਇਆ ਜਾਵੇਗਾ।

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਦੇ ਸਵਾਲ ਦਾ ਜਵਾਬ ਦਿੰਦਿਆ ਕਿਹਾ ਕਿ ਵਿਧਾਨ ਸਭਾ ਹਲਕਾ ਨਕੋਦਰ ਵਿੱਚ ਪਿੰਡ ਨੂਰਪੁਰ ਚੱਠਾ ਨੇੜੇ ਚਿੱਟੀ ਵੇਈ ਉੱਤੇ ਪੁੱਲ ਦੀ ਉਸਾਰੀ ਲਈ ਵਿਭਾਗ ਦਾ ਕੋਈ ਪ੍ਰਸਤਾਵ ਨਹੀਂ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪੇਂਡੂ ਪੁਲਾਂ ਦੀ ਉਸਾਰੀ ਪੰਜਾਬ ਮੰਡੀ ਬੋਰਡ ਵੱਲੋਂ ਕੀਤੀ ਜਾਂਦੀ ਹੈ ਜੇ ਪੰਜਾਬ ਮੰਡੀ ਬੋਰਡ ਵੱਲੋਂ ਜਲ ਸਰੋਤ ਵਿਭਾਗ ਤੋਂ ਕੋਈ ਐਨਓਸੀ ਦੀ ਮੰਗ ਕੀਤੀ ਜਾਂਦੀ ਹੈ ਤਾਂ ਇਸ ਤੇ ਬਿਨਾਂ ਕਿਸੇ ਦੇਰੀ ਤੋਂ ਜਾਰੀ ਕੀਤਾ ਜਾਵੇਗਾ। ਪਰ ਵਿਧਾਇਕਾਂ ਵੱਲੋਂ ਜਲ ਸਰੋਤ ਵਿਭਾਗ ਵੱਲੋਂ ਕਰਵਾਏ ਜਾਣ ਦੀ ਮੰਗ ਕਰਨ ਉੱਤੇ ਇਸ ਨੂੰ ਵਿਚਾਰਿਆ ਜਾਵੇਗਾ।

ਸਕੂਲੀ ਬੱਚਿਆਂ ਲਈ ਵਿਸ਼ੇਸ਼ ਸਿਲੇਬਸ ਤਿਆਰ ਕਰਨ ਬਾਰੇ ਮਤਾ ਪਾਸ

ਵਿਧਾਇਕ ਜਗਰੂਪ ਸਿੰਘ ਗਿੱਲ ਨੇ ਸਰਕਾਰੀ ਕਾਰੋਬਾਰ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਸਾਲ 2026-27 ਦੀ ਰਿਪੋਰਟ ਪੇਸ਼ ਕਰਦਿਆਂ ਅਹਿਮ ਖੁਲਾਸੇ ਕੀਤੇ। ਉਨ੍ਹਾਂ ਰਿਪੋਰਟ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਪੰਜਾਬ ਦੀਆਂ ਜੇਲ੍ਹਾਂ ਚ ਨਸ਼ਾ ਛੁਡਾਉਣ ਵਾਲੀ ਗੋਲੀ (ਜੀਭ ਵਾਲੀ ਗੋਲੀ ) ਦੀ ਲਾਗਤ 8 ਗੁਣਾ ਵੱਧ ਗਈ ਹੈ। ਸਾਲ 2022 ’ਚ ਜੇਲ੍ਹਾਂ ’ਚ 1.17 ਕਰੋੜ ਗੋਲੀਆਂ ਦੀ ਸਪਲਾਈ ਹੋਈ ਸੀ, ਜੋ ਕਿ ਸਾਲ 2026 ਚ ਵੱਧ ਕੇ ਲਾਗਤ 8.87 ਕਰੋੜ ਗੋਲੀਆਂ ਤੱਕ ਪਹੁੰਚ ਗਈ ਹੈ । ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਿਹਤ ਵਿਭਾਗ ਨੇ ਸਮੁੱਚੇ ਸੂਬੇ ਲਈ ਸਾਲ 2022 ਚ 7 ਕਰੋੜ ਨਸ਼ਾ ਛਡਾਊ ਗੋਲੀ ਦੀ ਖਰੀਦ ਕੀਤੀ ਗਈ ਅਤੇ ਸਾਲ 2025 ਚ 11 ਕਰੋੜ ਗੋਲੀਆਂ ਦੀ ਖਰੀਦ ਕੀਤੀ ਗਈ। ਲੰਘੇ ਸਾਢੇ ਚਾਰ ਸਾਲਾਂ ਵਿੱਚ ਪੰਜਾਬ ਚ 43.44 ਕਰੋੜ ਗੋਲੀ ਦੀ ਖਰੀਦ ਹੋਈ ਹੈ ।

**ਕੁੜੀਆਂ ਬਾਰੇ ਵਰਤੀ ਭਾਸ਼ਾ ਨੂੰ ਲੈ ਕੇ ਮਾਫ਼ੀ ਮੰਗਣ ਅਸ਼ਵਨੀ ਸ਼ਰਮਾ: ਅਮਨ ਅਰੋੜਾ**

ਕੈਬਿਨੇਟ ਮੰਤਰੀ ਅਮਨ ਅਰੋੜਾ ਨੇ ਸਦਨ ’ਚ ਭਾਜਪਾ ਵਿਧਾਇਕ ਅਸ਼ਵਨੀ ਸ਼ਰਮਾ ਨੂੰ ਕੁੜੀਆਂ ਬਾਰੇ ਵਰਤੀ ਭਾਸ਼ਾ ਨੂੰ ਲੈ ਕੇ ਮਾਫ਼ੀ ਮੰਗਣ ਲਈ ਕਿਹਾ। ਦੱਸਣਯੋਗ ਹੈ ਕਿ ਅਸ਼ਵਨੀ ਸ਼ਰਮਾ ਨੇ ਕੇਂਦਰੀ ਵਿਤਕਰੇ ਦੇ ਇਲਜਾਮਾਂ ਦੇ ਜਵਾਬ ਵਿੱਚ ਕਿਹਾ ਸੀ ਕਿ ਜੇ ਕਿਸੇ ਦੇ ਘਰ ਕੁੜੀ ਵੀ ਜੰਮ ਪਵੇ ਤਾਂ ਵੀ ਕੇਂਦਰ ਨੂੰ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ, ਪਰ ਮੁੰਡਾ ਜੰਮਣ ’ਤੇ ਸਿਹਰਾ ਖ਼ੁਦ ਲੈ ਲਿਆ ਜਾਂਦਾ ਹੈ। ਇਸ ’ਤੇ ਅਮਨ ਅਰੋੜਾ ਨੇ ਕਿਹਾ ਕਿ ਅਸ਼ਵਨੀ ਸ਼ਰਮਾ ਦੀ ਮਾਨਸਿਕਤਾ ਵਿਤਕਰੇ ਵਾਲੀ ਹੈ। ਦੂਜੇ ਪਾਸੇ ਕਾਂਗਰਸ ਦੇ ਮੈਂਬਰਾਂ ਨੇ ਗੈਰ ਕਾਨੂੰਨੀ ਮਾਈਨਿੰਗ ਦੇ ਮੁੱਦੇ ਤੇ ਸਪੀਕਰ ਦੀ ਵੈੱਲ ਚ ਜਾ ਕੇ ਇਤਰਾਜ਼ ਜਤਾਇਆ ਗਿਆ, ਜਿਸ ਉਪਰੰਤ ਕਾਂਗਰਸ ਵੱਲੋਂ ਗੈਰ ਕਾਨੂੰਨੀ ਮਾਈਨਿੰਗ ਮਾਮਲੇ ’ਤੇ ਹਾਊਸ ਕਮੇਟੀ ਬਣਾਏ ਜਾਣ ਦੀ ਮੰਗ ਨੂੰ ਲੈ ਵਾਕਆਊਟ

ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਭਾਖੜਾ ਡੈਮ ਬਾਰੇ ਤੱਥ ਪੇਸ਼ ਕਰਦਿਆਂ ਕਿਹਾ ਕਿ ਡੈਮ ਦੇ ਝੁਕਣ ਨਾਲ ਪੰਜਾਬ ਨੂੰ ਕੋਈ ਖ਼ਤਰਾ ਨਹੀਂ ਹੈ। ਉਨ੍ਹਾਂ ਕਿਹਾ ਹੁਣ ਤੱਕ ਪਾਣੀ ਦੇ ਪ੍ਰੈਸ਼ਰ ਨਾਲ ਡੈਮ 25 ਵਾਰ ਝੁੱਕ ਚੁੱਕਿਆ ਹੈ । ਉਨ੍ਹਾਂ ਇਹ ਵੀ ਦੱਸਿਆ ਪਾਣੀ ਦਾ ਪ੍ਰੈਸ਼ਰ ਘਟਣ ਮਗਰੋਂ ਡੈਮ ਮੁੜ ਆਪਣੀ ਪੁਰਾਣੀ ਪੋਜੀਸ਼ਨ ’ਚ ਆ ਜਾਂਦਾ ਹੈ। ਬਰਿੰਦਰ ਕੁਮਾਰ ਗੋਇਲ ਨੇ ਅੱਜ ਮਾਈਨਿੰਗ ਦੇ ਹਵਾਲੇ ਨਾਲ ਦੱਸਿਆ ਕਿ ਪੰਜਾਬ ’ਚ 1986 ਚ ਸੋਨੇ ਦੇ ਭੰਡਾਰ ਮਿਲੇ ਸਨ, ਪਰ ਮੌਕੇ ਦੀਆਂ ਸਰਕਾਰਾਂ ਨੇ ਇਸ ਪਾਸੇ ਧਿਆਨ ਨਹੀਂ ਦਿੱਤਾ।

ਇਸ ਉਪਰੰਤ ਕੇਂਦਰੀ ਵਿਤਕਰੇ ਨੂੰ ਲੈ ਕੇ ਵਿੱਤ ਮੰਤਰੀ ਹਰਪਾਲ ਚੀਮਾ ਅਤੇ ਭਾਜਪਾ ਵਿਧਾਇਕ ਆਪਸ ਵਿੱਚ ਭਿੜ ਗਏ।

ਸਿਫਰ ਕਾਲ ਦੌਰਾਨ ਆਜ਼ਾਦ ਉਮੀਦਵਾਰ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਕਿਹਾ ਪਿੰਡਾਂ ਨੇੜੇ ਢਾਣੀਆ ’ਚ ਰਹਿੰਦੇ ਲੋਕਾਂ ਨੂੰ ਹਿਫ਼ਾਜ਼ਤ ਲਈ ਅਸਲਾ ਲਾਇਸੈਂਸ ਜਾਰੀ ਕੀਤੇ ਜਾਣ।

## ਧਰਨੇ ਪ੍ਰਦਰਸ਼ਨਾਂ ਦੇ ਰੂਪ ਵਿੱਚ ਸਾਹਮਣੇ ਆ ਰਹੀ ਹੈ ਨੌਜਵਾਨਾਂ ਦੀ ਨਿਰਾਸ਼ਾ: ਸੁਖਬੀਰ ਬਾਦਲ

**ਪਟਿਆਲਾ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਅਕਾਲੀ ਦਲ ਤੋਂ ਬਿਨਾਂ ਹੋਰ ਕਿਸੇ ਵੀ ਪਾਰਟੀ ਦੀ ਸਰਕਾਰ ’ਤੇ ਨੌਜਵਾਨਾਂ ਦੀਆਂ ਇੱਛਾਵਾਂ ਪੂਰੀਆਂ ਨਾ ਕਰਨ ਦੇ ਦੋਸ਼ ਲਾਉਂਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਹੈ ਕਿ ਨੌਜਵਾਨਾਂ ਦੀ ਨਿਰਾਸ਼ਾ ਹੁਣ ਧਰਨੇ-ਪ੍ਰਦਰਸ਼ਨਾਂ ਦੇ ਰੂਪ ਵਿੱਚ ਸਾਹਮਣੇ ਆ ਰਹੀ ਹੈ। ਉਹ ਅੱਜ ਇੱਥੇ ਪੰਜਾਬੀ ਯੂਨੀਵਰਸਿਟੀ ਵਿਖੇ ਐੱਸ.ਓ.ਆਈ. ਵੱਲੋਂ ਫਾਰਮੇਸੀ ਪੇਪਰ ਲੀਕ ਦੇ ਵਿਰੋਧ ਵਿੱਚ ਕੀਤੇ ਗਏ ਰੋਸ ਮੁਜ਼ਾਹਰੇ ਨੂੰ ਸੰਬੋਧਨ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਦਾ ਅਸਲ ਸਰਮਾਇਆ ਹਨ, ਪਰ ਮੌਜੂਦਾ ਹਕੂਮਤਾਂ ਇਨ੍ਹਾਂ ਨੂੰ ਸੰਭਾਲਣ ਵਿੱਚ ਨਾਕਾਮ ਰਹੀਆਂ ਹਨ, ਜੋ ਕਿ ਵੱਡੀ ਚਿੰਤਾ ਦਾ ਵਿਸ਼ਾ ਹੈ। ਐੱਸ.ਓ.ਆਈ. ਦੇ ਸੂਬਾ ਪ੍ਰਧਾਨ ਰਣਬੀਰ ਸਿੰਘ ਰਾਣਾ ਦੀ ਅਗਵਾਈ ਹੇਠ ਕੀਤੇ ਗਏ ਇਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਸੁਖਬੀਰ ਬਾਦਲ ਨੇ ਕਿਹਾ ਕਿ ਅੱਜ ਅਮਰੀਕਾ ਅਤੇ ਚੀਨ ਖੇਡਾਂ ਵਿੱਚ ਮੋਹਰੀ ਹਨ, ਪਰ ਅਸੀਂ ਆਪਣੇ ਨੌਜਵਾਨਾਂ ਨੂੰ ਅੱਗੇ ਵਧਾਉਣ ਲਈ ਕੋਈ ਕੋਸ਼ਿਸ਼ ਨਹੀਂ ਕੀਤੀ। ਲੋਕਾਂ ਨੇ ਆਪਣੇ ਬੱਚਿਆਂ ਨੂੰ ਕੋਚਿੰਗ ਦੇਣ ਲਈ ਲੱਖਾਂ ਰੁਪਏ ਖਰਚ ਕੀਤੇ ਹਨ, ਪਰ ਪੇਪਰ ਲੀਕ ਹੋਣ ਕਾਰਨ ਵਿਦਿਆਰਥੀਆਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ ਅਤੇ ਉਨ੍ਹਾਂ ਦੀ ਇਹੀ ਨਿਰਾਸ਼ਾ ਹੁਣ ਵਿਰੋਧ ਪ੍ਰਦਰਸ਼ਨਾਂ ਰਾਹੀਂ ਬਾਹਰ ਆ ਰਹੀ ਹੈ।

ਬਾਦਲ ਨੇ ਅੱਗੇ ਕਿਹਾ ਕਿ ਮੌਜੂਦਾ ਸਰਕਾਰ ਹਰ ਖੇਤਰ ਵਿੱਚ ਫੇਲ੍ਹ ਸਾਬਤ ਹੋਈ ਹੈ, ਜਦਕਿ ਅਕਾਲੀ ਦਲ ਦੀ ਸਰਕਾਰ ਨੇ ਨੌਕਰੀਆਂ, ਪੈਨਸ਼ਨਾਂ, ਸਿੱਖਿਆ, ਉਦਯੋਗ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਸਭ ਤੋਂ ਵਧੀਆ ਕੰਮ ਕੀਤਾ ਸੀ। ਪਿਛਲੇ 10 ਸਾਲਾਂ ਵਿੱਚ ਪੰਜਾਬ ਵਿੱਚ ਨਾ ਤਾਂ ਕੋਈ ਨਵੀਂ ਯੂਨੀਵਰਸਿਟੀ ਖੁੱਲ੍ਹੀ ਹੈ ਅਤੇ ਨਾ ਹੀ ਕੋਈ ਉਦਯੋਗ ਆਇਆ ਹੈ। ਬਾਕੀ ਪਾਰਟੀਆਂ ਦਿੱਲੀ ਤੋਂ ਨਿਰਦੇਸ਼ ਲੈਂਦੀਆਂ ਹਨ ਅਤੇ ਅਸਲ ਵਿੱਚ ਭਗਵੰਤ ਮਾਨ ਨਹੀਂ ਸਗੋਂ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਹਨ। ਇਸ ਸਰਕਾਰ ਵਿੱਚ ਆਮ ਆਦਮੀ ਦੀ ਕੋਈ ਸੁਣਵਾਈ ਨਹੀਂ ਹੁੰਦੀ ਅਤੇ ਜੇ ਕੋਈ ਆਪਣਾ ਹੱਕ ਮੰਗਦਾ ਹੈ ਤਾਂ ਉਸ ਦੀ ਕੁੱਟਮਾਰ ਕੀਤੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਦੂਜੀਆਂ ਸਿਆਸੀ ਪਾਰਟੀਆਂ ਲੋਕਾਂ ਨੂੰ ਜਾਤ ਅਤੇ ਧਰਮ ਦੇ ਨਾਮ ’ਤੇ ਵੰਡਦੀਆਂ ਹਨ, ਜਦੋਂ ਕਿ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਨੇ ਸ੍ਰੀ ਦਰਬਾਰ ਸਾਹਿਬ ਦੀ ਹੈਰੀਟੇਜ ਸਟ੍ਰੀਟ, ਮੰਦਰਾਂ ਅਤੇ ਭਗਵਾਨ ਵਾਲਮੀਕਿ ਜੀ ਦੀ ਯਾਦਗਾਰ ’ਤੇ ਪੈਸਾ ਖਰਚ ਕੀਤਾ ਸੀ। ਅਕਾਲੀ ਸਰਕਾਰ ਨੇ ਹੀ ਥਰਮਲ ਪਲਾਂਟ ਲਗਾ ਕੇ ਪੰਜਾਬ ਨੂੰ ਬਿਜਲੀ ਸਰਪਲੱਸ ਸੂਬਾ ਬਣਾਇਆ ਸੀ।

## ਕੁਆਲੀਫਾਈਡ ਵਿਦਿਆਰਥੀਆਂ ਤੇ ਅਧਿਆਪਕਾਂ ਦਾ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਵੱਲੋ ਕੀਤਾ ਸਨਮਾਨ



**ਚੰਡੀਗੜ੍ਹ 6 ਅਗਸਤ**
**-ਛਤਰਪਾਲ ਸਿੰਘ-**

ਜ਼ਿਲ੍ਹਾ ਸਿੱਖਿਆ ਅਫ਼ਸਰ ਪਟਿਆਲਾ ਸ਼ਾਲੂ ਮਹਿਰਾ ਨੇ ਸਫ਼ਲ ਵਿਦਿਆਰਥੀਆਂ,ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਸਰਟੀਫਿਕੇਟ ਦੇ ਕੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ।ਉਹਨਾਂ ਇਸ ਉਪਲਬਧੀ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ, ਮਾਪਿਆਂ ਦੇ ਸਹਿਯੋਗ ਅਤੇ ਅਧਿਆਪਕਾਂ ਦੀ ਸੁਚੱਜੀ ਅਗਵਾਈ ਨੂੰ ਦਿੱਤਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਦੀ ਤਿਆਰੀ ਅਤੇ ਮਾਰਗਦਰਸ਼ਨ ਵਿੱਚ ਸਾਇੰਸ ਪੀ ਡੀ ਐਮ, ਜਿਲ੍ਹਾ ਨੋਡਲ ਲੈਕਚਰਾਰ, ਸਕੂਲ ਪ੍ਰਿੰਸੀਪਲਾਂ, ਕੀਅ ਰੀਸੋਰਸ ਪਰਸਨ, ਸਾਥੀ ਟੀਮ ਅਤੇ ਸਾਇੰਸ ਲੈਕਚਰਾਰ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ। ਉਹਨਾਂ ਵਿਸ਼ੇਸ ਤੌਰ ਤੇ ਜਿਲ੍ਹੇ ਦੇ ਪੀਡੀਐਮ ਸੰਦੀਪ ਕੁਮਾਰ, ਮਨਦੀਪ ਕੌਰ ਅੰਟਾਲ,ਸੁਧੀਰ ਕੁਮਾਰ,ਦੀਪਕ ਕੁਮਾਰ ਅਤੇ ਜਿਲ੍ਹਾ ਨੋਡਲ ਲੈਕਚਰਾਰ ਦੌਲਤ ਰਾਮ ਨੂੰ ਵੀ ਸਨਮਾਨਿਤ ਕੀਤਾ। ਇਸ ਪ੍ਰੀਖਿਆ ਦੀ ਤਿਆਰੀ ਵਿਚ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਦੋ ਕੀਅ ਰੀਸੋਰਸ ਪਰਸਨ ਪ੍ਰਿਆ ਕੋਹਲੀ ਸਨੌਰ ਮੁੰਡੇ, ਰਾਜਦੀਪ ਕੌਰ ਐਨਪੀਸੀ ਪਟਿਆਲਾ,ਚਾਰ ਐਸਪੀਓਸੀ ਅਲਪਨਾ ਗੋਇਲ,ਮੰਜੂ ਬਾਲਾ, ਮਨਜੀਤ ਕੌਰ ,ਸੰਦੀਪ ਕੌਰ ਅਤੇ ਅੱਠ ਐਸ ਓ ਈ ਸਕੂਲਾਂ ਦੇ ਨੋਡਲ ਲੈਕਚਰਾਰ ਦਾ ਸਨਮਾਨ ਵੀ ਕੀਤਾ ਗਿਆ।

ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਪਟਿਆਲਾ ਡਾ. ਰਵਿੰਦਰਪਾਲ ਸਿੰਘ ਨੇ ਸਫਲ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੇ ਮੈਰਿਟ ਅੰਕਾ ਬਾਰੇ ਜਾਣਕਾਰੀ ਲਈ, ਉਨ੍ਹਾਂ ਅਗਲੇ ਸਾਲ ਐਸ ਗਿਣਤੀ ਨੂੰ 150 ਤੋਂ ਪਾਰ ਹੋਣ ਲਈ ਅਧਿਆਪਕਾਂ ਨੂੰ ਪ੍ਰੇਰਿਤ ਕੀਤਾ।

## ਚੋਣ ਕਮਿਸ਼ਨ ਦੀ SIR ਜਾਂਚ ’ਚ ਵੱਡਾ ਖੁਲਾਸਾ: ਪੰਜਾਬ ਦੀ ਵੋਟਰ ਲਿਸਟ ’ਚ ਲੱਖਾਂ ਐਂਟਰੀਆਂ ਦੀ ਹੋਈ ਜਾਂਚ

**ਚੰਡੀਗੜ੍ਹ, 6 ਅਗਸਤ**
**-ਜੀ. ਐਸ. ਤੁੰਗ-**



ਪੰਜਾਬ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਗਹਿਨ ਸੁਧਾਈ ਦੇ ਪਹਿਲੇ ਪੜਾਅ ਦੀ ਮਿਆਦ ਪੂਰੀ ਹੋਣ ਤੋਂ ਬਾਅਦ ਚੋਣ ਕਮਿਸ਼ਨ ਪੰਜਾਬ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਨੇ ਕਈ ਅਹਿਮ ਤੱਥ ਸਾਹਮਣੇ ਰੱਖੇ ਹਨ। ਸੂਬੇ ਭਰ ਵਿੱਚ ਘਰ-ਘਰ ਜਾ ਕੇ ਕੀਤੀ ਗਈ ਜਾਂਚ ਅਤੇ ਵੋਟਰਾਂ ਦੀ ਤਸਦੀਕ ਦੌਰਾਨ ਵੱਡੀ ਗਿਣਤੀ ਵਿੱਚ ਅਜਿਹੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਫਾਰਮ ਵਾਪਸ ਨਾ ਆਉਣਾ, ਮ੍ਰਿਤਕ ਵੋਟਰਾਂ ਦੇ ਨਾਮ, ਡਬਲ ਐਂਟਰੀਆਂ ਅਤੇ ਟਰੇਸ ਨਾ ਹੋ ਸਕਣ ਵਾਲੇ ਵੋਟਰ ਸ਼ਾਮਲ ਹਨ।

ਚੋਣ ਕਮਿਸ਼ਨ ਵੱਲੋਂ ਜਾਰੀ ਕੀਤੀ ਜਾਣਕਾਰੀ ਅਨੁਸਾਰ ਕਰੀਬ 20 ਲੱਖ ਵੋਟਰਾਂ ਦੇ ਫਾਰਮ ਅਜੇ ਤੱਕ ਵਾਪਸ ਪ੍ਰਾਪਤ ਨਹੀਂ ਹੋਏ ਹਨ। ਇਸ ਤੋਂ ਇਲਾਵਾ 12 ਲੱਖ ਵੋਟਰਾਂ ਦੀ ਮੈਪਿੰਗ ਨਹੀਂ ਹੋ ਸਕੀ, ਜਿਸ ਕਾਰਨ ਉਨ੍ਹਾਂ ਦੀ ਤਸਦੀਕ ਦਾ ਕੰਮ ਅਜੇ ਬਾਕੀ ਹੈ। ਵੇਰੀਫਿਕੇਸ਼ਨ ਦੌਰਾਨ 5 ਲੱਖ 74 ਹਜ਼ਾਰ ਵੋਟਰ ਮ੍ਰਿਤਕ ਪਾਏ ਗਏ, ਜਿਨ੍ਹਾਂ ਦੇ ਨਾਮ ਹਾਲੇ ਵੀ ਵੋਟਰ ਸੂਚੀ ਵਿੱਚ ਦਰਜ ਸਨ। ਇਸ ਦੇ ਨਾਲ ਹੀ 1 ਲੱਖ 19 ਹਜ਼ਾਰ 145 ਡਬਲ ਵੋਟਾਂ ਦੀ ਪਛਾਣ ਕੀਤੀ ਗਈ ਹੈ, ਜਿੱਥੇ ਇੱਕੋ ਵਿਅਕਤੀ ਦਾ ਨਾਮ ਇੱਕ ਤੋਂ ਵੱਧ ਥਾਵਾਂ ’ਤੇ ਦਰਜ ਮਿਲਿਆ। ਚੋਣ ਕਮਿਸ਼ਨ ਨੇ ਇਹ ਵੀ ਦੱਸਿਆ ਕਿ 4 ਲੱਖ 12 ਹਜ਼ਾਰ 715 ਵੋਟਰਾਂ ਦਾ ਕੋਈ ਪਤਾ ਨਹੀਂ ਲੱਗ ਸਕਿਆ, ਜਿਸ ਕਾਰਨ ਉਨ੍ਹਾਂ ਨੂੰ ਫਿਲਹਾਲ ÷ਟਰੇਸ ਨਹੀਂ ਹੋਏ÷ ਦੀ ਸ਼੍ਰੇਣੀ ਵਿੱਚ ਰੱਖਿਆ ਗਿਆ ਹੈ।

13 ਅਗਸਤ ਨੂੰ ਜਾਰੀ ਹੋਵੇਗੀ ਵੋਟਰ ਸੂਚੀ

ਚੋਣ ਕਮਿਸ਼ਨ ਪੰਜਾਬ ਨੇ ਜਾਣਕਾਰੀ ਦਿੱਤੀ ਹੈ ਕਿ 13 ਅਗਸਤ ਨੂੰ ਵਿਸ਼ੇਸ਼ ਸੁਧਾਈ ਤੋਂ ਬਾਅਦ ਦੀ ਡਰਾਫਟ ਵੋਟਰ ਸੂਚੀ ਜਾਰੀ ਕੀਤੀ ਜਾਵੇਗੀ। ਇਸ ਤੋਂ ਬਾਅਦ ਵੋਟਰ ਆਪਣੇ ਨਾਮ ਦੀ ਜਾਂਚ ਕਰ ਸਕਣਗੇ ਅਤੇ ਜੇਕਰ ਕਿਸੇ ਨਾਮ ਵਿੱਚ ਗਲਤੀ, ਕਟੌਤੀ ਜਾਂ ਕੋਈ ਹੋਰ ਇਤਰਾਜ਼ ਹੋਵੇ ਤਾਂ ਨਿਰਧਾਰਿਤ ਸਮੇਂ ਦੌਰਾਨ ਦਾਅਵੇ ਅਤੇ ਇਤਰਾਜ਼ ਦਰਜ ਕਰਵਾ ਸਕਣਗੇ। ਚੋਣ ਕਮਿਸ਼ਨ ਦਾ ਕਹਿਣਾ ਹੈ ਕਿ ਵਿਸ਼ੇਸ਼ ਗਹਿਨ ਸੁਧਾਈ ਦਾ ਮਕਸਦ ਵੋਟਰ ਸੂਚੀ ਨੂੰ ਹੋਰ ਸਹੀ, ਪਾਰਦਰਸ਼ੀ ਅਤੇ ਅਪਡੇਟ ਬਣਾਉਣਾ ਹੈ, ਤਾਂ ਜੋ ਮ੍ਰਿਤਕ, ਡਬਲ ਜਾਂ ਅਯੋਗ ਵੋਟਰਾਂ ਦੇ ਨਾਮ ਹਟਾਏ ਜਾ ਸਕਣ ਅਤੇ ਸਿਰਫ਼ ਯੋਗ ਵੋਟਰਾਂ ਦੇ ਨਾਮ ਹੀ ਸੂਚੀ ਵਿੱਚ ਸ਼ਾਮਲ ਰਹਿਣ।

**ਯੁਵਾ ਸ਼ਕਤੀ ਵਿਕਸਿਤ ਭਾਰਤ ਅਤੇ ਵਿਕਸਿਤ ਹਰਿਆਣਾ ਦੀ ਸਭ ਤੋਂ ਵੱਡੀ ਤਾਕਤ, ਪਾਰਦਰਸ਼ੀ ਵਿਵਸਥਾ ਨਾਲ ਨੌਜਵਾਨਾਂ ਦੇ ਸੁਪਨਿਆਂ ਨੂੰ ਮਿਲ ਰਹੀ ਨਵੀਂ ਉਡਾਣ**

## ਮੁੱਖ ਮੰਤਰੀ ਨੇ ਸੋਨੀਪਤ ਵਿੱਚ ਨੌਜਵਾਨਾਂ ਨਾਲ ਕੀਤਾ ਸੰਵਾਦ, ਕਿਹਾ: ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਿਸੇ ਤਪੱਸਿਆ ਤੋਂ ਘੱਟ ਨਹੀਂ ਹੁੰਦੀ

**ਚੰਡੀਗੜ੍ਹ 6 ਅਗਸਤ**
**-ਛਤਰਪਾਲ ਸਿੰਘ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਨੌਜਵਾਨ ਸੁਪਨੇ ਦੇਖਣਾ ਕਦੇ ਬੰਦ ਨਾ ਕਰਨ। ਸੁਪਨੇ ਸੁੱਤੇ ਹੋਏ ਨਹੀਂ, ਸਗੋਂ ਜਾਗਦੇ ਹੋਏ ਦੇਖਣ। ਉਨ੍ਹਾਂ ਸੁਪਨਿਆਂ ਨੂੰ ਸਾਕਾਰ ਕਰਨ ਲਈ ਹੁਣ ਸਿਰਫ ਤੁਹਾਡਾ ਹੌਸਲਾ ਹੀ ਨਹੀਂ, ਸਗੋਂ ਤੁਹਾਡੀ ਆਪਣੀ ਸਰਕਾਰ ਵੀ ਤੁਹਾਡੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਅਸੀਂ ਕਿਸੇ ਵੀ ਨੌਜਵਾਨ ਦੇ ਸੁਪਨਿਆਂ ਨੂੰ ਦੱਬਣ ਨਹੀਂ ਦੇਵਾਂਗੇ। ਹਰਿਆਣਾ ਸਰਕਾਰ ਨੌਜਵਾਨਾਂ ਨੂੰ ਪਾਰਦਰਸ਼ੀ ਵਿਵਸਥਾ, ਸਮਾਨ ਮੌਕੇ ਅਤੇ ਬਿਨਾਂ ਪਰਚੀ ਬਿਨਾਂ ਖਰਚੀ ਦੀ ਭਰਤੀ ਪ੍ਰਣਾਲੀ ਰਾਹੀਂ ਅੱਗੇ ਵਧਾਉਣ ਲਈ ਪੂਰੀ ਵਚਨਬੱਧਤਾ ਨਾਲ ਕਾਰਜ ਕਰ ਰਹੀ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੀਰਵਾਰ ਨੂੰ ਸੋਨੀਪਤ ਵਿੱਚ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਨੌਜਵਾਨਾਂ ਨੂੰ ਸੰਬੋਧਿਤ ਕਰ ਰਹੇ ਸਨ। ÷ਛਾਤਰ ਸੰਵਾਦ ਮੁੱਖ ਮੰਤਰੀ ਦੇ ਨਾਲ÷ ਤਹਿਤ ਆਯੋਜਿਤ ਇਸ ਪ੍ਰੋਗਰਾਮ ਵਿੱਚ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਵੀ ਸਟੂਡੈਂਟਸ ਲਾਈਵ ਜੁੜੇ ਸਨ। ਇਸ ਦੌਰਾਨ ਆਈ.ਸੀ.ਐਸ. ਸੈਂਟਰ ਦੇ ਸੰਸਥਾਪਕ ਸ੍ਰੀ ਪਰਿਮਲ ਕੁਮਾਰ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਸਵਾਗਤ ਕੀਤਾ।

ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਦੋਂ ਉਹ ਨੌਜਵਾਨਾਂ ਵੱਲ ਦੇਖਦੇ ਹਨ ਤਾਂ ਉਨ੍ਹਾਂ ਨੂੰ ਵਿਕਸਿਤ ਭਾਰਤ ਅਤੇ ਵਿਕਸਿਤ ਹਰਿਆਣਾ ਦਾ ਉੱਜਵਲ ਭਵਿੱਖ ਦਿਖਾਈ ਦਿੰਦਾ ਹੈ। ਅੱਜ ਪੂਰੀ ਦੁਨੀਆ ਭਾਰਤ ਨੂੰ ਸਿਰਫ ਇੱਕ ਵੱਡਾ ਬਾਜ਼ਾਰ ਨਹੀਂ, ਸਗੋਂ ਨਵੀਆਂ ਸੰਭਾਵਨਾਵਾਂ ਅਤੇ ਵਿਸ਼ਵ ਦੀ ਅਗਵਾਈ ਕਰਨ ਵਾਲੀ ਯੁਵਾ ਸ਼ਕਤੀ ਵਜੋਂ ਦੇਖ ਰਹੀ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਵਿਸ਼ਵ ਦੀ ਸਭ ਤੋਂ ਯੁਵਾ ਆਬਾਦੀ ਦੀ ਤਾਕਤ ਨਾਲ ਅੱਗੇ ਵਧ ਰਿਹਾ ਹੈ ਅਤੇ ਇਹੀ ਸ਼ਕਤੀ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਿਸੇ ਤਪੱਸਿਆ ਤੋਂ ਘੱਟ ਨਹੀਂ ਹੁੰਦੀ। ਨੌਜਵਾਨ ਦਿਨ-ਰਾਤ ਮਿਹਨਤ ਕਰਦੇ ਹਨ, ਮੁਸ਼ਕਿਲ ਹਾਲਾਤਾਂ ਦਾ ਸਾਹਮਣਾ ਕਰਦੇ ਹਨ ਅਤੇ ਅਨੇਕਾਂ ਸਮਾਜਿਕ ਦਬਾਅ ਵਿਚਕਾਰ ਆਪਣੇ ਟੀਚੇ ਲਈ ਨਿਰੰਤਰ ਯਤਨ ਕਰਦੇ ਹਨ। ਸਰਕਾਰ ਉਨ੍ਹਾਂ ਦੀ ਇਸ ਮਿਹਨਤ ਅਤੇ ਸੰਘਰਸ਼ ਦਾ ਸਨਮਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਭਰਤੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਬਣਾਇਆ ਗਿਆ ਹੈ। ਹਰਿਆਣਾ ਵਿੱਚ ਅੱਜ ਨੌਜਵਾਨਾਂ ਨੂੰ ਬਿਨਾਂ ਪਰਚੀ ਅਤੇ ਬਿਨਾਂ ਖਰਚੀ ਦੇ ਸਰਕਾਰੀ ਨੌਕਰੀਆਂ ਮਿਲੀਆਂ ਹਨ। ਇਸ ਵਿਵਸਥਾ ਦੀ ਸ਼ਲਾਘਾ ਖੁਦ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੀ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਤਰਜੀਹ ਹੈ ਕਿ ਕਿਸੇ ਵੀ ਯੋਗ ਨੌਜਵਾਨ ਨੂੰ ਨੌਕਰੀ ਲਈ ਸਿਫ਼ਾਰਸ਼ ਜਾਂ ਪੈਸੇ ਦਾ ਸਹਾਰਾ ਨਾ ਲੈਣਾ ਪਵੇ।

**ਸਿੱਖਿਆ ਵਿਵਸਥਾ ਨੂੰ ਲੈ ਕੇ ਚੁੱਕੇ ਗਏ ਕਦਮਾਂ ਦਾ ਕੀਤਾ ਵਰਨਣ**

ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲਿਆਂ ਖਿਲਾਫ ਸਰਕਾਰ ਨੇ ਸਖ਼ਤ ਰੁਖ ਅਪਣਾਇਆ ਹੈ। ਪੇਪਰ ਲੀਕ ਵਰਗੀਆਂ ਘਟਨਾਵਾਂ ’ਤੇ ਰੋਕ ਲਗਾਉਣ ਲਈ ਸਖ਼ਤ ਕਾਨੂੰਨ ਬਣਾਏ ਗਏ ਹਨ ਅਤੇ ਦੋਸ਼ੀਆਂ ਖ਼ਿਲਾਫ਼ ਸਖਤ ਕਾਰਵਾਈ ਯਕੀਨੀ ਬਣਾਏ ਜਾ ਰਹੀ ਹੈ ਤਾਂ ਜੋ ਮਿਹਨਤੀ ਉਮੀਦਵਾਰਾਂ ਦਾ ਭਵਿੱਖ ਸੁਰੱਖਿਅਤ ਰਹਿ ਸਕੇ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਵੀ ਹਰਿਆਣਾ ਲਗਾਤਾਰ ਨਵੀਆਂ ਪ੍ਰਾਪਤੀਆਂ ਹਾਸਲ ਕਰ ਰਿਹਾ ਹੈ। ਧੀਆਂ ਲਈ ਵਿਸ਼ੇਸ਼ ਤੌਰ ’ਤੇ ਕਦਮ ਚੁੱਕੇ ਗਏ ਹਨ, ਇਸ ਲਈ ਪੋਸਟ ਗਰੈਜੂਏਟ ਤੱਕ ਸਿੱਖਿਆ ਦੀ ਵਿਵਸਥਾ ਸਰਕਾਰੀ ਪੱਧਰ ’ਤੇ ਕੀਤੀ ਗਈ ਹੈ। ਨਾਲ ਹੀ ਸੂਬੇ ਵਿੱਚ ਹਰ 20 ਕਿਲੋਮੀਟਰ ’ਤੇ ਸਰਕਾਰੀ ਕਾਲਜ ਸਥਾਪਤ ਕੀਤੇ ਗਏ ਹਨ। ਪੀ.ਐਮ. ਸ਼੍ਰੀ ਸਕੂਲਾਂ ਦਾ ਵਿਸਤਾਰ ਕੀਤਾ ਗਿਆ ਹੈ ਤਥਾ ਸੀ.ਐਮ.ਈ.ਈ.ਈ. ਤਹਿਤ ਵੀ ਖਾਸ ਸਕੂਲਾਂ ਦੀ ਵਿਵਸਥਾ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ’ਮਿਸ਼ਨ ਬੁਨਿਆਦ’ ਅਤੇ ’ਸੁਪਰ-100’ ਵਰਗੀਆਂ ਯੋਜਨਾਵਾਂ ਰਾਹੀਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਵਿਸ਼ੇਸ਼ ਤਿਆਰੀ ਕਰਵਾਈ ਜਾ ਰਹੀ ਹੈ। ਇਨ੍ਹਾਂ ਯੋਜਨਾਵਾਂ ਦੇ ਹਾਂਪੱਖੀ ਨਤੀਜੇ ਸਾਹਮਣੇ ਆਏ ਹਨ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਰਾਸ਼ਟਰੀ ਪੱਧਰ ਦੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਸਰਕਾਰ ਰੁਜ਼ਗਾਰ ਦੇ ਨਾਲ-ਨਾਲ ਖੇਡਾਂ, ਹੁਨਰ ਵਿਕਾਸ ਅਤੇ ਆਧੁਨਿਕ ਸਿੱਖਿਆ ’ਤੇ ਸਮਾਨ ਰੂਪ ਨਾਲ ਧਿਆਨ ਦੇ ਰਹੀ ਹੈ। ਹਰਿਆਣਾ ਦੇ ਖਿਡਾਰੀਆਂ ਅਤੇ ਨੌਜਵਾਨਾਂ ਨੇ ਕੌਮੀ ਅਤੇ ਕੌਮਾਂਤਰੀ ਪੱਧਰ ’ਤੇ ਸੂਬੇ ਦਾ ਨਾਮ ਰੋਸ਼ਨ ਕੀਤਾ ਹੈ, ਜੋ ਰਾਜ ਦੀ ਯੁਵਾ ਸ਼ਕਤੀ ਦੀ ਪ੍ਰਤਿਭਾ ਦਾ ਪ੍ਰਮਾਣ ਹੈ। ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਨਸ਼ੇ ਅਤੇ ਅਫਵਾਹਾਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਨਸ਼ਾ ਵਿਅਕਤੀ, ਪਰਿਵਾਰ ਅਤੇ ਸਮਾਜ ਤਿੰਨਾਂ ਨੂੰ ਕਮਜ਼ੋਰ ਕਰਦਾ ਹੈ। ਨੌਜਵਾਨ ਆਪਣੀ ਊਰਜਾ ਸਿੱਖਿਆ, ਹੁਨਰ ਅਤੇ ਰਾਸ਼ਟਰ ਨਿਰਮਾਣ ਵਿੱਚ ਲਗਾਉਣ। ਉਨ੍ਹਾਂ ਕਿਹਾ ਕਿ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਹਰਿਆਣਾ ਦਾ ਨੌਜਵਾਨ ਸਭ ਤੋਂ ਵੱਡੀ ਭੂਮਿਕਾ ਨਿਭਾਵੇਗਾ।

# ਸੰਪਾਦਕੀ

## ਡੈਲੀਮੀਟੇਸ਼ਨ ਲੋਕਤੰਤਰ ਤਹਿਤ ਬਰਾਬਰੀ ਦਾ ਸਿਧਾਂਤ ਜਾਂ ਸੰਘੀ ਢਾਂਚੇ ਲਈ ਚੁਣੌਤੀ ?

ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਹੈ ਅਤੇ ਇਸ ਦੀ ਸਭ ਤੋਂ ਵੱਡੀ ਤਾਕਤ ਇਸ ਦੀ ਪ੍ਰਤੀਨਿਧਿਕ ਪ੍ਰਣਾਲੀ ਹੈ। ਹਰ ਨਾਗਰਿਕ ਦੀ ਆਵਾਜ਼ ਸੰਸਦ ਅਤੇ ਵਿਧਾਨ ਸਭਾਵਾਂ ਤੱਕ ਪਹੁੰਚੇ, ਇਸੇ ਮਕਸਦ ਨਾਲ ਸੰਵਿਧਾਨ ਵਿੱਚ ਡੈਲੀਮੀਟੇਸ਼ਨ (Delimitation) ਦੀ ਵਿਵਸਥਾ ਕੀਤੀ ਗਈ ਹੈ। ਪਰ 2026 ਤੋਂ ਬਾਅਦ ਸੰਭਾਵਿਤ ਡੈਲੀਮੀਟੇਸ਼ਨ ਨੂੰ ਲੈ ਕੇ ਦੇਸ਼ ਵਿੱਚ ਇੱਕ ਗੰਭੀਰ ਸੰਵਿਧਾਨਕ ਅਤੇ ਰਾਜਨੀਤਿਕ ਚਰਚਾ ਛਿੜੀ ਹੋਈ ਹੈ। ਸਵਾਲ ਇਹ ਨਹੀਂ ਕਿ ਡੈਲੀਮੀਟੇਸ਼ਨ ਹੋਣੀ ਚਾਹੀਦੀ ਹੈ ਜਾਂ ਨਹੀਂ, ਸਗੋਂ ਇਹ ਹੈ ਕਿ ਕੀ ਇਹ ਪ੍ਰਕਿਰਿਆ ਲੋਕਤੰਤਰ ਵਿੱਚ ਬਰਾਬਰੀ ਲਿਆਵੇਗੀ ਜਾਂ ਦੇਸ਼ ਦੇ ਸੰਘੀ ਸੰਤੁਲਨ ਨੂੰ ਪ੍ਰਭਾਵਿਤ ਕਰੇਗੀ ?

ਡੈਲੀਮੀਟੇਸ਼ਨ ਦਾ ਅਰਥ ਹੈ ਲੋਕ ਸਭਾ ਅਤੇ ਵਿਧਾਨ ਸਭਾ ਹਲਕਿਆਂ ਦੀਆਂ ਹੱਦਾਂ ਅਤੇ ਸੀਟਾਂ ਦੀ ਗਿਣਤੀ ਨੂੰ ਜਨਸੰਖਿਆ ਦੇ ਆਧਾਰ ’ਤੇ ਮੁੜ ਨਿਰਧਾਰਿਤ ਕਰਨਾ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਵਧਦੀ ਜਾਂ ਘਟਦੀ ਜਨਸੰਖਿਆ ਦੇ ਅਨੁਸਾਰ ਹਰ ਨਾਗਰਿਕ ਨੂੰ ਸਮਾਨ ਪ੍ਰਤੀਨਿਧਿਤਵ ਮਿਲੇ।

ਭਾਰਤੀ ਸੰਵਿਧਾਨ ਦੇ ਆਰਟੀਕਲ 82 ਅਤੇ ਆਰਟੀਕਲ 170 ਇਸ ਪ੍ਰਕਿਰਿਆ ਦਾ ਆਧਾਰ ਹਨ। ਆਜ਼ਾਦੀ ਤੋਂ ਬਾਅਦ 1952, 1963, 1973 ਅਤੇ 2002 ਵਿੱਚ ਡੈਲੀਮੀਟੇਸ਼ਨ ਕਮਿਸ਼ਨ ਬਣਾਏ ਗਏ। ਪਰ 1976 ਵਿੱਚ 42ਵੇਂ ਸੰਵਿਧਾਨ ਸੋਧ ਰਾਹੀਂ ਲੋਕ ਸਭਾ ਅਤੇ ਵਿਧਾਨ ਸਭਾ ਦੀਆਂ ਸੀਟਾਂ ਦੀ ਗਿਣਤੀ ਨੂੰ ਜਨਸੰਖਿਆ ਦੇ ਆਧਾਰ ’ਤੇ ਬਦਲਣ ’ਤੇ ਰੋਕ ਲਗਾ ਦਿੱਤੀ ਗਈ, ਜਿਸ ਨੂੰ 84ਵੇਂ ਸੰਵਿਧਾਨ ਸੋਧ ਰਾਹੀਂ 2026 ਤੱਕ ਵਧਾਇਆ ਗਿਆ।

ਇਸ ਦਾ ਮੂਲ ਉਦੇਸ਼ ਇਹ ਸੀ ਕਿ ਜਿਨ੍ਹਾਂ ਰਾਜਾਂ ਨੇ ਪਰਿਵਾਰ ਨਿਯੋਜਨ ਨੂੰ ਸਫਲਤਾਪੂਰਵਕ ਅਪਣਾਇਆ, ਉਹਨਾਂ ਨੂੰ ਘੱਟ ਜਨਸੰਖਿਆ ਵਾਧੇ ਕਰਕੇ ਸੰਸਦ ਵਿੱਚ ਘੱਟ ਪ੍ਰਤੀਨਿਧਿਤਵ ਦੀ ਸਜ਼ਾ ਨਾ ਮਿਲੇ। ਹੁਣ ਇਹ ਮਿਆਦ ਖ਼ਤਮ ਹੋਣ ਦੇ ਨੇੜੇ ਹੈ ਅਤੇ ਇਸ ਤੋਂ ਬਾਅਦ ਡੈਲੀਮੀਟੇਸ਼ਨ ਦੀ ਸੰਭਾਵਨਾ ਨੇ ਇੱਕ ਨਵੀਂ ਚਰਚਾ ਨੂੰ ਜਨਮ ਦਿੱਤਾ ਹੈ।

ਇੱਕ ਪੱਖ ਦਾ ਤਰਕ ਹੈ ਕਿ ਲੋਕਤੰਤਰ ਦਾ ਮੂਲ ਸਿਧਾਂਤ ਇੱਕ ਵਿਅਕਤੀ, ਇੱਕ ਵੋਟ, ਇੱਕੋ ਜਿਹਾ ਪ੍ਰਤੀਨਿਧਿਤਵ ਹੈ। ਜੇਕਰ ਕਿਸੇ ਰਾਜ ਦੀ ਜਨਸੰਖਿਆ ਕਾਫ਼ੀ ਵੱਧ ਗਈ ਹੈ, ਤਾਂ ਉਸ ਨੂੰ ਉਸੇ ਅਨੁਪਾਤ ਵਿੱਚ ਸੰਸਦ ਵਿੱਚ ਸੀਟਾਂ ਮਿਲਣੀਆਂ ਚਾਹੀਦੀਆਂ ਹਨ। ਇਸ ਦ੍ਰਿਸ਼ਟੀਕੋਣ ਅਨੁਸਾਰ ਵੱਧ ਜਨਸੰਖਿਆ ਵਾਲੇ ਰਾਜਾਂ ਦੀ ਨੁਮਾਇੰਦਗੀ ਵਧਾਉਣਾ ਲੋਕਤੰਤਰਕ ਨਿਆਂ ਦਾ ਹਿੱਸਾ ਹੈ।

ਦੂਜੇ ਪਾਸੇ ਦੱਖਣੀ ਭਾਰਤ ਅਤੇ ਕੁਝ ਹੋਰ ਰਾਜਾਂ ਦੀ ਚਿੰਤਾ ਵੀ ਉਤਨੀ ਹੀ ਮਹੱਤਵਪੂਰਨ ਹੈ। ਉਹਨਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਸਾਲਾਂ ਤੱਕ ਪਰਿਵਾਰ ਨਿਯੋਜਨ, ਸਿੱਖਿਆ ਅਤੇ ਸਿਹਤ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ। ਜੇ ਹੁਣ ਕੇਵਲ ਜਨਸੰਖਿਆ ਦੇ ਆਧਾਰ ’ਤੇ ਲੋਕ ਸਭਾ ਸੀਟਾਂ ਦੀ ਮੁੜ ਵੰਡ ਕੀਤੀ ਜਾਂਦੀ ਹੈ, ਤਾਂ ਉਹਨਾਂ ਦੀ ਸੰਸਦੀ ਹਿੱਸੇਦਾਰੀ ਘਟ ਸਕਦੀ ਹੈ, ਜਦਕਿ ਵੱਧ ਜਨਸੰਖਿਆ ਵਾਲੇ ਰਾਜਾਂ ਦਾ ਪ੍ਰਭਾਵ ਵਧ ਸਕਦਾ ਹੈ। ਇਸ ਨਾਲ ਸੰਘੀ ਢਾਂਚੇ ਦੇ ਸੰਤੁਲਨ ਅਤੇ ਰਾਜਾਂ ਵਿਚਕਾਰ ਰਾਜਨੀਤਿਕ ਸਮਾਨਤਾ ਬਾਰੇ ਨਵੇਂ ਸਵਾਲ ਖੜ੍ਹੇ ਹੋ ਸਕਦੇ ਹਨ।

ਇਹ ਵੀ ਧਿਆਨਯੋਗ ਹੈ ਕਿ ਅਗਸਤ 2026 ਤੱਕ ਡੈਲੀਮੀਟੇਸ਼ਨ ਬਿੱਲ ਨਾਮ ਦਾ ਕੋਈ ਕਾਨੂੰਨ ਸੰਸਦ ਵੱਲੋਂ ਪਾਸ ਨਹੀਂ ਕੀਤਾ ਗਿਆ। ਭਵਿੱਖ ਵਿੱਚ ਕੀ ਮਾਡਲ ਅਪਣਾਇਆ ਜਾਵੇਗਾ, ਸੀਟਾਂ ਦੀ ਕੁੱਲ ਗਿਣਤੀ ਵਧੇਗੀ ਜਾਂ ਸਿਰਫ਼ ਹਲਕਿਆਂ ਦੀਆਂ ਹੱਦਾਂ ਬਦਲਣਗੀਆਂ—ਇਸ ਬਾਰੇ ਅਜੇ ਕੋਈ ਅੰਤਿਮ ਫ਼ੈਸਲਾ ਨਹੀਂ ਹੋਇਆ।

ਪੰਜਾਬ ਦੇ ਸੰਦਰਭ ਵਿੱਚ ਵੀ ਅਜੇ ਕਿਸੇ ਨਤੀਜੇ ’ਤੇ ਪਹੁੰਚਣਾ ਜਲਦਬਾਜ਼ੀ ਹੋਵੇਗੀ। ਪੰਜਾਬ ਦੀਆਂ ਲੋਕ ਸਭਾ ਜਾਂ ਵਿਧਾਨ ਸਭਾ ਸੀਟਾਂ ਵਿੱਚ ਕੋਈ ਤਬਦੀਲੀ ਹੋਵੇਗੀ ਜਾਂ ਨਹੀਂ, ਇਹ ਭਵਿੱਖ ਦੀ ਜਨਗਣਨਾ, ਸੰਸਦ ਦੇ ਕਾਨੂੰਨੀ ਫ਼ੈਸਲਿਆਂ ਅਤੇ ਡੈਲੀਮੀਟੇਸ਼ਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ’ਤੇ ਨਿਰਭਰ ਕਰੇਗਾ।

ਇਸ ਪੂਰੇ ਵਿਵਾਦ ਦਾ ਸਭ ਤੋਂ ਮਹੱਤਵਪੂਰਨ ਪੱਖ ਇਹ ਹੈ ਕਿ ਡੈਲੀਮੀਟੇਸ਼ਨ ਸਿਰਫ਼ ਸੀਟਾਂ ਦੀ ਗਿਣਤੀ ਦਾ ਮਾਮਲਾ ਨਹੀਂ, ਸਗੋਂ ਲੋਕਤੰਤਰ, ਸੰਘਵਾਦ ਅਤੇ ਰਾਸ਼ਟਰੀ ਏਕਤਾ ਨਾਲ ਜੁੜਿਆ ਹੋਇਆ ਸੰਵੇਦਨਸ਼ੀਲ ਮੁੱਦਾ ਹੈ। ਇਸ ਲਈ ਕੋਈ ਵੀ ਫ਼ੈਸਲਾ ਅਜਿਹਾ ਹੋਣਾ ਚਾਹੀਦਾ ਹੈ ਜੋ ਇੱਕ ਪਾਸੇ ਲੋਕਤੰਤਰਕ ਸਮਾਨਤਾ ਨੂੰ ਮਜ਼ਬੂਤ ਕਰੇ ਅਤੇ ਦੂਜੇ ਪਾਸੇ ਉਹਨਾਂ ਰਾਜਾਂ ਨਾਲ ਨਿਆਂ ਵੀ ਕਰੇ ਜਿਨ੍ਹਾਂ ਨੇ ਰਾਸ਼ਟਰੀ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ।

ਸਿੱਟਾ

ਡੈਲੀਮੀਟੇਸ਼ਨ ਦਾ ਮਕਸਦ ਲੋਕਾਂ ਨੂੰ ਬਿਹਤਰ ਅਤੇ ਸਮਾਨ ਪ੍ਰਤੀਨਿਧਿਤਵ ਦੇਣਾ ਹੈ, ਨਾ ਕਿ ਕਿਸੇ ਖੇਤਰ ਨੂੰ ਲਾਭ ਜਾਂ ਨੁਕਸਾਨ ਪਹੁੰਚਾਉਣਾ। ਇਸ ਲਈ ਲੋੜ ਹੈ ਕਿ ਇਸ ਮੁੱਦੇ ’ਤੇ ਰਾਜਨੀਤਿਕ ਲਾਭ-ਹਾਨੀ ਤੋਂ ਉੱਪਰ ਉੱਠ ਕੇ ਸੰਵਿਧਾਨਕ ਮਰਿਆਦਾ, ਰਾਸ਼ਟਰੀ ਹਿੱਤ ਅਤੇ ਸੰਘੀ ਢਾਂਚੇ ਦੀ ਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਵਿਆਪਕ ਸਹਿਮਤੀ ਨਾਲ ਫ਼ੈਸਲਾ ਲਿਆ ਜਾਵੇ। ਇੱਕ ਮਜ਼ਬੂਤ ਲੋਕਤੰਤਰ ਦੀ ਪਛਾਣ ਕੇਵਲ ਵੋਟਾਂ ਦੀ ਗਿਣਤੀ ਨਾਲ ਨਹੀਂ, ਸਗੋਂ ਨਿਆਂਪੂਰਨ ਪ੍ਰਤੀਨਿਧਿਤਵ ਅਤੇ ਸਾਰੇ ਰਾਜਾਂ ਨਾਲ ਸੰਤੁਲਿਤ ਵਿਵਹਾਰ ਨਾਲ ਹੁੰਦੀ ਹੈ।

**-ਛੱਤਰਪਾਲ ਸਿੰਘ**


Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807



Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807


# ਡਿਜੀਟਲ ਯੁਗ ਵਿੱਚ ਸੱਚ ਦੀ ਤਲਾਸ਼ ਵਿੱਚ ਅਖ਼ਬਾਰ ਅਤੇ ਰੇਡੀਓ ਵੱਲ ਮੁੜਦਾ ਸਮਾਜ



ਗੁਰਮੀਤ ਸਿੰਘ ਤੰਗ
ਬਿਊਰੋ ਚੀਫ਼.
9855221193

ਅਬ ਹੈ ਟੁੱਟਾ ਸਾ ਦਿਲ ਖੁਦ ਸੇ ਬੇਜ਼ਾਰ ਸਾ
ਇਸ ਹਵੇਲੀ ਮੈਂ ਲਗਤਾ ਥਾ ਦਰਬਾਰ ਸਾ
ਸ਼ਾਮ ਤੱਕ ਕਿਤਨੇ ਹੱਥੋਂ ਸੇ ਗੁਜ਼ਰੂੰ ਗਾ ਮੈਂ
ਚਾਏ ਖ਼ਾਨੋ ਮੈਂ ਅੱਜ ਕੇ ਅਖ਼ਬਾਰ ਸਾ : ਬਦਰ ਮੁਨੀਰ

ਡਿਜੀਟਲ ਕ੍ਰਾਂਤੀ ਨੇ ਦੁਨੀਆ ਨੂੰ ਬਦਲ ਦਿੱਤਾ ਹੈ। ਅੱਜ ਇੱਕ ਸਮਾਰਟਫੋਨ ਰਾਹੀਂ ਸਕਿੰਟਾਂ ਵਿੱਚ ਦੇਸ਼-ਵਿਦੇਸ਼ ਦੀਆਂ ਖ਼ਬਰਾਂ, ਸਰਕਾਰੀ ਐਲਾਨ, ਰਾਜਨੀਤਿਕ ਘਟਨਾਕ੍ਰਮ ਅਤੇ ਸਮਾਜਿਕ ਜਾਣਕਾਰੀ ਲੋਕਾਂ ਤੱਕ ਪਹੁੰਚ ਜਾਂਦੀ ਹੈ। ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਨੇ ਜਾਣਕਾਰੀ ਦੇ ਪ੍ਰਸਾਰ ਨੂੰ ਬਹੁਤ ਤੇਜ਼ੀ ਦਿੱਤੀ ਹੈ। ਪਰ ਇਸ ਗਤੀ ਨਾਲ ਇੱਕ ਅਜਿਹੀ ਸਮੱਸਿਆ ਵੀ ਜਨਮ ਲੈ ਚੁੱਕੀ ਹੈ, ਜਿਸ ਨੇ ਲੋਕਾਂ ਦੇ ਭਰੋਸੇ ਨੂੰ ਗੰਭੀਰ ਝਟਕਾ ਦਿੱਤਾ ਹੈ—ਝੂਠੀਆਂ ਖ਼ਬਰਾਂ, ਅੱਧ-ਸੱਚ, ਸਨਸਨੀਖੇਜ਼ੀ, ਡੀਪਫੇਕ ਵੀਡੀਓ, ਮਨਘੜੰਤ ਪ੍ਰਚਾਰ, ਭਰਮ ਭੁਲੇਖੇ ਅਤੇ ਅਫਵਾਹਾਂ ਫੈਲਾਉਣ ਵਾਲਿਆਂ।

ਅੱਜ ਹਾਲਾਤ ਇਹ ਹਨ ਕਿ ਕਿਸੇ ਵੀ ਘਟਨਾ ਤੋਂ ਪਹਿਲਾਂ ਉਸ ਦੀਆਂ ਅਫ਼ਵਾਹਾਂ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਜਾਂਦੀਆਂ ਹਨ। ਕਈ ਵਾਰ ਇੱਕੋ ਘਟਨਾ ਬਾਰੇ ਦਸ ਵੱਖ-ਵੱਖ ਦਾਅਵੇ ਸਾਹਮਣੇ ਆ ਜਾਂਦੇ ਹਨ। ਆਮ ਨਾਗਰਿਕ ਲਈ ਇਹ ਸਮਝਣਾ ਮੁਸ਼ਕਲ ਹੋ ਜਾਂਦਾ ਹੈ ਕਿ ਸੱਚ ਕੀ ਹੈ ਅਤੇ ਝੂਠ ਕੀ ਹੈ। ਰਫ਼ਤਾਰ ਨੇ ਭਰੋਸੇ ਨੂੰ ਪਿੱਛੇ ਛੱਡ ਦਿੱਤਾ ਹੈ। ਨਤੀਜਾ ਫਿਰਕਵਾਦ।

ਇਸ ਪਸਮੰਜ਼ਰ ਵਿੱਚ ਇੱਕ ਨਵਾਂ ਰੁਝਾਨ ਸਪੱਸ਼ਟ ਨਜ਼ਰ ਆ ਰਿਹਾ ਹੈ। ਲੋਕ ਹੁਣ ਕੇਵਲ ਸਭ ਤੋਂ ਪਹਿਲਾਂ ਖ਼ਬਰ ਨਹੀਂ, ਸਗੋਂ ਸਭ ਤੋਂ ਸਹੀ ਅਤੇ ਪ੍ਰਮਾਣਿਤ ਖ਼ਬਰ ਚਾਹੁੰਦੇ ਹਨ। ਇਹੀ ਕਾਰਨ ਹੈ ਕਿ ਭਰੋਸੇਯੋਗ ਅਖ਼ਬਾਰ ਅਤੇ ਰੇਡੀਓ ਮੁੜ ਆਪਣੀ ਅਹਿਮੀਅਤ ਸਾਬਤ ਕਰ ਰਹੇ ਹਨ।

ਅਖ਼ਬਾਰ ਦੀ ਹਰ ਖ਼ਬਰ ਇੱਕ ਜਵਾਬਦੇਹ ਸੰਪਾਦਕੀ ਪ੍ਰਕਿਰਿਆ ਵਿੱਚੋਂ ਲੰਘਦੀ ਹੈ। ਰਿਪੋਰਟਰ ਤੱਥ ਇਕੱਠੇ ਕਰਦਾ ਹੈ, ਸੰਪਾਦਕ ਜਾਂਚ ਕਰਦਾ ਹੈ, ਸਰੋਤਾਂ ਦੀ ਪੁਸ਼ਟੀ ਹੁੰਦੀ ਹੈ ਅਤੇ ਕਾਨੂੰਨੀ ਤੇ ਨੈਤਿਕ ਪੱਖਾਂ ਨੂੰ ਧਿਆਨ ਵਿੱਚ ਰੱਖਿਆ ਜਾਂਦਾ ਹੈ। ਇਸੇ ਕਰਕੇ ਪ੍ਰਿੰਟ ਮੀਡੀਆ ਅੱਜ ਵੀ ਲੋਕਾਂ ਲਈ ਭਰੋਸੇ ਦਾ ਪ੍ਰਤੀਕ ਬਣਿਆ ਹੋਇਆ ਹੈ। ਅਖ਼ਬਾਰ ਜਿੱਥੇ ਭਾਸ਼ਾ ਦਾ ਇਕ ਸਲੀਕਾ ਸਿਖਾਉਂਦੀ ਹੈ ਉੱਥੇ ਸ਼ਬਦਾਵਲੀ ਵੀ ਸੁਧਾਰਦੀ ਹੈ। ਅਖ਼ਬਾਰ ਵਿੱਚ ਛਪੀ ਖ਼ਬਰ ਦੇ ਪੜ੍ਹਨ ਨਾਲ ਖ਼ਬਰ ਵੀ ਯਾਦ ਰਹੀ ਜਾਂਦੀ ਹੈ ਅਤੇ ਇਸ ਪੜ੍ਹਾਈ ਦੌਰਾਨ ਨਵੇਂ ਅੱਖਰਾਂ ਦੀ ਵੀ ਜਾਣਕਾਰੀ ਮਿਲਦੀ ਹੈ। ਅੰਗਰੇਜ਼ੀ ਦੀ ਅਖ਼ਬਾਰ ਪੜ੍ਹਨ ਨਾਲ ਅੰਗਰੇਜ਼ੀ ਬੋਲਣ ਵਿੱਚ ਵੀ ਸੁਧਾਰ ਆਉਂਦਾ ਹੈ। ਅਖ਼ਬਾਰ ਨਾਲ ਭਾਸ਼ਾ ਜਲਦੀ ਤਰੱਕੀ ਕਰਦੀ ਹੈ ਅਤੇ ਪੜ੍ਹਨ ਦੀ ਇਕ ਸਿਆਣੀ ਆਦਤ ਵੀ ਪੈ ਜਾਂਦੀ ਹੈ।

ਇਸੇ ਤਰ੍ਹਾਂ ਰੇਡੀਓ, ਖ਼ਾਸ ਕਰਕੇ ਪ੍ਰਮਾਣਿਤ ਜਨਤਕ ਪ੍ਰਸਾਰਣ ਸੇਵਾਵਾਂ ਅਤੇ ਜ਼ਿੰਮੇਵਾਰ ਐਫ.ਐਮ. ਮਾਧਿਅਮ, ਅੱਜ ਵੀ ਸਰਕਾਰੀ ਐਲਾਨਾਂ, ਮੌਸਮ, ਆਫ਼ਤਾਂ, ਖੇਤੀਬਾੜੀ, ਸਿਹਤ ਅਤੇ ਜਨਹਿੱਤ ਦੀ ਜਾਣਕਾਰੀ ਨੂੰ ਸਹੀ ਰੂਪ ਵਿੱਚ ਲੋਕਾਂ ਤੱਕ ਪਹੁੰਚਾਉਣ ਦਾ ਪ੍ਰਭਾਵਸ਼ਾਲੀ ਸਾਧਨ ਹਨ। ਰੇਡੀਓ ਦੀ ਸਭ ਤੋਂ ਵੱਡੀ ਤਾਕਤ ਉਸ ਦੀ ਭਰੋਸੇਯੋਗਤਾ ਅਤੇ ਵਿਸ਼ਾਲ ਪਹੁੰਚ ਹੈ।

ਇਸ ਦਾ ਮਤਲਬ ਇਹ ਨਹੀਂ ਕਿ ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਦੀ ਕੋਈ ਉਪਯੋਗਤਾ ਨਹੀਂ। ਇਨ੍ਹਾਂ ਨੇ ਜਾਣਕਾਰੀ ਨੂੰ ਲੋਕਤੰਤਰੀ ਬਣਾਇਆ ਹੈ, ਕਈ ਮਹੱਤਵਪੂਰਨ ਮਸਲੇ ਉਜਾਗਰ ਕੀਤੇ ਹਨ ਅਤੇ ਆਮ ਨਾਗਰਿਕ ਨੂੰ ਆਪਣੀ ਆਵਾਜ਼ ਉਠਾਉਣ ਦਾ ਮੰਚ ਦਿੱਤਾ ਹੈ। ਪਰ ਜਿੱਥੇ ਹਰ ਵਿਅਕਤੀ ਬਿਨਾਂ ਸੰਪਾਦਕੀ ਜਾਂਚ ਦੇ ਭਾਵਨਾਤਮਕ ਸਮੱਗਰੀ ਪ੍ਰਕਾਸ਼ਿਤ ਕਰ ਦਿੰਦਾ ਹੈ, ਉੱਥੇ ਗਲਤ ਅਤੇ ਅਧੂਰੀ ਜਾਣਕਾਰੀ ਦੇ ਫੈਲਣ ਦਾ ਖ਼ਤਰਾ ਵੀ ਉਤਨਾ ਹੀ ਵੱਧ ਜਾਂਦਾ ਹੈ।

ਅੱਜ ਭਾਰਤ ਵਿੱਚ ਪ੍ਰਿੰਟ ਮੀਡੀਆ, ਟੈਲੀਵਿਜ਼ਨ ਅਤੇ ਡਿਜੀਟਲ ਪਲੇਟਫਾਰਮਾਂ ਲਈ ਵੱਖ-ਵੱਖ ਨਿਯਮ ਅਤੇ ਕਾਨੂੰਨੀ ਪ੍ਰਬੰਧ ਮੌਜੂਦ ਹਨ। ਫਿਰ ਵੀ ਸੋਸ਼ਲ ਮੀਡੀਆ ’ਤੇ ਵਾਇਰਲ ਹੋਣ ਵਾਲੀ ਹਰ ਪੋਸਟ, ਵੀਡੀਓ ਜਾਂ ਦਾਅਵੇ ਦੀ ਪਹਿਲਾਂ ਤੋਂ ਤੱਥ-ਜਾਂਚ ਕਰਨ ਵਾਲੀ ਕੋਈ ਇੱਕ ਸਰਵਪੱਖੀ ਅਤੇ ਸੁਤੰਤਰ ਪ੍ਰਣਾਲੀ ਨਹੀਂ ਹੈ। ਇਸ ਕਰਕੇ ਅਕਸਰ ਗਲਤ ਜਾਣਕਾਰੀ ਬਹੁਤ ਤੇਜ਼ੀ ਨਾਲ ਫੈਲ ਜਾਂਦੀ ਹੈ ਅਤੇ ਉਸ ਦੀ ਸੱਚਾਈ ਸਾਹਮਣੇ ਆਉਣ ਤੱਕ ਭਾਰੀ ਨੁਕਸਾਨ ਹੋ ਚੁੱਕਦਾ ਹੁੰਦਾ ਹੈ।

ਇਸ ਲਈ ਸਮੇਂ ਦੀ ਲੋੜ ਹੈ ਕਿ ਨਾਗਰਿਕਾਂ ਵਿੱਚ ਮੀਡੀਆ ਸਾਖਰਤਾ (Media Literacy) ਨੂੰ ਉਤਸ਼ਾਹਿਤ ਕੀਤਾ ਜਾਵੇ ਅਤੇ ਹਰ ਖ਼ਬਰ ਨੂੰ ਬਿਨਾਂ ਜਾਂਚੇ ਸਵੀਕਾਰ ਕਰਨ ਦੀ ਬਜਾਏ ਉਸ ਦੀ ਪੁਸ਼ਟੀ ਕੀਤੀ ਜਾਵੇ। ਨਾਲ ਹੀ, ਜ਼ਿੰਮੇਵਾਰ ਪੱਤਰਕਾਰਤਾ, ਤੱਥ-ਜਾਂਚ ਅਤੇ ਸੰਪਾਦਕੀ ਨੈਤਿਕਤਾ ਨੂੰ ਹੋਰ ਯਕੀਨੀ ਕੀਤਾ ਜਾਵੇ।

ਇੱਕ ਹੋਰ ਮਹੱਤਵਪੂਰਨ ਤੱਥ ਇਹ ਹੈ ਕਿ ਡਿਜੀਟਲ ਮਾਧਿਅਮਾਂ ਦੇ ਵਾਧੇ ਦੇ ਬਾਵਜੂਦ, ਅੱਜ ਵੀ ਨੀਤੀਗਤ ਫ਼ੈਸਲੇ, ਸਰਕਾਰੀ ਨੋਟੀਫਿਕੇਸ਼ਨ, ਸੰਸਦੀ ਕਾਰਵਾਈ, ਅਦਾਲਤੀ ਫ਼ੈਸਲੇ, ਆਰਥਿਕ ਵਿਸ਼ਲੇਸ਼ਣ, ਐਲਾਨ ਅਤੇ ਡੂੰਘੀਆਂ ਪੜਤਾਲੀ ਰਿਪੋਰਟਾਂ ਲਈ ਲੋਕ ਭਰੋਸੇਯੋਗ ਅਖ਼ਬਾਰਾਂ ਅਤੇ ਪ੍ਰਮਾਣਿਤ ਪ੍ਰਸਾਰਣ ਮਾਧਿਅਮਾਂ ’ਤੇ ਨਿਰਭਰ ਕਰਦੇ ਹਨ। ਇਹ ਰੁਝਾਨ ਦਰਸਾਉਂਦਾ ਹੈ ਕਿ ਭਰੋਸਾ ਹੀ ਭਵਿੱਖ ਦੇ ਮੀਡੀਆ ਦੀ ਸਭ ਤੋਂ ਵੱਡੀ ਪੂੰਜੀ ਹੈ।

ਆਉਣ ਵਾਲਾ ਸਮਾਂ ਕਿਸੇ ਇੱਕ ਮਾਧਿਅਮ ਦਾ ਨਹੀਂ ਹੋਵੇਗਾ, ਸਗੋਂ ਭਰੋਸੇਯੋਗ ਪੱਤਰਕਾਰਤਾ ਦਾ ਹੋਵੇਗਾ। ਜਿਹੜਾ ਵੀ ਮਾਧਿਅਮ ਤੱਥਾਂ ਦੀ ਪੁਸ਼ਟੀ, ਨਿਰਪੱਖਤਾ, ਜਵਾਬਦੇਹੀ ਅਤੇ ਲੋਕਹਿੱਤ ਨੂੰ ਆਪਣਾ ਆਧਾਰ ਬਣਾਏਗਾ, ਉਹੀ ਜਨਤਾ ਦਾ ਵਿਸ਼ਵਾਸ ਜਿੱਤੇਗਾ। ਸੋਸ਼ਲ ਅਤੇ ਇਲੈਕਟ੍ਰਾਨਿਕ (ਗੋਦੀ) ਮੀਡੀਆ ’ਤੇ ਜਾਰੀ ਝੂਠ, ਸਨਸਨੀ ਅਤੇ ਭਰਮਕ ਸਮੱਗਰੀ ਦਾ ਸਿਲਸਿਲਾ ਸੁਭਾਵਿਕ ਹੀ ਸਿਆਣੇ-ਸੂਝਵਾਨ ਪਾਠਕਾਂ ਅਤੇ ਦਰਸ਼ਕਾਂ ਨੂੰ ਸੱਚੀ, ਸਟੀਕ ਅਤੇ ਪ੍ਰਮਾਣਿਤ ਖ਼ਬਰਾਂ ਆਦਿ ਦੀ ਜਾਣਕਾਰੀ ਲਈ ਮੁੜ ਅਖ਼ਬਾਰਾਂ ਅਤੇ ਰੇਡੀਓ ਵੱਲ ਮੋੜ ਦੇਵੇਗਾ।

ਲੋਕਤੰਤਰ ਦੀ ਤਾਕਤ ਸਿਰਫ਼ ਬੋਲਣ ਦੀ ਆਜ਼ਾਦੀ ਵਿੱਚ ਨਹੀਂ, ਸਗੋਂ ਸੱਚੀ, ਪ੍ਰਮਾਣਿਤ ਅਤੇ ਜਵਾਬਦੇਹ ਜਾਣਕਾਰੀ ਤੱਕ ਲੋਕਾਂ ਦੀ ਪਹੁੰਚ ਵਿੱਚ ਹੈ। ਡਿਜੀਟਲ ਯੁੱਗ ਵਿੱਚ ਜਿੱਥੇ ਹਰ ਪਾਸੇ ਜਾਣਕਾਰੀ ਦਾ ਰੌਲਾ ਹੈ, ਉੱਥੇ ਅਖ਼ਬਾਰ ਅਤੇ ਰੇਡੀਓ ਅੱਜ ਵੀ ਸੱਚ ਦੀ ਉਹ ਆਵਾਜ਼ ਹਨ ਜੋ ਨਾ ਸਿਰਫ਼ ਖ਼ਬਰ ਦਿੰਦੇ ਹਨ, ਸਗੋਂ ਸਮਾਜ ਨੂੰ ਸੋਚਣ, ਸਮਝਣ ਅਤੇ ਸਹੀ ਫ਼ੈਸਲਾ ਕਰਨ ਦਾ ਆਧਾਰ ਵੀ ਪ੍ਰਦਾਨ ਕਰਦੇ ਹਨ।

ਭਵਿੱਖ ਦਾ ਸਭ ਤੋਂ ਕੀਮਤੀ ਅਤੇ ਹਰਮਨ ਪਿਆਰਾ ਮੀਡੀਆ ਉਹ ਹੀ ਉਹ ਹੋਵੇਗਾ ਜਿਸ ’ਤੇ ਲੋਕ ਸਭ ਤੋਂ ਵੱਧ ਭਰੋਸਾ ਕਰ ਸਕਣ।ਨਾ ਕਿ ਉਹ ਜੋ ਸਭ ਤੋਂ ਤੇਜ਼ ਹੋਵੇਗਾ।


ਰਸਮ ਪਗੜੀ



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਪੂਜਨੀਕ ਪਿਤਾ ਜੀ
ਸਰਦਾਰ ਸੇਵਾ ਸਿੰਘ ਚੀਮਾ ਜੀ
ਜੋ ਕਿ ਮਿਤੀ 02-08-2026, ਦਿਨ ਐਤਵਾਰ ਨੂੰ
ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਅਕਾਲ ਪੁਰਖ ਦੇ ਪਾਵਨ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ
ਸ਼ਰਧਾਂਜਲੀ ਸਭਾ ਅਤੇ ਭੋਗ
ਮਿਤੀ 28-11-2021 ਦਿਨ ਐਤਵਾਰ ਨੂੰ
ਸਾਡੇ ਗ੍ਰਹਿ ਮਕਾਨ ਨੰ: 126, ਗਲੀ ਨੰ: 6, ਆਰ.ਕੇ.ਪੁਰਮ ਕਰਨਾਲ ਵਿਖੇ ਪਵੇਗਾ।
ਬ੍ਰਹਮਭੋਜ 12:00 ਵਜੇ ਤੋਂ ਸ਼ੁਰੂ
ਆਪ ਜੀ ਨੂੰ ਸ਼ਰਧਾਂਜਲੀ ਸਭਾ ਵਿਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ
ਦੁਖੀ ਪਰਿਵਾਰ
ਗੁਰਸ਼ਰਨ ਸਿੰਘ ਚੀਮਾ (ਪੁੱਤਰ)
ਭੁਪੇਂਦਰ ਸਿੰਘ ਚੀਮਾ (ਪੁੱਤਰ)
ਦੇਵੇਂਦਰ ਸਿੰਘ ਚੀਮਾ (ਪੁੱਤਰ)
ਸਮੂਹ ਚੀਮਾ ਪਰਿਵਾਰ
M: 96712-39237, 97292-90016
99910-70376







## ਲਾਇਨਜ਼ ਕਲੱਬ ਪਟਿਆਲਾ ਫੋਰਟ ਵੱਲੋਂ ਅਪਾਹਜ ਆਸ਼ਰਮ ਵਿੱਚ ਚਾਹ, ਸਮੋਸੇ, ਜਲੇਬੀ ਅਤੇ ਕੇਕ ਦੀ ਵੰਡ




**ਪਟਿਆਲਾ, 6 ਅਗਸਤ**
**-ਛਤਰਪਾਲ ਸਿੰਘ-**

ਲਾਇਨਜ਼ ਕਲੱਬ ਪਟਿਆਲਾ ਫੋਰਟ ਵੱਲੋਂ ਸਮਾਜ ਸੇਵਾ ਦੀ ਆਪਣੀ ਪਰੰਪਰਾ ਨੂੰ ਅੱਗੇ ਵਧਾਉਂਦੇ ਹੋਏ ਅੱਜ ਬੇਬੀ ਆਸਥਾ ਸੂਦ ਦੇ ਜਨਮਦਿਨ ਮੌਕੇ ਬੀਰ ਦਸੌਂਧੀ ਅਪਾਹਜ ਆਸ਼ਰਮ, ਪਟਿਆਲਾ ਵਿੱਚ ਵਿਸ਼ੇਸ਼ ਸੇਵਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਲੱਬ ਵੱਲੋਂ ਆਸ਼ਰਮ ਦੇ ਸਾਰੇ ਮਰੀਜ਼ਾਂ ਅਤੇ ਹਾਜ਼ਰ ਮੈਂਬਰਾਂ ਲਈ ਚਾਹ, ਸਮੋਸੇ, ਜਲੇਬੀ ਅਤੇ ਕੇਕ ਦੀ ਵੰਡ ਕੀਤੀ ਗਈ। ਕਲੱਬ ਦੇ ਮੈਂਬਰਾਂ ਨੇ ਆਸ਼ਰਮ ਦੇ ਨਿਵਾਸੀਆਂ ਨਾਲ ਜਨਮਦਿਨ ਦੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ ਉਨ੍ਹਾਂ ਦੀ ਚੰਗੀ ਸਿਹਤ ਅਤੇ ਖੁਸ਼ਹਾਲ ਜੀਵਨ ਲਈ ਸ਼ੁਭ ਕਾਮਨਾਵਾਂ ਦਿੱਤੀਆਂ।

ਬੇਬੀ ਆਸਥਾ ਸੂਦ, ਲਾਇਨਜ਼ ਕਲੱਬ ਪਟਿਆਲਾ ਫੋਰਟ ਦੇ ਮੈਂਬਰ ਲਾਇਨ ਯਸ਼ਪਾਲ ਸੂਦ ਅਤੇ ਲਾਇਨ ਕਰਮਵੀਰ ਪੁਰੀ ਦੀ ਪੋਤਰੀ/ਦੋਹਤਰੀ ਹਨ। ਉਨ੍ਹਾਂ ਦਾ ਜਨਮਦਿਨ ਸੇਵਾ ਕਾਰਜ ਦੇ ਰੂਪ ਵਿੱਚ ਮਨਾਉਣ ਦੀ ਇਸ ਪਹਿਲ ਦੀ ਸਭ ਨੇ ਭਰਪੂਰ ਸਰਾਹਨਾ ਕੀਤੀ।

ਅਪਾਹਜ ਆਸ਼ਰਮ ਦੇ ਪ੍ਰਧਾਨ ਜੇ. ਕੇ. ਖੋਸਲਾ ਨੇ ਲਾਇਨਜ਼ ਕਲੱਬ ਪਟਿਆਲਾ ਫੋਰਟ ਵੱਲੋਂ ਕੀਤੇ ਇਸ ਸੇਵਾ ਕਾਰਜ ਲਈ ਕਲੱਬ ਦੇ ਸਮੂਹ ਮੈਂਬਰਾਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਜਿਕ ਸੇਵਾ ਕਾਰਜ ਸਮਾਜ ਵਿੱਚ ਸੇਵਾ ਅਤੇ ਮਨੁੱਖਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਇਸ ਮੌਕੇ ਕਲੱਬ ਦੇ ਪ੍ਰਧਾਨ ਲਾਇਨ ਸੁਨੀਲ ਮਿੱਤਲ, ਲਾਇਨ ਸੰਜੇ ਮਲਹੋਤਰਾ, ਲਾਇਨ ਕੇ. ਐਸ. ਸੰਧੂ, ਲਾਇਨ ਆਰ. ਐਸ. ਪੰਨੂ, ਲਾਇਨ ਰਮਨ ਗਰੋਵਰ, ਲਾਇਨ ਸੀ. ਡੀ. ਗਰਗ, ਲਾਇਨ ਬੀ. ਕੇ. ਗੋਇਲ, ਲਾਇਨ ਆਰ. ਪੀ. ਸੂਦ, ਲਾਇਨ ਰਵਿੰਦਰ ਜਿੰਦਲ, ਯਾਦਵਿੰਦਰ ਸਿੰਘਲਾ,ਲਾਇਨ ਸੌਰਵ ਸੂਦ, ਆਰਵ ਸੂਦ, ਰਿਸ਼ਾ ਸੂਦ, ਮੋਨਿਕਾ ਠਾਕੁਰ, ਰੰਜਨਾ ਪੁਰੀ, ਰਾਕੇਸ਼ ਸੂਦ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਕਾਵੜ ਸ਼ਿਵਰ ਦੇ ਕੰਮ ਦੇਖ ਕੇ ਕਾਵੜੀਆਂ ਨੇ ਸੁਧਾਰ ਸਭਾ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ



**ਪਟਿਆਲਾ, 6 ਅਗਸਤ**
**-ਮਨੋਜ ਵਰਮਾ-**

ਅੱਜ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਮੰਦਿਰ ਮੱਥੁਰਾ ਕਾਲੋਨੀ ਪਟਿਆਲਾ ਵਿਖੇ ਸੁਧਾਰ ਸਭਾ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਗਰਜਾ ਨੰਦ ਡਾਕ ਕਾਵੜ ਸੰਘ ਕੋਟਕਪੁਰੇ ਵਾਲਿਆਂ ਦੇ 52 ਕਾਵੜੀਏ ਮੈਂਬਰ ਸਨ। ਇਸ ਮੌਕੇ ਸੁਧਾਰ ਸਭਾ ਦੇ ਵਾਇਸ ਚੇਅਰਮੈਨ ਹਰੀ ਸਿੰਘ ਚੌਹਾਨ, ਪ੍ਰਧਾਨ ਮਿਥੁਨ ਕੁਮਾਰ, ਸੀਨੀਅਰ ਵਾਇਸ ਪ੍ਰਧਾਨ ਮਦਨ ਗੋਪਾਲ, ਰਾਜ ਕੁਮਾਰ ਰਾਜਾ ਸਟੋਰ ਇੰਚਾਰਜ, ਸੇਵਾਦਾਰ ਵਿੱਕੀ, ਮੌਜੂਦ ਸਨ। ਕੋਟਕਪੁਰ ਪੇ ਕਾਵੜੀਆਂ ਨੇ ਸੁਧਾਰ ਸਭਾ ਦਾ ਪ੍ਰੋਗਰਾਮ ਦੇਖ ਕੇ ਬੜੀ ਸ਼ਲਾਘਾ ਕੀਤੀ ਅਤੇ ਆਖਿਆ ਕਿ ਅਸੀਂ ਹਰ ਸਾਲ ਹਰਿਦੁਆਰ ਤੋਂ ਗੰਗਾ ਜਲ ਲੈ ਕੇ ਆਪਣੇ ਸਥਾਨ ਤੇ ਜਾਂਦੇ ਹਾਂ। ਅਸੀਂ ਹਰੇਕ ਸਾਲ ਇੱਥੇ ਜ਼ਰੂਰ ਰੁੱਕਦੇ ਹਨ ਪਰ ਜਿਨ੍ਹਾਂ ਇੰਤਜਾਮ ਇਸ ਵਾਰ ਵੇਖਿਆ ਹੈ ਇਨ੍ਹਾਂ ਪਹਿਲੇ ਕਦੇ ਵੀ ਨਹੀਂ ਦੇਖਿਆ। ਸਤਨਾਮ ਹਸੀਜਾ ਨੇ ਦੱਸਿਆ ਕਿ ਦਿਨ ਰਾਮ ਸੁਧਾਰ ਸਭਾ ਦੇ ਮੈਂਬਰ ਲੰਗਰ ਬਣਾਉਣ ਅਤੇ ਖਵਾਉਣ ਵਿੱਚ ਮਦਦ ਕਰ ਰਹੇ ਹਨ। ਜਿਹੜੇ ਰਾਤ ਨੂੰ ਸੇਵਾ ਕਰਦੇ ਹਨ ਉਹ ਸਵੇਰੇ ਅਰਾਮ ਕਰਦੇ ਹਨ ਅਤੇ ਅਤੇ ਰਾਮ ਸਮੇਂ ਚਾਹ, ਪਾਣੀ, ਲੰਗਰ ਆਦਿ ਦਾ ਪੂਰਾ ਪ੍ਰਬੰਧ ਹੈ। ਸਤਨਾਮ ਹਸੀਜਾ ਨੇ ਦੱਸਿਆ ਕਿ ਅੱਜ ਸਾਡੇ ਸਰਪ੍ਰਸਤ ਓਮ ਪ੍ਰਕਾਸ਼ ਠੇਕੇਦਾਰ ਦੇ ਵੱਡੇ ਲੜਕੇ ਦਾ 34ਵਾਂ ਜਨਮ ਦਿਵਸ ਹੈ। ਇਸ ਮੌਕੇ ਸੁਧਾਰ ਸਭਾ ਦੇ ਸਾਰੇ ਮੈਂਬਰ ਅਤੇ ਓਮ ਪ੍ਰਕਾਸ਼ ਠੇਕੇਦਾਰ ਦਾ ਪੂਰਾ ਪਰਿਵਾਰ ਵਲੋਂ ਭੋਗ ਲਗਵਾ ਕੇ ਕੇਕ ਕੱਟਣ ਉਪਰੰਤ ਭਾਰੀ ਸੰਗਤ ਦੇ ਇਕੱਠ ਵਿੱਚ ਵੰਡਿਆ ਗਿਆ।

## ਕਾਵੜ ਸ਼ਿਵਰ ਦੇ ਕੰਮ ਦੇਖ ਕੇ ਕਾਵੜੀਆਂ ਨੇ ਸੁਧਾਰ ਸਭਾ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ



**ਪਟਿਆਲਾ, 6 ਅਗਸਤ**
**-ਬਲਜੀਤ ਸਰਨਾ-**

ਅੱਜ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਮੰਦਿਰ ਮੱਥੁਰਾ ਕਾਲੋਨੀ ਪਟਿਆਲਾ ਵਿਖੇ ਸੁਧਾਰ ਸਭਾ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਗਰਜਾ ਨੰਦ ਡਾਕ ਕਾਵੜ ਸੰਘ ਕੋਟਕਪੁਰੇ ਵਾਲਿਆਂ ਦੇ 52 ਕਾਵੜੀਏ ਮੈਂਬਰ ਸਨ। ਇਸ ਮੌਕੇ ਸੁਧਾਰ ਸਭਾ ਦੇ ਵਾਇਸ ਚੇਅਰਮੈਨ ਹਰੀ ਸਿੰਘ ਚੌਹਾਨ, ਪ੍ਰਧਾਨ ਮਿਥੁਨ ਕੁਮਾਰ, ਸੀਨੀਅਰ ਵਾਇਸ ਪ੍ਰਧਾਨ ਮਦਨ ਗੋਪਾਲ, ਰਾਜ ਕੁਮਾਰ ਰਾਜਾ ਸਟੋਰ ਇੰਚਾਰਜ, ਸੇਵਾਦਾਰ ਵਿੱਕੀ, ਮੌਜੂਦ ਸਨ। ਕੋਟਕਪੁਰ ਪੇ ਕਾਵੜੀਆਂ ਨੇ ਸੁਧਾਰ ਸਭਾ ਦਾ ਪ੍ਰੋਗਰਾਮ ਦੇਖ ਕੇ ਬੜੀ ਸ਼ਲਾਘਾ ਕੀਤੀ ਅਤੇ ਆਖਿਆ ਕਿ ਅਸੀਂ ਹਰ ਸਾਲ ਹਰਿਦੁਆਰ ਤੋਂ ਗੰਗਾ ਜਲ ਲੈ ਕੇ ਆਪਣੇ ਸਥਾਨ ਤੇ ਜਾਂਦੇ ਹਾਂ। ਅਸੀਂ ਹਰੇਕ ਸਾਲ ਇੱਥੇ ਜ਼ਰੂਰ ਰੁੱਕਦੇ ਹਨ ਪਰ ਜਿਨ੍ਹਾਂ ਇੰਤਜਾਮ ਇਸ ਵਾਰ ਵੇਖਿਆ ਹੈ ਇਨ੍ਹਾਂ ਪਹਿਲੇ ਕਦੇ ਵੀ ਨਹੀਂ ਦੇਖਿਆ।

ਸਤਨਾਮ ਹਸੀਜਾ ਨੇ ਦੱਸਿਆ ਕਿ ਦਿਨ ਰਾਮ ਸੁਧਾਰ ਸਭਾ ਦੇ ਮੈਂਬਰ ਲੰਗਰ ਬਣਾਉਣ ਅਤੇ ਖਵਾਉਣ ਵਿੱਚ ਮਦਦ ਕਰ ਰਹੇ ਹਨ। ਜਿਹੜੇ ਰਾਤ ਨੂੰ ਸੇਵਾ ਕਰਦੇ ਹਨ ਉਹ ਸਵੇਰੇ ਅਰਾਮ ਕਰਦੇ ਹਨ ਅਤੇ ਅਤੇ ਰਾਮ ਸਮੇਂ ਚਾਹ, ਪਾਣੀ, ਲੰਗਰ ਆਦਿ ਦਾ ਪੂਰਾ ਪ੍ਰਬੰਧ ਹੈ। ਸਤਨਾਮ ਹਸੀਜਾ ਨੇ ਦੱਸਿਆ ਕਿ ਅੱਜ ਸਾਡੇ ਸਰਪ੍ਰਸਤ ਓਮ ਪ੍ਰਕਾਸ਼ ਠੇਕੇਦਾਰ ਦੇ ਵੱਡੇ ਲੜਕੇ ਦਾ 34ਵਾਂ ਜਨਮ ਦਿਵਸ ਹੈ। ਇਸ ਮੌਕੇ ਸੁਧਾਰ ਸਭਾ ਦੇ ਸਾਰੇ ਮੈਂਬਰ ਅਤੇ ਓਮ ਪ੍ਰਕਾਸ਼ ਠੇਕੇਦਾਰ ਦਾ ਪੂਰਾ ਪਰਿਵਾਰ ਵਲੋਂ ਭੋਗ ਲਗਵਾ ਕੇ ਕੇਕ ਕੱਟਣ ਉਪਰੰਤ ਭਾਰੀ ਸੰਗਤ ਦੇ ਇਕੱਠ ਵਿੱਚ ਵੰਡਿਆ ਗਿਆ। ਖਾਸ ਕਰਕੇ ਬੱਚਿਆਂ ਨੂੰ ਰਸਗੁੱਲੇ ਅਤੇ ਮਿਠਾਈ ਵੰਡੀ ਗਈ।


## ਟੀਮ ਹਿਊਮਨ ਸਰਵਿਸ ਸੋਸਾਇਟੀ ਵਲੋਂ ਨਸ਼ੇ ਦੇ ਖਿਲਾਫ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਮੀਟਿੰਗ ਆਯੋਜਿਤ



**ਪਟਿਆਲਾ, 6 ਅਗਸਤ**
**-ਬਲਜੀਤ ਸਰਨਾ-**

ਟੀਮ ਹਿਊਮਨ ਸਰਵਿਸ ਸੋਸਾਇਟੀ ਵਲੋਂ ਨਸ਼ੇ ਦੇ ਖਿਲਾਫ ਨੌਜਵਾਨਾਂ ਨੂੰ ਜਾਗਰੂਕ ਕਰਨ ਵਾਸਤੇ ਜਖਵਾਲੀ ਪਿੰਡ ਪਟਿਆਲਾ ਵਿਖੇ ਮੀਟਿੰਗ ਕੀਤੀ ਗਈ। ਟੀਮ ਹਿਊਮਨ ਸਰਵਿਸ ਨੇ ਪਿੰਡ ਜਖਵਾਲੀ ਵਿਖੇ ਜਾ ਕੇ ਨੌਜਵਾਨਾਂ ਤੇ ਪਿੰਡ ਵਾਸੀਆਂ ਨੂੰ ਨਸ਼ੇ ਦੇ ਮਾੜੇ ਭਰਬਾਵਾ ਦੀ ਜਾਣਕਾਰੀ ਦਿੱਤੀ ਗਈ। ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਨੇ ਬੋਲਦਿਆਂ ਕਿਹਾ ਕਿ ਅਗਰ ਕੋਈ ਵੀ ਨਸ਼ਾ ਵੇਚਦਾ ਨਜਰ ਆਉਂਦਾ ਹੈ ਤਾਂ ਸਾਡੀ ਟੀਮ ਨੂੰ ਜਾਣਕਾਰੀ ਦਿੱਤੀ ਜਾਵੇ। ਦੱਸਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਅਗਰ ਕੋਈ ਮਰੀਜ ਨਸ਼ਾ ਕਰ ਰਿਹਾ ਹੈ ਤਾਂ ਸਾਡੀ ਟੀਮ ਵਲੋਂ ਉਸ ਦਾ ਮੁਫ਼ਤ ਇਲਾਜ ਕਰਵਾਇਆ ਜਾਵੇਗਾ। ਨਸ਼ੇ ਵੇਚਣ ਵਾਲਿਆਂ ਨੂੰ ਪੁਲਿਸ ਪ੍ਰਸ਼ਾਸ਼ਨ ਨਾਲ ਮਿਲਕੇ ਜੇਲ ਭੇਜਿਆ ਜਾਵੇਗਾ। ਨਸ਼ਾ ਇੱਕ ਐਸੀ ਭੈੜੀ ਬਿਮਾਰੀ ਹੈ ਜ਼ੋ ਕਿ ਪਰਿਵਾਰ ਨੂੰ ਹੀ ਨਹੀਂ ਦੇਸ਼ ਨੂੰ ਵੀ ਖੋਖਲਾ ਕਰ ਦਿੰਦੀ ਹੈ ਇਸ ਮੌਕੇ ਟਿੱਕੂ ਗੌਤਮ ਨੂੰ ਚੇਅਰਮੈਨ ਤੇ ਗੌਤਮ ਭੱਟ ਨੂੰ ਵਾਇਸ ਚੇਅਰਮੈਨ ਨਿਯੁਕਤ ਕੀਤਾ ਗਿਆ। ਪਿੰਡ ਵਾਸੀ ਤੇ ਨੌਜਵਾਨਾਂ ਨੇ ਵਿਸ਼ਵਾਸ਼ ਦਿੱਤਾ ਨਸ਼ੇ ਦੇ ਖਿਲਾਫ ਲੜਾਈ ਵਿੱਚ ਉਹ ਟੀਮ ਦਾ ਸਾਥ ਦੇਣਗੇ।

ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ, ਬਾਬਾ ਵਰਿੰਦਰਸਿੰਘ ਕਾਲਾ ਮਾਜਰੀ, ਗੁਰਮੀਤ ਸਿੰਘ, ਸੁਖਵਿੰਦਰ ਸਿੰਘ, ਅਮਿਤ ਕਾਕੜਾ, ਚੇਅਰਮੇਨ ਕੁਲਦੀਪ ਸਿੰਘ ਚੀਮਾ, ਜ਼ੋਗਾ ਸਿੰਘ, ਬਾਈ ਗਿੱਲ, ਗੋਲਡੀ, ਮਨਦੀਪ ਸਿੰਘ, ਸੁਰਜੀਤ ਸਿੰਘ ਤੇ ਭਾਰੀ ਗਿਣਤੀ ਵਿੱਚ ਪਤਵੰਤੇ ਟੀਮ ਮੈਂਬਰ ਮੌਜੂਦ ਰਹੇ।



# ਪੋਲੀਟਿਕਸ



## ਵਿੱਤੀ ਸਾਖਰਤਾ, ਬੱਚਤ ਤੇ ਸਾਈਬਰ ਸੁਰੱਖਿਆ ਸਬੰਧੀ ਜਾਗਰੂਕਤਾ ਪ੍ਰੋਗਰਾਮ

**ਸੰਗਰੂਰ, 6 ਅਗਸਤ**
**-ਜਗਦੇਵ ਰੰਚਨਾਂ-**

ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸੰਗਰੂਰ ਸ਼੍ਰੀ ਪਰਦੀਪ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਦਿੜ੍ਹਬਾ ਅਤੇ ਸੁਨਾਮ-1 ਬਲਾਕਾਂ ਦੇ ਆਂਗਣਵਾੜੀ ਸਟਾਫ਼ ਲਈ ਵਿੱਤੀ ਸਾਖਰਤਾ, ਬੱਚਤ, ਸੁਰੱਖਿਅਤ ਨਿਵੇਸ਼, ਸਾਈਬਰ ਸੁਰੱਖਿਆ ਅਤੇ ਵਿਸ਼ਵ ਸਤਨਪਾਨ ਹਫ਼ਤੇ ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ।



ਦਿੜ੍ਹਬਾ ਬਲਾਕ ਵਿੱਚ ਇਹ ਸਿਖਲਾਈ ਸੀਡੀਪੀਓ ਸ਼੍ਰੀ ਗੁਰਵਿੰਦਰ ਸਿੰਘ ਔਜਲਾ ਦੀ ਦੇਖ-ਰੇਖ ਹੇਠ ਕਰਵਾਈ ਗਈ, ਜਦਕਿ ਸੁਨਾਮ-1 ਬਲਾਕ ਵਿੱਚ ਇਹ ਪ੍ਰੋਗਰਾਮ ਸੀਡੀਪੀਓ ਸ੍ਰੀਮਤੀ ਰੇਖਾ ਰਾਣੀ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਦੋਵੇਂ ਬਲਾਕਾਂ ਦੇ ਸੁਪਰਵਾਈਜ਼ਰਾਂ ਅਤੇ ਆਂਗਣਵਾੜੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਪ੍ਰੋਗਰਾਮ ਦੇ ਪਹਿਲੇ ਸੈਸ਼ਨ ਵਿੱਚ ਸੇਬੀ (SEBI) ਦੇ ਨਿਵੇਸ਼ਕ ਜਾਗਰੂਕਤਾ ਉਪਰਾਲੇ (Investor Awareness Initiative) ਤਹਿਤ ਵਿੱਤੀ ਸਾਖਰਤਾ, ਬੱਚਤ, ਨਿਵੇਸ਼, ਰਿਟਾਇਰਮੈਂਟ ਯੋਜਨਾਬੰਦੀ ਅਤੇ ਸਾਈਬਰ ਸੁਰੱਖਿਆ ਸਬੰਧੀ ਸਿਖਲਾਈ ਦਿੱਤੀ ਗਈ।

ਸੇਬੀ ਰਜਿਸਟਰਡ ਟ੍ਰੇਨਰ ਸ਼੍ਰੀ ਵਿਨੈ ਕੁਮਾਰ (ਆਗਰਾ) ਨੇ ਭਾਗੀਦਾਰਾਂ ਨੂੰ ਵਿੱਤੀ ਯੋਜਨਾਬੰਦੀ, ਨਿਯਮਤ ਬੱਚਤ, ਸੁਰੱਖਿਅਤ ਨਿਵੇਸ਼ ਅਤੇ ਆਰਥਿਕ ਸਸ਼ਕਤੀਕਰਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿੱਤੀ ਤੌਰ 'ਤੇ ਸਸ਼ਕਤ ਬਣਨ ਲਈ ਸਹੀ ਯੋਜਨਾਬੰਦੀ ਅਤੇ ਜਾਗਰੂਕਤਾ ਦੀ ਲੋੜ 'ਤੇ ਜ਼ੋਰ ਦਿੱਤਾ।

ਇਸ ਮੌਕੇ ਸ਼੍ਰੀ ਗੌਰਵ, ਬ੍ਰਾਂਚ ਮੈਨੇਜਰ, ਪਟਿਆਲਾ ਅਤੇ ਸ਼੍ਰੀ ਸਾਹਿਬ, ਸੇਲਜ਼ ਅਫ਼ਸਰ, ਪਟਿਆਲਾ ਨੇ ਬੈਂਕਿੰਗ ਸੇਵਾਵਾਂ, ਡਿਜ਼ੀਟਲ ਲੈਣ-ਦੇਣ, ਬੱਚਤ ਯੋਜਨਾਵਾਂ ਅਤੇ ਵਿੱਤੀ ਅਨੁਸ਼ਾਸਨ ਬਾਰੇ ਜਾਣਕਾਰੀ ਸਾਂਝੀ ਕੀਤੀ।

ਟ੍ਰੇਨਿੰਗ ਦੌਰਾਨ ਵੱਧ ਰਹੀਆਂ ਸਾਈਬਰ ਠੱਗੀਆਂ, ਫ਼ਰਜ਼ੀ ਫ਼ੋਨ ਕਾਲਾਂ, ਸ਼ੱਕੀ ਲਿੰਕਾਂ, ਓਟੀਪੀ ਅਤੇ ਬੈਂਕ ਖਾਤਿਆਂ ਨਾਲ ਸਬੰਧਤ ਧੋਖਾਧੜੀ ਤੋਂ ਬਚਣ ਲਈ ਲੋੜੀਂਦੀਆਂ ਸਾਵਧਾਨੀਆਂ ਬਾਰੇ ਵੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।

ਇਸ ਤੋਂ ਇਲਾਵਾ ਸੁਨਾਮ-1 ਬਲਾਕ ਵਿਖੇ ਵਿਸ਼ਵ ਸਤਨਪਾਨ ਹਫ਼ਤਾ (1 ਤੋਂ 7 ਅਗਸਤ) ਦੇ ਸਬੰਧ ਵਿੱਚ ਵਿਸ਼ੇਸ਼ ਜਾਗਰੂਕਤਾ ਸੈਸ਼ਨ ਵੀ ਲਾਇਆ ਗਿਆ। ਇਸ ਮੌਕੇ ਸੀਡੀਪੀਓ ਸ੍ਰੀਮਤੀ ਰੇਖਾ ਰਾਣੀ ਨੇ ਨਵਜਾਤ ਬੱਚਿਆਂ ਲਈ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜਨਮ ਤੋਂ ਤੁਰੰਤ ਬਾਅਦ ਅਤੇ ਪਹਿਲੇ ਛੇ ਮਹੀਨਿਆਂ ਤੱਕ ਕੇਵਲ ਮਾਂ ਦਾ ਦੁੱਧ ਹੀ ਬੱਚੇ ਦੇ ਸਰਵਪੱਖੀ ਵਿਕਾਸ, ਪੋਸ਼ਣ ਅਤੇ ਰੋਗ-ਪ੍ਰਤੀਰੋਧਕ ਸਮਰੱਥਾ ਲਈ ਸਭ ਤੋਂ ਉੱਤਮ ਆਹਾਰ ਹੈ। ਉਨ੍ਹਾਂ ਨੇ ਆਂਗਣਵਾੜੀ ਵਰਕਰਾਂ ਨੂੰ ਮਾਂ ਦੇ ਦੁੱਧ ਦੇ ਲਾਭਾਂ ਬਾਰੇ ਵੱਧ ਤੋਂ ਵੱਧ ਪਰਿਵਾਰਾਂ ਨੂੰ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਆਂਗਣਵਾੜੀ ਵਰਕਰਾਂ ਵੱਲੋਂ ਪੌਸ਼ਟਿਕ ਰੈਸਪੀਆਂ ਤਿਆਰ ਕਰਕੇ ਪੇਸ਼ ਕੀਤੀਆਂ ਗਈਆਂ।

ਅੰਤ ਵਿੱਚ ਸੀਡੀਪੀਓ ਸ਼੍ਰੀ ਗੁਰਵਿੰਦਰ ਸਿੰਘ ਔਜਲਾ ਅਤੇ ਸ੍ਰੀਮਤੀ ਰੇਖਾ ਰਾਣੀ ਨੇ ਰਿਸੋਰਸ ਪਰਸਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਆਂਗਣਵਾੜੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਵਿੱਤੀ ਸਾਖਰਤਾ, ਸੁਰੱਖਿਅਤ ਨਿਵੇਸ਼, ਸਾਈਬਰ ਠੱਗੀਆਂ ਤੋਂ ਬਚਾਅ ਅਤੇ ਵਿਸ਼ਵ ਸਤਨਪਾਨ ਹਫ਼ਤੇ ਸਬੰਧੀ ਪ੍ਰਾਪਤ ਜਾਣਕਾਰੀ ਨੂੰ ਆਪਣੇ-ਆਪਣੇ ਆਂਗਣਵਾੜੀ ਕੇਂਦਰਾਂ ਰਾਹੀਂ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ।

ਉਨ੍ਹਾਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਸਮਾਜ ਵਿੱਚ ਵਿੱਤੀ ਸਸ਼ਕਤੀਕਰਨ, ਸਾਈਬਰ ਸੁਰੱਖਿਆ ਅਤੇ ਮਾਂ ਤੇ ਬੱਚੇ ਦੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਇਸ ਮੌਕੇ ਦੋਵੇਂ ਬਲਾਕਾਂ ਦੇ ਸੁਪਰਵਾਈਜ਼ਰ ਅਤੇ ਆਂਗਣਵਾੜੀ ਵਰਕਰ ਹਾਜ਼ਰ ਸਨ।

## ਰਿਟਾਇਰੀ ਅਤੇ ਮੌਜੂਦਾ ਕੰਮ ਕਰਦੇ ਕਰਮਚਾਰੀਆਂ ਨੂੰ ਦਿੱਤੇ ਜਾਣ ਵਾਲੇ ਲਾਭਾਂ ਦਾ ਤੁਰੰਤ ਭੁਗਤਾਨ ਕੀਤਾ ਜਾਵੇ-ਜ਼ਿਲ੍ਹਾ ਸਿੱਖਿਆ ਅਫਸਰ



**ਫਤਹਿਗੜ੍ਹ ਸਾਹਿਬ, 6 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਿਟਾਇਰੀ ਅਤੇ ਮੌਜੂਦਾ ਕੰਮ ਕਰਦੇ ਕਰਮਚਾਰੀਆਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਲਾਭਾਂ ਦਾ ਤੁਰੰਤ ਭੁਗਤਾਨ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਸਮੱਸਿਆ ਦੀ ਸਾਹਮਣਾ ਨਾ ਕਰਨਾ ਪਵੇ। ਇਹ ਹਦਾਇਤਾਂ ਜਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀਮਤੀ ਰਵਿੰਦਰ ਕੌਰ ਨੇ ਸਿੱਖਿਆ ਵਿਭਾਗ ਅਧੀਨ ਚੱਲ ਰਹੇ ਸਾਰੇ ਕੰਮਾਂ ਅਤੇ ਪ੍ਰੋਜੈਕਟਾਂ ਦੀ ਸਮੀਖਿਆ ਕਰਨ ਲਈ ਮਾਤਾ ਗੁਜਰੀ ਕਾਲਜ ਫ਼ਤਹਿਗੜ੍ਹ ਸਾਹਿਬ ਵਿਖੇ ਜ਼ਿਲ੍ਹੇ ਦੇ ਸਮੂਹ ਡੀ.ਡੀ.ਓ.,ਪ੍ਰਿੰਸੀਪਲ, ਹੈੱਡ ਮਾਸਟਰ ਨਾਲ ਕੀਤੀ ਮੀਟਿੰਗ ਦੌਰਾਨ ਦਿੱਤੀਆਂ।

ਮੀਟਿੰਗ ਦੌਰਾਨ ਜ਼ਿਲ੍ਹਾ ਸਿੱਖਿਆ ਅਫਸਰ(ਸੈਕੰਡਰੀ) ਨੇ ਸਮੂਹ ਪ੍ਰਿੰਸੀਪਲ, ਹੈੱਡ ਮਾਸਟਰਾਂ ਨੂੰ ਸਕੂਲਾਂ ਨਾਲ ਸਬੰਧਤ ਸਾਰੇ ਕੰਮ ਸਮੇਂ ਨਾਲ ਮੁਕੰਮਲ ਕਰਨ ਨੂੰ ਕਿਹਾ। ਉਨ੍ਹਾਂ ਸਕੂਲ ਸਿੱਖਿਆ ਸਕੱਤਰ, ਪੰਜਾਬ ਨਾਲ ਪਿਛਲੇ ਹਫਤੇ ਹੋਈ ਰੀਵਿਊ ਮੀਟਿੰਗ ਬਾਰੇ ਵਿਸਥਾਰ ਚਰਚਾ ਕੀਤੀ ਗਈ ਅਤੇ ਮੌਕੇ ਤੇ ਸਮੱਸਿਆਵਾਂ ਦਾ ਹੱਲ ਕੀਤਾ ਗਿਆ।

ਜ਼ਿਲ੍ਹਾ ਸਿੱਖਿਆ ਅਫਸਰ ਨੇ ਦੱਸਿਆ ਕਿ ਇਸ ਸਾਲ ਜਿਲ੍ਹੇ ਦੇ 20 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ, 14 ਵਿਦਿਆਰਥੀਆਂ ਨੇ ਜੇ.ਈ.ਮੇਨ ਅਤੇ 05 ਵਿਦਿਆਰਥੀਆਂ ਨੇ ਜੇ.ਈ.ਐਡਵਾਂਸ ਦੀ ਪ੍ਰੀਖਿਆ ਪਾਸ ਕਰਕੇ ਜਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਮੀਟਿੰਗ ਦੌਰਾਨ ਵੋਕੇਸ਼ਨਲ ਸਿੱਖਿਆ, ਬਿਜ਼ਨਸ ਬਲਾਸਟਰ, ਯੁੱਧ ਨਸ਼ਿਆ ਵਿਰੁੱਧ, ਸਾਇੰਸ ਐਕਟੀਵਿਟੀ, ਮਿਸ਼ਨ ਰਫ਼ਤਾਰ,ਏ.ਆਈ.,ਖੇਡਾਂ ਅਤੇ ਮਿਸ਼ਨ ਸਮਰੱਥ ਸਬੰਧੀ ਵਿਸ਼ਥਾਰ ਸਹਿਤ ਚਰਚਾ ਕੀਤੀ। ਮੀਟਿੰਗ ਦੌਰਾਨ ਦੀਦਾਰ ਸਿੰਘ ਉੱਪ ਜਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਦੀਪਕ ਕੁਮਾਰ, ਮਨਦੀਪ ਖੁੱਲਰ,ਤਜਿੰਦਰ ਸਿੰਘ ਨੇ, ਮਨਿੰਦਰ ਸਿੰਘ, ਜਸਵੀਰ ਸਿੰਘ, ਜਤਿੰਦਰ ਸਿੰਘ, ਸਮਤਾ ਰਾਣੀ, ਪ੍ਰਿਤਪਾਲ ਸਿੰਘ, ਅਮਨ ਮੱਟੂ, ਨਰਿੰਦਰ ਕੁਮਾਰ,ਮਨੋਜ ਕੁਮਾਰ ਹਾਜਰ ਸਨ।

## ਪੀ.ਆਰ.ਟੀ.ਸੀ. ਦੀਆਂ ਬੱਸਾਂ ਵਿੱਚ ਜਲਦ ਰੋਲ ਆਊਟ ਹੋਣਗੀਆਂ ਨਵੀਂਆਂ ਆਨਲਾਈਨ ਈ.ਟੀ.ਐਮ. ਮਸ਼ੀਨਾਂ: ਚੇਅਰਮੈਨ ਹਰਪਾਲ ਜੁਨੇਜਾ



**ਪਟਿਆਲਾ, 6 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਵਿੱਚ ਸਰਕਾਰੀ ਸੇਵਾਵਾਂ ਦੇ ਸੰਪੂਰਨ ਕੰਪਿਊਟਰੀਕਰਨ ਅਤੇ ਡਿਜੀਟਲ ਸੁਧਾਰਾਂ ਦੀ ਲੜੀ ਨੂੰ ਅੱਗੇ ਵਧਾਉਂਦਿਆਂ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਵੱਲੋਂ ਆਪਣੀਆਂ ਬੱਸਾਂ ਵਿੱਚ ਨਵੀਂਆਂ ਆਨਲਾਈਨ ਈ.ਟੀ.ਐਮ. ਮਸ਼ੀਨਾਂ ਰੋਲ ਆਊਟ ਕਰਨ ਦੀ ਤਿਆਰੀ ਕਰ ਲਈ ਗਈ ਹੈ। ਇਸ ਸਬੰਧੀ ਅੱਜ ਪੀ.ਆਰ.ਟੀ.ਸੀ. ਦੇ ਮੁੱਖ ਦਫ਼ਤਰ ਵਿਖੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਅਤੇ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਆਈ ਏ ਐਸ ਦੀ ਪ੍ਰਧਾਨਗੀ ਹੇਠ ਅਧਿਕਾਰੀਆਂ ਅਤੇ ਮੁੰਬਈ ਦੀ 'ਓਮਨੀਫਿਸੈਂਟ ਟੈਕਨੋਲੋਜੀ ਪ੍ਰਾਈਵੇਟ ਲਿਮਟਿਡ' ਕੰਪਨੀ ਦੇ ਸੀ.ਈ.ਓ. ਸ੍ਰੀ ਅਮਿਤ ਮਹਿਤਾ ਤੇ ਸਾਫਟਵੇਅਰ ਇੰਜੀਨੀਅਰ ਸ੍ਰੀ ਪ੍ਰਦੀਪ ਮਿਸ਼ਰਾ ਨਾਲ ਇੱਕ ਉੱਚ ਪੱਧਰੀ ਡੈਮੋ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪਟਿਆਲਾ ਡਿਪੂ ਵਿੱਚ ਨਵੀਂਆਂ ਆਨਲਾਈਨ ਟਿਕਟ ਮਸ਼ੀਨਾਂ ਸਬੰਧੀ ਚੱਲ ਰਹੇ ਪਾਇਲਟ ਪ੍ਰੋਜੈਕਟ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਗਈ ਅਤੇ ਸੁਧਾਰ ਲਈ ਜ਼ਰੂਰੀ ਨੁਕਤਿਆਂ 'ਤੇ ਵਿਚਾਰ ਕੀਤਾ ਗਿਆ। ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਵੱਲੋਂ ਮੌਕੇ 'ਤੇ ਹੀ ਸਮੂਹ ਡਿਪੂਆਂ ਦੇ ਜਨਰਲ ਮੈਨੇਜਰਾਂ ਨੂੰ ਇਸ ਪ੍ਰੋਜੈਕਟ ਨੂੰ ਪੂਰੇ ਪੰਜਾਬ ਵਿੱਚ ਜਲਦ ਤੋਂ ਜਲਦ ਮੁਕੰਮਲ ਕਰਨ ਦੇ ਆਦੇਸ਼ ਦਿੱਤੇ ਗਏ। ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਮਸ਼ੀਨਾਂ ਦਾ ਲਾਈਵ ਡੈਮੋ ਖੁਦ ਚੈੱਕ ਕਰਨ ਤੋਂ ਬਾਅਦ ਦੱਸਿਆ ਕਿ ਇਸ ਨਵੀਂ ਪ੍ਰਣਾਲੀ ਨਾਲ ਯਾਤਰੀਆਂ ਨੂੰ ਨਕਦ ਪੈਸੇ ਦੇਣ ਦੀ ਲੋੜ ਨਹੀਂ ਪਵੇਗੀ, ਉਹ ਯੂ.ਪੀ.ਆਈ., ਡੈਬਿਟ ਜਾਂ ਕ੍ਰੈਡਿਟ ਕਾਰਡ ਰਾਹੀਂ ਆਨਲਾਈਨ ਕਿਰਾਇਆ ਅਦਾ ਕਰ ਸਕਣਗੇ। ਉਨ੍ਹਾਂ ਅੱਗੇ ਵੱਡਾ ਐਲਾਨ ਕਰਦਿਆਂ ਦੱਸਿਆ ਕਿ ਆਮ ਜਨਤਾ ਦੀ ਸਹੂਲਤ ਲਈ ਪੀ.ਆਰ.ਟੀ.ਸੀ. ਵੱਲੋਂ ਇੱਕ ਵਿਸ਼ੇਸ਼ ਮੋਬਾਈਲ ਐਪਲੀਕੇਸ਼ਨ ਵੀ ਜਾਰੀ ਕੀਤੀ ਜਾ ਰਹੀ ਹੈ। ਇਸ ਐਪ ਰਾਹੀਂ ਮੁਸਾਫ਼ਰ ਬੱਸਾਂ ਦੀ ਲਾਈਵ ਲੋਕੇਸ਼ਨ, ਆਨਲਾਈਨ ਟਿਕਟ ਬੁਕਿੰਗ ਅਤੇ ਸਮੇਂ ਦੀ ਸਾਰਣੀ ਬਾਰੇ ਜਾਣਕਾਰੀ ਘਰ ਬੈਠੇ ਹੀ ਹਾਸਲ ਕਰ ਸਕਣਗੇ।ਜੁਨੇਜਾ ਨੇ ਕਿਹਾ ਕਿ ਪੀ.ਆਰ.ਟੀ.ਸੀ. ਦੇ ਆਈ.ਟੀ. ਸੈੱਲ ਨੂੰ ਹੋਰ ਮਜ਼ਬੂਤ ਕਰਨ ਅਤੇ ਯਾਤਰੀਆਂ ਨੂੰ ਹਾਈ-ਟੈਕ ਸਹੂਲਤਾਂ ਦੇਣ ਲਈ ਭਵਿੱਖ ਵਿੱਚ ਵੀ ਅਜਿਹੇ ਕਦਮ ਜਾਰੀ ਰਹਿਣਗੇ।

## ਮੱਖਣ ਰਾਮ ਨੂੰ ਸੈਂਟਰਲ ਵਾਲਮੀਕੀ ਸਭਾ ਇੰਡੀਆ ਵੱਲੋਂ ਹਲਕਾ ਸ੍ਰੀ ਚਮਕੌਰ ਸਾਹਿਬ ਦਾ ਇੰਚਾਰਜ ਨਿਯੁਕਤ

**ਮੋਰਿੰਡਾ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਾਲਮੀਕੀ ਸਭਾ ਇੰਡੀਆ ਪੰਜਾਬ ਜਿਲ੍ਹਾ ਰੋਪੜ ਵੱਲੋਂ ਮੱਖਣ ਰਾਮ ਬਲਦੇਵ ਨਗਰ ਮੋਰਿੰਡਾ ਨੂੰ ਉਹਨਾਂ ਦੀਆਂ ਸਮਾਜ ਦੇ ਪ੍ਰਤੀ ਸੇਵਾਵਾਂ, ਨਿਸ਼ਠਾ, ਇਮਾਨਦਾਰੀ ਅਤੇ ਸੰਗਠਨ ਪ੍ਰਤੀ ਸਮਰਪਣ ਨੂੰ ਧਿਆਨ ਵਿੱਚ ਰੱਖਦੇ ਹੋਏ ਸੈਂਟਰਲ ਵਾਲਮੀਕੀ ਸਭਾ ਇੰਡੀਆ ਦੇ ਜ਼ਿਲ੍ਹਾ ਪ੍ਰਧਾਨ ਰਮਨ ਮੱਟੂ ਵੱਲੋਂ ਹਲਕਾ ਸ੍ਰੀ ਚਮਕੌਰ ਸਾਹਿਬ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਇਸ ਸਮੇਂ ਉਹਨਾਂ ਨਾਲ ਬੀਜੇਪੀ ਪਾਰਟੀ ਦੇ ਵਾਈਸ



ਪੰਜਾਬ ਪ੍ਰਧਾਨ ਗੇਜਾ ਰਾਮ ਵੀ ਹਾਜ਼ਰ ਸਨ। ਨਵ ਨਿਯੁਕਤ ਹਲਕਾ ਇੰਚਾਰਜ ਮੱਖਣ ਰਾਮ ਨੇ ਕਿਹਾ ਕਿ ਉਹ ਸੰਗਠਨ ਦੇ ਸਿਧਾਂਤਾਂ, ਨਿਯਮਾਂ ਅਤੇ ਨੀਤੀਆਂ ਦੀ ਪਾਲਣਾ ਕਰਦੇ ਹੋਏ ਪੂਰੀ ਸੱਚਾਈ ਅਤੇ ਇਮਾਨਦਾਰੀ ਨਾਲ ਸੰਗਠਨ ਦਾ ਕੰਮ ਕਰਨਗੇ।

## ਵਿਜੀਲੈਂਸ ਬਿਊਰੋ ਵੱਲੋਂ 1,00,000 ਰੁਪਏ ਰਿਸ਼ਵਤ ਲੈਂਦੀ ਸੀਨੀਅਰ ਸਹਾਇਕ ਰੰਗੇ ਹੱਥੀਂ ਕਾਬੂ




**ਮੁਹਾਲੀ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਆਰ.ਆਈ.ਏ.ਸ਼ਾਖਾ, ਡੀ.ਸੀ ਦਫ਼ਤਰ ਐਸ ਏ ਐਸ ਨਗਰ ਵਿਖੇ ਤਾਇਨਾਤ ਸੀਨੀਅਰ ਸਹਾਇਕ ਭੁਪਿੰਦਰ ਕੌਰ ਨੂੰ ਇੱਕ ਲੱਖ ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ,ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਪਿੰਡ ਚਿਤ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਦੋਸ਼ੀ ਸੀਨੀਅਰ ਸਹਾਇਕ ਨੇ ਸ਼ਿਕਾਇਤਕਰਤਾ ਤੋਂ ਸਕਾਈ ਰੌਕ ਵੈਲਫੇਅਰ ਸੁਸਾਇਟੀ, ਸੈਕਟਰ 111/112, ਮੋਹਾਲੀ ਵਿਖੇ ਨਿਲਾਮੀ ਪਲਾਟ ਦਿਵਾਉਣ ਬਦਲੇ 8,00,000 ਰੁਪਏ ਬਤੌਰ ਰਿਸ਼ਵਤ ਮੰਗੇ ਸਨ। ਗੈਰ-ਕਾਨੂੰਨੀ ਰਿਸ਼ਵਤ ਦੇਣ ਤੋਂ ਇਨਕਾਰੀ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਦੇ ਫਲਾਇੰਗ ਸਕੁਐਡ-1 ਐਸ.ਏ.ਐਸ. ਨਗਰ ਕੋਲ ਪਹੁੰਚ ਕੀਤੀ। ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ, ਵਿਜੀਲੈਂਸ ਦੀ ਟੀਮ ਨੇ ਦੋਸ਼ੀ ਸੀਨੀਅਰ ਸਹਾਇਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਇੱਕ ਲੱਖ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧ ਵਿੱਚ, ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਥਾਣਾ ਐਸ. ਏ.ਐਸ. ਨਗਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

## 12 ਅਗਸਤ ਨੂੰ ਹੁਸ਼ਿਆਰਪੁਰ ਚ ਹੋਵੇਗਾ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਪ੍ਰੋਗਰਾਮ, ਜਿੰਪਾ ਨੇ ਅਰਵਿੰਦ ਕੇਜਰੀਵਾਲ ਨਾਲ ਕੀਤੀ ਮੁਲਾਕਾਤ

**ਹੁਸ਼ਿਆਰਪੁਰ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਨਵੀਂ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਕੇ 12 ਅਗਸਤ ਨੂੰ ਹੋਣ ਵਾਲੇ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਅਤੇ ਵੱਖ-ਵੱਖ ਧਾਰਮਿਕ ਅਸਥਾਨਾਂ ਲਈ ਬੱਸਾਂ ਨੂੰ ਰਵਾਨਾ ਕਰਨ ਦੇ ਸਮਾਗਮ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਤੋਂ ਬਾਅਦ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 12 ਅਗਸਤ ਨੂੰ ਹੁਸ਼ਿਆਰਪੁਰ ਵਿੱਚ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਪ੍ਰੋਗਰਾਮ ਕਰਵਾਇਆ ਜਾਵੇਗਾ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਸ਼ਰਧਾਲੂਆਂ ਵਜੋਂ ਸ਼ਮੂਲੀਅਤ ਕਰਨਗੇ। ਇਸੇ ਦਿਨ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵ੍ਰਿੰਦਾਵਨ, ਮਥੁਰਾ, ਹਰਿਦੁਆਰ, ਸ੍ਰੀ ਸਾਲਾਸਰ ਬਾਲਾਜੀ ਅਤੇ ਹੋਰ ਪ੍ਰਮੁੱਖ ਧਾਰਮਿਕ ਅਸਥਾਨਾਂ ਲਈ ਬੱਸਾਂ ਨੂੰ ਹਰੀ ਝੰਡੀ ਵੀ ਦਿਖਾਈ ਜਾਵੇਗੀ, ਜਿਸ ਨਾਲ ਸ਼ਰਧਾਲੂ ਮੁਫ਼ਤ ਤੀਰਥ ਯਾਤਰਾ ਕਰ ਸਕਣਗੇ। ਜਿੰਪਾ ਨੇ ਦੱਸਿਆ ਕਿ ਉਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਕੇ 12 ਅਗਸਤ ਨੂੰ ਹੋਣ ਵਾਲੇ ਇਸ ਵਿਸ਼ਾਲ ਧਾਰਮਿਕ ਸਮਾਗਮ ਦੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਪ੍ਰੋਗਰਾਮ ਨੂੰ ਲੋਕਾਂ ਵੱਲੋਂ ਭਰਪੂਰ ਸਰਾਹਨਾ ਮਿਲ ਰਹੀ ਹੈ।ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸਰਕਾਰ ਦੀਆਂ ਸਭ ਤੋਂ ਸ਼ਲਾਘਾਯੋਗ ਪਹਿਲਕਦਮੀਆਂ ਵਿੱਚੋਂ ਇੱਕ ਬਣ ਚੁੱਕੀ ਹੈ, ਜਿਸ ਰਾਹੀਂ ਸ਼ਰਧਾਲੂ ਸਨਮਾਨ ਅਤੇ ਸਹੂਲਤ ਨਾਲ ਪਵਿੱਤਰ ਧਾਰਮਿਕ ਅਸਥਾਨਾਂ ਦੀ ਯਾਤਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨੇ ਉਨ੍ਹਾਂ ਲੋਕਾਂ ਦਾ ਸੁਪਨਾ ਸਾਕਾਰ ਕੀਤਾ ਹੈ ਜੋ ਆਰਥਿਕ ਕਾਰਨਾਂ ਕਰਕੇ ਤੀਰਥ ਯਾਤਰਾ ਨਹੀਂ ਕਰ ਸਕਦੇ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿੱਖਿਆ, ਸਿਹਤ, ਰੁਜ਼ਗਾਰ, ਮਹਿਲਾ ਭਲਾਈ ਅਤੇ ਸਮਾਜਿਕ ਸੁਰੱਖਿਆ ਨੂੰ ਤਰਜੀਹ ਦੇ ਕੇ ਸ਼ਾਸਨ ਪ੍ਰਣਾਲੀ ਵਿੱਚ ਵਿਆਪਕ ਬਦਲਾਅ ਲਿਆਂਦਾ ਹੈ। ਉਨ੍ਹਾਂ ਕਿਹਾ ਕਿ ਪਾਰਦਰਸ਼ੀ, ਭ੍ਰਿਸ਼ਟਾਚਾਰ-ਮੁਕਤ ਅਤੇ ਲੋਕ-ਕੇਂਦਰਿਤ ਸ਼ਾਸਨ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਰਿਹਾ ਹੈ। ਜਿੰਪਾ ਨੇ ਵਿਸ਼ਵਾਸ ਪ੍ਰਗਟਾਇਆ ਕਿ 12 ਅਗਸਤ ਦੇ ਇਹ ਪ੍ਰੋਗਰਾਮ ਹੁਸ਼ਿਆਰਪੁਰ ਲਈ ਯਾਦਗਾਰ ਸਾਬਤ ਹੋਣਗੇ। ਉਨ੍ਹਾਂ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਇਸ ਧਾਰਮਿਕ ਸਮਾਗਮ ਨੂੰ ਸਫ਼ਲ ਬਣਾਉਣ ਦੀ ਅਪੀਲ ਕੀਤੀ।



## ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ 11 ਅਗਸਤ ਨੂੰ ਦੁਸਹਿਰਾ ਗਰਾਊਂਡ ਵਿਖੇ ਹੋਵੇਗਾ ਆਯੋਜਿਤ: ਬ੍ਰਮ ਸ਼ੰਕਰ ਜਿੰਪਾ



**ਹੁਸ਼ਿਆਰਪੁਰ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦੱਸਿਆ ਕਿ ਭਗਵਾਨ ਸ਼ਿਵ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਦਾ ਆਯੋਜਨ 11 ਅਗਸਤ ਨੂੰ ਦੁਸਹਿਰਾ ਗਰਾਊਂਡ, ਹੁਸ਼ਿਆਰਪੁਰ ਵਿਖੇ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 11 ਅਗਸਤ ਨੂੰ ਸ਼ਾਮ 6:30 ਵਜੇ ਸ਼ੁਰੂ ਹੋਣ ਵਾਲੇ ਇਸ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਦੇਸ਼ ਦੇ ਪ੍ਰਸਿੱਧ ਗਾਇਕ ਕੈਲਾਸ਼ ਖੇਰ ਆਪਣੀ ਭਗਤੀਮਈ ਪੇਸ਼ਕਾਰੀ ਦੇਣਗੇ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਦੀਪਕ ਬਾਲੀ ਨੇ ਸ਼ਨੀਵਾਰ ਨੂੰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਦੁਸਹਿਰਾ ਗਰਾਊਂਡ ਦਾ ਦੌਰਾ ਕਰਕੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਵੱਖ-ਵੱਖ ਪ੍ਰਬੰਧਾਂ ਦੀ ਸਮੀਖਿਆ ਕੀਤੀ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਸ਼ਰਧਾਲੂਆਂ ਦੀ ਸਹੂਲਤ, ਸੁਰੱਖਿਆ, ਆਵਾਜਾਈ ਪ੍ਰਬੰਧਨ, ਪਾਰਕਿੰਗ, ਪੀਣ ਵਾਲੇ ਪਾਣੀ, ਸਫ਼ਾਈ, ਡਾਕਟਰੀ ਸਹਾਇਤਾ ਅਤੇ ਹੋਰ ਲੋੜੀਂਦੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਵਿਧਾਇਕ ਜਿੰਪਾ ਨੇ ਕਿਹਾ ਕਿ ਸਮਾਗਮ ਵੱਡੇ ਪੱਧਰ 'ਤੇ ਕੀਤਾ ਜਾ ਰਿਹਾ ਹੈ ਅਤੇ ਇਸ ਵਿੱਚ ਹਜ਼ਾਰਾਂ ਸ਼ਰਧਾਲੂਆਂ ਦੇ ਪਹੁੰਚਣ ਦੀ ਸੰਭਾਵਨਾ ਹੈ। ਇਸ ਨੂੰ ਧਿਆਨ ਵਿੱਚ ਰੱਖਦਿਆਂ ਸਾਰੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ, ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

ਦੀਪਕ ਬਾਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਗਮ ਦੇ ਪ੍ਰਬੰਧਾਂ ਅਤੇ ਸ਼ਰਧਾਲੂਆਂ ਦੀਆਂ ਸਹੂਲਤਾਂ ਲਈ ਪੂਰਾ ਸਹਿਯੋਗ ਦੇ ਰਹੀ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਇਸ ਸਮਾਗਮ ਵਿੱਚ ਸ਼ਰਧਾਲੂ ਵਜੋਂ ਸ਼ਾਮਲ ਹੋ ਕੇ ਭਗਵਾਨ ਸ਼ਿਵ ਦਾ ਆਸ਼ੀਰਵਾਦ ਪ੍ਰਾਪਤ ਕਰਨਗੇ। ਉਨ੍ਹਾਂ ਕਿਹਾ ਕਿ ਇਹ ਸਮਾਗਮ ਕੇਵਲ ਇੱਕ ਧਾਰਮਿਕ ਪ੍ਰੋਗਰਾਮ ਨਹੀਂ, ਸਗੋਂ ਆਸਥਾ, ਸੱਭਿਆਚਾਰ ਅਤੇ ਸਮਾਜਿਕ ਸਦਭਾਵਨਾ ਦਾ ਪ੍ਰਤੀਕ ਹੈ, ਜੋ ਸਮਾਜ ਵਿੱਚ ਭਾਈਚਾਰੇ, ਏਕਤਾ ਅਤੇ ਸਾਂਝ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰੇਗਾ।

ਵਿਧਾਇਕ ਜਿੰਪਾ ਨੇ ਕਿਹਾ ਕਿ ਇਹ ਸਮਾਗਮ ਕਿਸੇ ਇੱਕ ਸੰਸਥਾ ਦਾ ਨਹੀਂ, ਸਗੋਂ ਪੂਰੇ ਖੇਤਰ ਦੀ ਆਸਥਾ ਅਤੇ ਲੋਕ ਸਹਿਯੋਗ ਦਾ ਪ੍ਰਤੀਕ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਸਾਰੇ ਲੋੜੀਂਦੇ ਪ੍ਰਬੰਧਾਂ ਵਿੱਚ ਸਹਿਯੋਗ ਪ੍ਰਦਾਨ ਕਰ ਰਹੀ ਹੈ, ਜਦਕਿ ਸਥਾਨਕ ਮੰਦਰ ਕਮੇਟੀਆਂ, ਧਾਰਮਿਕ ਸੰਸਥਾਵਾਂ ਅਤੇ ਸਮਾਜ ਸੇਵੀ ਸੰਸਥਾਵਾਂ ਆਪਸੀ ਤਾਲਮੇਲ ਨਾਲ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਕੰਮ ਕਰ ਰਹੇ ਹਨ।

ਉਨ੍ਹਾਂ ਹੁਸ਼ਿਆਰਪੁਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਸਮੂਹ ਸ਼ਰਧਾਲੂਆਂ ਨੂੰ ਪਰਿਵਾਰ ਸਮੇਤ ਇਸ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋ ਕੇ ਭਗਵਾਨ ਸ਼ਿਵ ਦਾ ਆਸ਼ੀਰਵਾਦ ਪ੍ਰਾਪਤ ਕਰਨ ਅਤੇ ਸਮਾਜਿਕ ਏਕਤਾ ਅਤੇ ਭਾਈਚਾਰੇ ਦੇ ਸੰਦੇਸ਼ ਨੂੰ ਹੋਰ ਮਜ਼ਬੂਤ ਬਣਾਉਣ ਦੀ ਅਪੀਲ ਕੀਤੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨਿਧੀ ਕੁਮੁਦ ਬੰਬਾਹ, ਐਸਪੀ ਨਵਨੀਤ ਕੌਰ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਆਜ਼ਾਦੀ ਦਿਵਸ ਮੌਕੇ ਸੁਰੱਖਿਆ ਪ੍ਰਬੰਧਾਂ ਦਾ ਡੀ.ਆਈ.ਜੀ. ਕਮਾਂਡੋ ਵੱਲੋਂ ਜਾਇਜ਼ਾ

**ਮਲੇਰਕੋਟਲਾ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਗਾਮੀ ਆਜ਼ਾਦੀ ਦਿਵਸ ਦੇ ਸਮਾਗਮ ਨੂੰ ਸ਼ਾਂਤੀਪੂਰਨ ਅਤੇ ਸੁਰੱਖਿਅਤ ਢੰਗ ਨਾਲ ਸੰਪੰਨ ਕਰਵਾਉਣ ਦੇ ਮੱਦੇਨਜ਼ਰ ਪੰਜਾਬ ਪੁਲਿਸ ਵੱਲੋਂ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਤਹਿਤ ਡੀ.ਆਈ.ਜੀ. ਕਮਾਂਡੋ, ਪੰਜਾਬ ਗੁਰਪ੍ਰੀਤ ਸਿੰਘ ਦੇ ਮਾਲੇਰਕੋਟਲਾ ਪਹੁੰਚਣ 'ਤੇ ਸੀਨੀਅਰ ਪੁਲਿਸ ਕਪਤਾਨ ਮਾਲੇਰਕੋਟਲਾ ਗੁਰਮੀਤ ਸਿੰਘ ਅਤੇ ਹੋਰ ਸੀਨੀਅਰ ਪੁਲਿਸ ਅਧਿਕਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪੁਲਿਸ ਟੁਕੜੀ ਨੇ ਉਨ੍ਹਾਂ ਨੂੰ ਗਾਰਡ ਆਫ਼ ਆਨਰ ਵੀ ਪੇਸ਼ ਕੀਤਾ।



ਇਸ ਉਪਰੰਤ ਡੀ.ਆਈ.ਜੀ. ਕਮਾਂਡੋ ਨੇ ਜ਼ਿਲ੍ਹਾ ਪੁਲਿਸ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਆਜ਼ਾਦੀ ਦਿਵਸ ਦੇ ਮੱਦੇਨਜ਼ਰ ਕਾਨੂੰਨ-ਵਿਵਸਥਾ ਅਤੇ ਸੁਰੱਖਿਆ ਪ੍ਰਬੰਧਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮਾਂ ਦੌਰਾਨ ਸੁਰੱਖਿਆ ਪ੍ਰਬੰਧਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਨਾ ਵਰਤੀ ਜਾਵੇ ਅਤੇ ਹਰ ਪੱਖ ਤੋਂ ਪੂਰੀ ਚੌਕਸੀ ਯਕੀਨੀ ਬਣਾਈ ਜਾਵੇ।

ਮੀਟਿੰਗ ਤੋਂ ਬਾਅਦ ਡੀ.ਆਈ.ਜੀ. ਕਮਾਂਡੋ ਨੇ ਜ਼ਾਕਿਰ ਹੁਸੈਨ ਸਟੇਡੀਅਮ, ਮਾਲੇਰਕੋਟਲਾ ਦਾ ਦੌਰਾ ਕਰਕੇ ਆਜ਼ਾਦੀ ਦਿਵਸ ਦੇ ਜ਼ਿਲ੍ਹਾ ਪੱਧਰੀ ਸਮਾਗਮ ਲਈ ਕੀਤੇ ਜਾ ਰਹੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਮਾਗਮ ਸਥਾਨ ਦੇ ਵੱਖ-ਵੱਖ ਪੁਆਇੰਟਾਂ ਦਾ ਨਿਰੀਖਣ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ।

ਇਸ ਤੋਂ ਇਲਾਵਾ ਉਨ੍ਹਾਂ ਨੇ ਮਾਲੇਰਕੋਟਲਾ ਰੇਲਵੇ ਸਟੇਸ਼ਨ ਦਾ ਵੀ ਨਿਰੀਖਣ ਕੀਤਾ ਅਤੇ ਉੱਥੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ। ਡੀ.ਆਈ.ਜੀ. ਕਮਾਂਡੋ ਨੇ ਸਮੂਹ ਪੁਲਿਸ ਫੋਰਸ ਨੂੰ 15 ਅਗਸਤ ਤੱਕ ਪੂਰੀ ਤਰ੍ਹਾਂ ਮੁਸਤੈਦ ਰਹਿਣ, ਸੰਵੇਦਨਸ਼ੀਲ ਥਾਵਾਂ 'ਤੇ ਵਿਸ਼ੇਸ਼ ਨਿਗਰਾਨੀ ਰੱਖਣ ਅਤੇ ਹਰ ਸਮੇਂ ਡਿਊਟੀ ਲਈ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ।

ਸੀਨੀਅਰ ਪੁਲਿਸ ਕਪਤਾਨ ਗੁਰਮੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਥਾਵਾਂ 'ਤੇ ਲਗਾਤਾਰ ਛਾਪੇਮਾਰੀ, ਸ਼ਾਮ ਅਤੇ ਰਾਤ ਸਮੇਂ ਸਖ਼ਤ ਨਾਕਾਬੰਦੀ, ਵਾਹਨਾਂ ਦੀ ਚੈਕਿੰਗ ਅਤੇ ਤਲਾਸ਼ੀ ਅਭਿਆਨ ਚਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਪੁਲਿਸ ਹਰ ਪੱਖੋਂ ਪੂਰੀ ਤਰ੍ਹਾਂ ਚੌਕਸ ਹੈ ਅਤੇ ਆਜ਼ਾਦੀ ਦਿਵਸ ਦੇ ਸਮਾਗਮਾਂ ਨੂੰ ਅਮਨ-ਅਮਾਨ ਅਤੇ ਸੁਰੱਖਿਅਤ ਮਾਹੌਲ ਵਿੱਚ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ।

ਮਾਲੇਰਕੋਟਲਾ ਪੁਲਿਸ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਗਤੀਵਿਧੀ ਜਾਂ ਸ਼ੱਕੀ ਵਿਅਕਤੀ ਬਾਰੇ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਪੰਜਾਬ ਪੁਲਿਸ ਹੈਲਪਲਾਈਨ ਨੰਬਰ 112 'ਤੇ ਸੂਚਨਾ ਦੇ ਕੇ ਪੁਲਿਸ ਦਾ ਸਹਿਯੋਗ ਕਰਨ।

ਇਸ ਮੌਕੇ ਐਸ.ਪੀ (ਐਚ) ਗੁਰਸ਼ਰਨਜੀਤ ਸਿੰਘ, ਐਸ.ਪੀ (ਪੀ.ਬੀ.ਆਈ) ਰਾਜਵਿੰਦਰ ਸਿੰਘ, ਡੀ.ਐਸ.ਪੀ (ਐਚ) ਸੁਮਿਤ ਸੂਦ, ਡੀ.ਐਸ.ਪੀ (ਸਪੈਸ਼ਲ ਬਰਾਂਚ) ਸਤੀਸ਼ ਕੁਮਾਰ, ਡੀ.ਐਸ.ਪੀ (ਐਨ.ਡੀ.ਪੀ.ਐਸ) ਯਾਦਵਿੰਦਰ ਸਿੰਘ, ਡੀ.ਐਸ.ਪੀ (ਮਾਲੇਰਕੋਟਲਾ) ਮਾਨਵਜੀਤ ਸਿੰਘ ਹਾਜ਼ਰ ਸਨ।

SEA DESIGN COMPANY
Customized and Designer



- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਧਨਾਸ ਵਿਖੇ ਨਵੇਂ ਆਂਗਣਵਾੜੀ-ਅਤੇ-ਕ੍ਰੈਚ ਭਵਨ ਦੇ ਨਿਰਮਾਣ ਨੂੰ ਮਨਜ਼ੂਰੀ ਦਿੱਤੀ

**ਚੰਡੀਗੜ੍ਹ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਧਨਾਸ (ਸਾਇਟ-1) ਸਥਿਤ ਇੱਕ ਕਮਰੇ ਵਾਲੇ ਆਵਾਸ ਪਰਿਸਰ ਵਿੱਚ ਲਗਭਗ 1.49 ਕਰੋੜ ਦੀ ਅਨੁਮਾਨਿਤ ਲਾਗਤ ਨਾਲ ਨਵੇਂ ਆਂਗਣਵਾੜੀ-ਅਤੇ-ਕ੍ਰੈਚ ਭਵਨ ਦੇ ਨਿਰਮਾਣ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਹੈ।

ਇਸ ਵੇਲੇ ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਯੂਟੀ ਚੰਡੀਗੜ੍ਹ ਪ੍ਰਸ਼ਾਸਨ ਦੇ ਅਧੀਨ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ 450 ਆਂਗਣਵਾੜੀ ਕੇਂਦਰ ਸੰਚਾਲਿਤ ਹਨ, ਜਿਨ੍ਹਾਂ ਵਿੱਚੋਂ 41 ਕੇਂਦਰ ਧਨਾਸ ਵਿੱਚ ਕਾਰਜਰਤ ਹਨ। ਇਹ ਕੇਂਦਰ ਆਂਗਣਵਾੜੀ ਸੇਵਾ ਯੋਜਨਾ ਅਤੇ ਪੋਸ਼ਣ ਅਭਿਯਾਨ ਦੇ ਤਹਿਤ ਬੱਚਿਆਂ, ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਤਾਵਾਂ ਨੂੰ ਪੂਰਕ ਪੋਸ਼ਣ, ਪ੍ਰੀ-ਸਕੂਲ ਸਿੱਖਿਆ, ਵਿਕਾਸ ਨਿਗਰਾਨੀ, ਸਿਹਤ ਜਾਂਚ, ਟੀਕਾਕਰਣ ਸਹਿਯੋਗ, ਪੋਸ਼ਣ ਅਤੇ ਸਿਹਤ ਸਿੱਖਿਆ ਅਤੇ ਰੈਫਰਲ ਸੇਵਾਵਾਂ ਉਪਲਬਧ ਕਰਵਾ ਰਹੇ ਹਨ।

ਲਾਭਾਰਥੀਆਂ ਤੱਕ ਸੇਵਾਵਾਂ ਦੀ ਬਿਹਤਰ ਪਹੁੰਚ ਸੁਨਿਸ਼ਚਿਤ ਕਰਨ ਅਤੇ ਸੇਵਾ ਪ੍ਰਦਾਨ ਕਰਨ ਨੂੰ ਮਜ਼ਬੂਤ ??ਬਣਾਉਣ ਦੇ ਉਦੇਸ਼ ਨਾਲ ਧਨਾਸ ਵਿੱਚ ਆਧੁਨਿਕ ਆਂਗਣਵਾੜੀ-ਅਤੇ-ਕ੍ਰੈਚ ਭਵਨ ਦਾ ਨਿਰਮਾਣ ਕੀਤਾ ਜਾਵੇਗਾ। ਇਹ ਭਵਨ ਸ਼ੁਰੂਆਤੀ ਬਾਲ ਅਵਸਥਾ ਦੇਖਭਾਲ਼ ਤੇ ਸਿੱਖਿਆ ਲਈ ਸੁਰੱਖਿਅਤ, ਬਾਲ-ਅਨੁਕੂਲ ਅਤੇ ਆਧੁਨਿਕ ਸੁਵਿਧਾਵਾਂ ਨਾਲ ਲੈਸ ਵਾਤਾਵਰਣ ਉਪਲਬਧ ਕਰਵਾਏਗਾ। ਨਾਲ ਹੀ, ਕਾਰਜਰਤ ਮਾਤਾਵਾਂ ਨੂੰ ਗੁਣਵੱਤਾਪੂਰਨ ਡੇ-ਕੇਅਰ ਸੇਵਾਵਾਂ ਵੀ ਪ੍ਰਦਾਨ ਕਰੇਗਾ।

ਇਹ ਪ੍ਰੋਜੈਕਟ ਸਮਾਜਿਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਧਨਾਸ ਦੇ ਨਿਵਾਸੀਆਂ ਨੂੰ ਏਕੀਕ੍ਰਿਤ ਬਾਲ ਵਿਕਾਸ ਸੇਵਾਵਾਂ ਦੀ ਬਿਹਤਰ ਉਪਲਬਧਤਾ ਸੁਨਿਸ਼ਚਿਤ ਕਰਨ ਦੀ ਦਿਸ਼ਾ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੀ ਨਿਰੰਤਰ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ।

ਇਸ ਭਵਨ ਦਾ ਨਿਰਮਾਣ ਭਾਰਤ ਸਰਕਾਰ ਦੇ ਸਾਰੇ ਪ੍ਰਾਸੰਗਿਕ ਦਿਸ਼ਾ-ਨਿਰਦੇਸ਼ਾਂ, ਵਿੱਤੀ ਨਿਯਮਾਂ ਅਤੇ ਨਿਰਧਾਰਿਤ ਤਕਨੀਕੀ ਮਿਆਰਾਂ ਦੇ ਅਨੁਰੂਪ ਕੀਤਾ ਜਾਵੇਗਾ।

# ਜ਼ਿਲ੍ਹਾ ਯੁਵਾ ਸਾਂਝ ਕਮੇਟੀ ਦਾ ਮੁੱਖ ਮਕਸਦ ਕੁਰਾਹੇ ਪਏ ਨੌਜਵਾਨਾਂ ਨੂੰ ਕਾਊਂਸਲਿੰਗ ਕਰਕੇ ਸਹੀ ਰਸਤੇ ਤੇ ਲੈ ਕੇ ਆਉਣਾ: ਆਲਮਜੀਤ ਸਿੱਧੂ, ਡਾਕਟਰ ਇੰਦਰਪ੍ਰੀਤ ਸੰਧੂ




**ਪਟਿਆਲਾ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਪਟਿਆਲਾ ਪੁਲਿਸ ਸਾਝ ਕੇਂਦਰ ਵੱਲੋਂ ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ ਅਤੇ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਮਿਊਨਟੀ ਅਫੇਅਰ ਡਵੀਜ਼ਨ ਪੰਜਾਬ ਮੈਡਮ ਗੁਰਪ੍ਰੀਤ ਕੌਰ ਦਿਉ , ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ,ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ-ਜ਼ਿਲ੍ਹਾ ਕਾਮਊਨਟੀ ਅਫੇਅਰ ਅਫਸਰ ਵੈਭਵ ਚੋਧਰੀ, ਡੀ ਐਸ ਪੀ ਹੈਡਕੁਆਰਟਰ -ਕਮ- ਨੋਡਲ ਅਫਸਰ ਯੁਵਾ ਸਾਂਝ ਕਮੇਟੀ ਨੇਹਾ ਅਗਰਵਾਲ ਦੇ ਦਿਸਾ ਨਿਰਦੇਸ਼ਾਂ ਅਨੁਸਾਰ ਪੁਲਿਸ ਲਾਈਨ ਪਟਿਆਲਾ ਵਿਖੇ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਦੇ ਮੈਂਬਰਾਂ ਵੱਲੋਂ ਕੁਰਾਹੇ ਪਏ ਨੋਜਵਾਨਾ ਦੀ ਕੋਸਲਿੰਗ ਕਰਨ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਇੰਸਪੈਕਟਰ ਆਲਮਜੀਤ ਸਿੰਘ ਸਿੱਧੂ ਆਰ ਆਈ ਪੁਲਿਸ ਲਾਈਨ ਪਟਿਆਲਾ -ਕਮ- ਇੰਚਾਰਜ ਜ਼ਿਲ੍ਹਾ ਯੁਵਾ ਸਾਂਝ ਕੇਂਦਰ ਪਟਿਆਲਾ ਅਤੇ ਡਾਕਟਰ ਇੰਦਰਪ੍ਰੀਤ ਸੰਧੂ ਐਸੋਸੀਏਟ ਪ੍ਰੋਫੈਸਰ ਮਨੋਵਿਗਿਆਨਕ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਮੈਬਰ ਯੁਵਾ ਸਾਂਝ ਕਮੇਟੀ ਪਟਿਆਲਾ ਨੇ ਕੀਤੀ। ਇਸ ਮੀਟਿੰਗ ਵਿੱਚ ਜ਼ਿਲ੍ਹਾ ਯੁਵਾ ਸਾਝ ਕਮੇਟੀ ਪਟਿਆਲਾ ਦੇ ਮੈਂਬਰ ਸਟੇਟ ਐਵਾਰਡੀ ਪਰਮਿੰਦਰ ਭਲਵਾਨ , ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਤੋਂ ਵਰਿੰਦਰ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਵਰਿੰਦਰ ਸਿੰਘ ਸੋਸ਼ਲ ਮੀਡੀਆ ਸੈਲ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਇੰਸਪੈਕਟਰ ਆਲਮਜੀਤ ਸਿੰਘ ਸਿੱਧੂ ਅਤੇ ਡਾਕਟਰ ਇੰਦਰਪ੍ਰੀਤ ਸੰਧੂ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਨੋਜਵਾਨਾ ਦੀ ਕੋਸਲਿੰਗ ਕੀਤੀ ਜਿੰਨਾ ਨੇ ਕੁਝ ਸਮਾਂ ਪਹਿਲਾਂ ਸੋਸ਼ਲ ਮੀਡੀਆ ਤੇ ਭੜਕਾਊ ਵੀਡੀਓ ਪਾਈ ਸੀ ਅਤੇ ਉਹਨਾਂ ਨੂੰ ਦੱਸਿਆ ਕਿ ਤੁਹਾਡੇ ਵੱਲੋਂ ਅਨਜਾਣੇ ਪਾਈ ਭੜਕਾਊ ਵੀਡੀਓ ਤੁਹਾਨੂੰ ਜੇਲ ਯਾਤਰਾ ਕਰਵਾ ਸਕਦੀ ਹੈ। ਇਸ ਮੌਕੇ ਉਹਨਾਂ ਨੋਜਵਾਨਾ ਨੇ ਯੁਵਾ ਸਾਂਝ ਕਮੇਟੀ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਉਹੋ ਕਦੇ ਵੀ ਸੋਸ਼ਲ ਮੀਡੀਆ ਉਪਰ ਭੜਕਾਊ ਵੀਡੀਓ ਨਹੀਂ ਪਾਉਣਗੇ ਨਾ ਹੀ ਕੋਈ ਭੜਕਾਊ ਵੀਡੀਓ ਸ਼ੇਅਰ ਕਰਨਗੇ। ਉਹਨਾਂ ਕਿਹਾ ਕਿਹਾ ਕਿ ਯੁਵਾ ਸਾਝ ਕਮੇਟੀਆਂ ਦਾ ਮੁੱਖ ਮਕਸਦ ਕੁਰਾਹੇ ਪੈ ਗਏ ਨੌਜਵਾਨਾਂ ਨੂੰ ਕੋਸਲਿੰਗ ਕਰਕੇ ਸਹੀ ਰਸਤੇ ਤੇ ਲੈ ਕੇ ਆਉਣਾ ਅਤੇ ਸਵੈ ਰੁਜ਼ਗਾਰ ਚਲਾਉਣ ਲਈ ਉਹਨਾਂ ਨੌਜਵਾਨਾਂ ਦੀ ਮਦਦ ਕਰਨੀ ਹੈ । ਇਸ ਤੋਂ ਇਲਾਵਾ ਨੌਜਵਾਨਾਂ ਨੂੰ ਬੇਰੁਜ਼ਗਾਰੀ ਤੋਂ ਬਾਹਰ ਕਢਣ ਲਈ ਨੌਜਵਾਨਾਂ ਨੂੰ ਵੱਧ ਤੋਂ ਵੱਧ ਹੱਥੀ ਕਿਰਤ ਲਈ ਪ੍ਰੇਰਿਤ ਕਰਨਾ ਹੈ ਅਤੇ ਨੌਜਵਾਨਾਂ ਵਿਚ ਵੱਧ ਤੋਂ ਵੱਧ ਸਵੈਸਕਤੀ ਪੈਦਾ ਕਰਨਾ ਹੈ। ਉਹਨਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਾਨੂੰ ਸਾਰਿਆਂ ਨੂੰ ਅੱਗੇ ਆ ਕੇ ਪਹਿਲ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਵੱਲੋਂ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਸਕੂਲਾਂ , ਕਾਲਜਾਂ, ਯੂਨੀਵਰਸਿਟੀਆ ਵਿੱਚ ਜਾਂ ਕੇ ਵਿਦਿਆਰਥੀਆਂ ਅਤੇ ਨੋਜਵਾਨਾ ਨੂੰ ਸੋਸਲ ਮੀਡੀਆ ਉਪਰ ਕਿਸੇ ਵੀ ਭੜਕਾਊ ਪੋਸਟ ਨਾ ਪਾਉਣ, ਕਿਸੇ ਵੀ ਭੜਕਾਊ ਪੋਸਟ ਨੂੰ ਅੱਗੇ ਨਾ ਸ਼ੇਅਰ ਕਰਨ ਦੇ ਨਾਲ ਨਸ਼ਿਆਂ ਵਿਰੁੱਧ ਰੈਲੀਆਂ, ਨੁੱਕੜ ਨਾਟਕ, ਸੈਮੀਨਾਰ, ਵਿਚਾਰ ਚਰਚਾ ਆਦਿ ਲੜੀਵਾਰ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਲਈ ਪੁਲਿਸ ਵੱਲੋਂ ਵਲੋਂ ਭਰਪੂਰ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਨੇ ਸਾਰੇ ਆਏਂ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।

# ਅੱਜ ਦੀ ਰੈਲੀ ਸਬੰਧੀ ਮੁਲਾਜ਼ਮਾਂ ਤੇ ਪੈਨਸ਼ਨਰਾਂ 'ਚ, ਭਾਰੀ ਉਤਸ਼ਾਹ



**ਪਟਿਆਲਾ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਖਿਲਾਫ ਪੰਜਾਬ ਮੁਲਾਜਮ ਤੇ ਪੈਨਸ਼ਨਰ ਸਾਝਾ ਫਰੰਟ ਅਤੇ ਸਾਂਝੇ ਮੁਲਾਜ਼ਮ ਮੰਚ ਪੰਜਾਬ ਵੱਲੋਂ ਮੁਲਾਜਮਾ ਤੇ ਪੈਨਸ਼ਨਰਾ ਦੀ ਹੱਕੀ ਮੰਗਾਂ ਜਿਵੇਂ ਕਿ ਮਾਨਯੋਗ ਹਾਈਕੋਰਟ ਦੇ ਫੈਸਲੇ ਅਨੁਸਾਰ 18% ਡੀ.ਏ. ਅਤੇ ਬਕਾਇਆ ਦੇਣ ਸਬੰਧੀ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਪੈਨਸ਼ਨਰਾਂ ਤੇ 2.59 ਲਾਗੂ ਕਰਨ ਵਿਭਾਂਗਾ ਦਾ ਨਿੱਜੀਕਰਨ ਅਤੇ ਪੰਚਾਇਤੀ ਕਰਨ ਕਰਨਾ ਬੰਦ ਕਰਕੇ ਨਵੀਂ ਭਰਤੀ ਲਾਸ਼ਵਰ ਕਰਾਗਣਵਾੜੀ ਵਰਕਰਾਂ ਨੂੰ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆਂਦਾ ਜਾਵੇ, ਸਮੂਹ ਕੱਚੇ ਮੁਲਾਜ਼ਮਾਂ ਨੂੰ ਪੂਰੇ ਗ੍ਰੇਡਾ ਵਿੱਚ ਪੱਕੇ ਕਰਨ ਆਦਿ ਮੰਗਾਂ ਬਾਰੇ ਸੈਕਟਰ 39 ਦੀ ਦਾਣਾ ਮੰਡੀ ਚੰਡੀਗੜ੍ਹ ਵਿਖੇ ਅੱਜ ਕੀਤੀ ਜਾ ਰਹੀ ਲਾਮਿਸਾਲ ਰੈਲੀ ਦੀ ਤਿਆਰੀ ਲਈ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੈਸਨ ਜਿਲਾ ਪਟਿਆਲਾ ਦੀ ਸਿਹਤ ਵਿਭਾਗ ਨਾਲ ਸਬੰਧਤ ਕਾਮਿਆਂ ਦੀ ਇੱਕ ਅਹਿਮ ਮੀਟਿੰਗ ਸਵਰਨ ਸਿੰਘ ਬੰਗਾ, ਮੋਨਕਾ ਮਸੀਹ ਦੀ ਪ੍ਰਧਾਨਗੀ ਹੇਠ ਰਜਿੰਦਰਾ ਹਸਪਤਾਲ ਦੇ ਯੂਨੀਅਨ ਦਫਤਰ ਪਟਿਆਲਾ ਵਿਖੇ ਕੀਤੀ ਗਈ ਮੀਟਿੰਗ ਵਿੱਚ ਜਿੱਥੇ ਜੁਆਇੰਟ ਐਕਸ਼ਨ ਕਮੇਟੀ ਤੇ ਕਲਾਸ ਫੋਰ ਯੂਨੀਅਨ, ਰਾਜਿੰਦਰਾ ਮੈਡੀਕਲ ਕਾਲਜ ਤੇ ਮਾਤਾ ਕੁਸੱਲਿਆ ਹਸਤਪਤਾਲ ਵੱਲੋਂ ਰਾਕੇਸ਼ ਕਲਿਆਣ, ਪਰਵਿੰਦਰ ਸਿੰਘ ਕਬੋਜ, ਰਾਮ ਬਾਬੂ ਸ਼ਰਮਾ, ਸੁਖਦੇਵ ਸਿੰਘ ਝੰਡੀ,ਇੰਦਰਜੀਤ ਕੌਰ ਤੇ ਪੈਨਸ਼ਨਰ ਫਰੰਟ ਪਟਿਆਲਾ ਵੱਲੋਂ ਦਰਸ਼ਨ ਬੇਲੂ ਮਾਜਰਾ,ਜਸਵੀਰ ਖੋਖਰ, ਹਰਬੀਰ ਸਨਾਮ, ਰਜਿੰਦਰ ਧਾਲੀਵਾਲ, ਪੀ ਡਬਲਯੂ ਡੀ ਫੀਲਡ ਅਤੇ ਵਰਕਸ਼ਾਪ ਵਰਕਰਜ ਯੂਨੀਅਨ ਵੱਲੋਂ ਰਾਜਪਾਲ ਲਸੋਈ,ਲਖਵਿੰਦਰ ਖਾਨਪੁਰ, ਕੁਲਦੀਪ ਸਿੰਘ ਘੱਗਾ,ਧਰਮਪਾਲ ਲੋਟ ਸੁਖਬੀਰ ਢੀਡਸਾ, ਗੁਰਚਰਨ ਸਿੰਘ ਧਨੋਆ, ਦੀਪਕ ਕੁਮਾਰ ਅਤੇ ਜੰਗਲਾਤ ਵਰਕਰ ਯੂਨੀਅਨ ਵੱਲੋਂ ਜਸਵਿੰਦਰ ਸੋਜਾ,ਜਗਤਾਰ ਸਿੰਘ,ਪਸ਼ੂ ਪਾਲਣ ਵਰਕਰਜ ਯੂਨੀਅਨ ਵੱਲੋਂ ਦਿਆਲ ਸਿੰਘ ਸਿੱਧੂ ਹਰਬੰਸ ਸਿੰਘ ਪੇਦਨ, ਗੌਰਮਿੰਟ ਟੀਚਰ ਯੂਨੀਅਨ ਵੱਲੋ,ਜਸਵਿੰਦਰ ਸਿੰਘ ਸਮਾਣਾ, ਪਰਮਜੀਤ ਸਿੰਘਤੇ ਪੁਰਾਣੀ ਪੈਨਸਨ ਬਹਾਲੀ ਸੰਘਰਸ਼ ਕਮੇਟੀ ਵੱਲੋ ਹਿੰਮਤ ਸਿੰਘ ਤੇ ਹਰਪਰੀਤ ਉੱਪਲ ਆਦਿ ਸ਼ਾਮਿਲ ਹੋਏ ਮੀਟਿੰਗ ਵਿੱਚ ਵਿਸੇਸ ਤੌਰ ਤੇ ਸ਼ਾਮਿਲ ਹੋਏ ਰਿਟਾਇਰ ਸੁਪਰਡੈਂਟ ਤੇਜਿੰਦਰ ਬੀਹਲਾ ਜੀ ਨੂੰ ਰਾਜਿੰਦਰਾ ਹਸਪਤਾਲ ਅੰਦਰ ਬੇਦਾਗ ਤੇ ਵਧੀਆ ਸੇਵਾਵਾਂ ਨਿਭਾਉਣ ਉਪਰੰਤ ਸੇਵਾ ਮੁਕਤ ਹੋਣ ਤੇ ਸਨਮਾਨਿਤ ਕੀਤਾ ਗਿਆ, ਮੀਟਿੰਗ ਦੇ ਅੰਤ ਵਿੱਚ ਰੈਲੀ ਸਬੰਧੀ ਕੋਟੇ ਲਾਏ ਗਏ ਅਤੇ ਵਹੀਕਲਾਂ ਦਾ ਪ੍ਰਬੰਧ ਕੀਤਾ ਗਿਆ ਆਗੂਆਂ ਨੇ ਦੱਸਿਆ ਕਿ ਮੁਲਾਜ਼ਮਾ ਅੰਦਰ ਰੈਲੀ ਪ੍ਰਤੀ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

# ਉੱਪਲ ਸਕੂਲ ਦੇ ਵਿਦਿਆਰਥੀਆਂ ਨੇ ਖੇਡਾਂ ਵਿੱਚ ਜਿੱਤੇ ਗੋਲਡ ਅਤੇ ਸਿਲਵਰ ਮੈਡਲ



**ਮਾਛੀਵਾੜਾ ਸਾਹਿਬ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

70ਵੀਆਂ ਜ਼ੋਨ ਪੱਧਰੀ ਸਕੂਲ ਖੇਡਾਂ ਦੇ ਗਰੀਕੋ ਰੋਮਨ ਕੁਸ਼ਤੀ ਅਤੇ ਸਰਕਲ ਕਬੱਡੀ ਦੇ ਮੁਕਾਬਲੇ ਸਾਹੀ ਕਾਲਜ ਸਮਰਾਲਾ ਵਿਖੇ ਹੋਏ। ਜਿਸ ਵਿੱਚ ਹਿੱਸਾ ਲੈਂਦਿਆਂ ਨਾਇਬ ਰਸਾਲਦਾਰ ਬਸਤਾ ਸਿੰਘ ਸਰਕਾਰੀ ਹਾਈ ਸਕੂਲ, ਉੱਪਲ ਦੇ ਵਿਦਿਆਰਥੀਆਂ ਨੇ ਵੱਖ ਵੱਖ ਇਨਾਮ ਹਾਸਿਲ ਕੀਤੇ। ਸਕੂਲ ਹੈਡਮਾਸਟਰ ਨਵਦੀਪ ਸ਼ਰਮਾ ਨੇ ਦੱਸਿਆ ਕਿ ਦਸਵੀਂ ਜਮਾਤ ਦੇ ਵਿਦਿਆਰਥੀ, ਪਹਿਲਵਾਨ ਰਾਜਵੀਰ ਸਿੰਘ ਨੇ 65 ਕਿੱਲੋ ਗਰੀਕੋ ਰੋਮਨ ਕੁਸ਼ਤੀ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ। ਇਸਦੇ ਨਾਲ ਹੀ ਸਰਕਲ ਸਟਾਇਲ ਕਬੱਡੀ ਅੰਡਰ 14 ਦੀਆਂ ਲੜਕੀਆਂ ਅਰਮਾਨਪ੍ਰੀਤ ਕੌਰ, ਸ਼ਹਿਦੀਪ ਕੌਰ, ਏਕਮਪ੍ਰੀਤ ਕੌਰ, ਸ਼ੁਭਦੀਪ ਕੌਰ,ਰਹਿਤਪ੍ਰੀਤ ਕੌਰ, ਹਰਸਿਮਰਤ ਕੌਰ, ਹਰਲੀਨ ਕੌਰ, ਕਰਮਜੀਤ ਕੌਰ, ਖੁਸ਼ਪ੍ਰੀਤ ਕੌਰ, ਮਨਦੀਪ ਕੌਰ ਅਤੇ ਪ੍ਰਭਦੀਪ ਕੌਰ ਦੂਜੇ ਸਥਾਨ ' ਤੇ ਰਹੀਆਂ।

ਜ਼ਿਕਰਯੋਗ ਹੈ ਕਿ ਹਰਦੀਪ ਸਿੰਘ , ਡੀ. ਪੀ. ਈ. ਦੀ ਸਖ਼ਤ ਮਿਹਨਤ ਸਦਕਾ ਹੀ ਵਿਦਿਆਰਥੀਆਂ ਨੇ ਇਹ ਮੁਕਾਮ ਹਾਸਿਲ ਕੀਤੇ ਹਨ। ਹੈਡਮਾਸਟਰ ਸਾਹਿਬ ਵਲੋਂ ਜੇਤੂ ਖਿਡਾਰੀਆਂ, ਉਹਨਾਂ ਦੇ ਗਾਈਡ ਅਧਿਆਪਕ, ਅਧਿਆਪਕਾਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੰਦਿਆਂ ਖਿਡਾਰੀਆਂ ਨੂੰ ਮੈਡਲ ਨਾਲ ਸਨਮਾਨਿਤ ਕੀਤਾ। ਉਹਨਾਂ ਇਹ ਵੀ ਕਿਹਾ ਕਿ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਖੇਡਾਂ ਬਿਨ੍ਹਾਂ ਅਧੂਰਾ ਹੈ ਅਤੇ ਉਨ੍ਹਾਂ ਵਿਦਿਆਰਥੀਆਂ ਨੂੰ ਰਹਿੰਦੇ ਮੁਕਾਬਲਿਆਂ ਲਈ ਹੋਰ ਵੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

# ਮੋਹਿੰਦਰ ਭਗਤ ਵੱਲੋਂ ਮਧੂ ਮੱਖੀ ਪਾਲਣ, ਰੇਸ਼ਮ ਪਾਲਣ ਅਤੇ ਖੁੰਭ ਉਤਪਾਦਨ ਨਾਲ ਸਬੰਧਤ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ



**ਚੰਡੀਗੜ੍ਹ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਬਾਗ਼ਬਾਨੀ ਨੂੰ ਪ੍ਰਫੁੱਲਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਸੇ ਮੰਤਵ ਦੀ ਪੂਰਤੀ ਲਈ ਬਾਗ਼ਬਾਨੀ ਮੰਤਰੀ ਸ਼੍ਰੀ ਮੋਹਿੰਦਰ ਭਗਤ ਨੇ ਅੱਜ ਚੰਡੀਗੜ੍ਹ ਵਿਖੇ ਮਧੂ ਮੱਖੀ ਪਾਲਣ, ਰੇਸ਼ਮ ਪਾਲਣ ਅਤੇ ਖੁੰਭ ਉਤਪਾਦਨ ਨਾਲ ਸਬੰਧਤ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਸੀਨੀਅਰ ਅਧਿਕਾਰੀਆਂ ਨਾਲ ਅਹਿਮ ਸਮੀਖਿਆ ਮੀਟਿੰਗ ਕੀਤੀ। ਇਸ ਮੌਕੇ ਬਾਗ਼ਬਾਨੀ ਸਕੱਤਰ ਸ਼੍ਰੀ ਅਰਸ਼ਦੀਪ ਸਿੰਘ ਥਿੰਦ ਅਤੇ ਵਧੀਕ ਸਕੱਤਰ, ਬਾਗ਼ਬਾਨੀ, ਸ਼੍ਰੀ ਲਤੀਫ ਅਹਿਮਦ ਹਾਜ਼ਰ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਤਰੀ ਸ਼੍ਰੀ ਮੋਹਿੰਦਰ ਭਗਤ ਨੇ ਮਧੂ ਮੱਖੀ ਪਾਲਣ, ਰੇਸ਼ਮ ਪਾਲਣ ਅਤੇ ਖੁੰਭ ਉਤਪਾਦਨ ਨਾਲ ਸਬੰਧਤ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਆਮਦਨ ਵਿੱਚ ਟਿਕਾਊ ਵਾਧੇ ਲਈ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਮਧੂ ਮੱਖੀ ਪਾਲਣ, ਰੇਸ਼ਮ ਪਾਲਣ ਅਤੇ ਖੁੰਭ ਉਤਪਾਦਨ ਵਰਗੀਆਂ ਸਹਾਇਕ ਗਤੀਵਿਧੀਆਂ ਕਿਸਾਨਾਂ ਲਈ ਆਮਦਨ ਦੇ ਵਾਧੂ ਸਰੋਤ ਸਾਬਤ ਹੋਣ ਦੇ ਨਾਲ-ਨਾਲ ਬਾਗ਼ਬਾਨੀ ਨੂੰ ਹੋਰ ਲਾਭਕਾਰੀ ਬਣਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਕੈਬਨਿਟ ਮੰਤਰੀ ਨੇ ਵਿਭਾਗ ਵਿੱਚ ਭਰਤੀ ਪ੍ਰਕਿਰਿਆ ਨੂੰ ਜਲਦ ਮੁਕੰਮਲ ਕਰਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਲੋੜੀਂਦਾ ਸਟਾਫ਼ ਉਪਲਬਧ ਹੋਣ ਨਾਲ ਵਿਭਾਗ ਦੀ ਕਾਰਗੁਜ਼ਾਰੀ ਹੋਰ ਪ੍ਰਭਾਵਸ਼ਾਲੀ ਬਣੇਗੀ। ਉਨ੍ਹਾਂ ਵਿਭਾਗ ਨਾਲ ਸਬੰਧਤ ਵੱਖ-ਵੱਖ ਅਹਿਮ ਪ੍ਰਸ਼ਾਸਕੀ ਮਾਮਲਿਆਂ ਦੀ ਵੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਕਿਸਾਨ-ਹਿੱਤ ਨਾਲ ਜੁੜੇ ਸਾਰੇ ਕੰਮ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

# ਸਾਬਕਾ ਸੈਨਿਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਏਡੀਸੀ ਦੇ ਨਿਰਦੇਸ਼



**ਪਟਿਆਲਾ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਿਲ੍ਹਾ ਪ੍ਰਬੰਧਕੀ ਕੰਪਲੈਕਸ ਪਟਿਆਲਾ ਦੇ ਕਮੇਟੀ ਹਾਲ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜ) ਪਟਿਆਲਾ ਅਨੁਪ੍ਰਿਤਾ ਜੌਹਲ, ਪੀ.ਸੀ.ਐਸ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸੈਨਿਕ ਬੋਰਡ ਪਟਿਆਲਾ ਦੀ ਤਿਮਾਹੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਕਮਾਂਡਰ ਬਲਜਿੰਦਰ ਵਿਰਕ (ਰਿਟਾ.) ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਪਟਿਆਲਾ ਨੇ ਵਿਭਾਗ ਵਲੋਂ ਸ਼ਹੀਦ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਲਈ ਪੰਜਾਬ ਸਰਕਾਰ ਅਤੇ ਕੇਂਦਰੀ ਸੈਨਿਕ ਬੋਰਡ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਪਟਿਆਲਾ ਦੀ ਪਿਛਲੇ ਛੇ ਮਹੀਨਿਆਂ ਦੀ ਕਾਰਗੁਜ਼ਾਰੀ ਦਾ ਵੀ ਵਿਸਥਾਰ-ਪੂਰਵਕ ਬਿਊਰਾ ਦਿੱਤਾ ਗਿਆ। ਉਨ੍ਹਾਂ ਨੇ ਹਾਲ ਵਿੱਚ ਕੇਂਦਰ ਸਰਕਾਰ ਵਲੋਂ ਵੱਖ-ਵੱਖ ਭਲਾਈ ਸਕੀਮਾਂ ਵਿੱਚ ਕੀਤੇ ਗਏ ਵਾਧੇ ਦੀ ਵੀ ਜਾਣਕਾਰੀ ਦਿੱਤੀ ਅਤੇ ਵਿਭਾਗ ਵਲੋਂ ਤਹਿਸੀਲ ਪੱਧਰ ਤੇ ਲੱਗਣ ਵਾਲੇ ਕੈਂਪਸ ਦੀ ਵੀ ਜਾਣਕਾਰੀ ਦਿੱਤੀ।

ਮੀਟਿੰਗ ਦੌਰਾਨ ਉਨ੍ਹਾਂ ਵਲੋਂ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਦਰਪੇਸ਼ ਮੁਸ਼ਕਿਲਾਂ ਸਬੰਧੀ ਵੀ ਮਾਣਯੋਗ ਵਧੀਕ ਡਿਪਟੀ ਕਮਿਸ਼ਨਰ (ਜ) ਅਤੇ ਮੀਟਿੰਗ ਵਿੱਚ ਮੌਜੂਦ ਵੱਖ-ਵੱਖ ਵਿਭਾਗਾਂ ਦੇ ਮੁੱਖੀਆਂ ਨੂੰ ਜਾਣੂ ਕਰਵਾਇਆ ਗਿਆ। ਇਸ ਉਪਰੰਤ ਮਾਣਯੋਗ ਵਧੀਕ ਡਿਪਟੀ ਕਮਿਸ਼ਨਰ (ਜ) ਜੀ ਵਲੋਂ ਨਿਰਦੇਸ਼ ਦਿੱਤੇ ਗਏ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦਰਪੇਸ਼ ਮਸ਼ਕਿਲਾਂ ਦਾ ਹੱਲ ਪਹਿਲ ਦੇ ਆਧਾਰ ਤੇ ਕੀਤਾ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਨੇ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਫੌਜ ਵਿੱਚ ਭਰਤੀ ਹੋਣ ਲਈ ਉਤਸ਼ਾਹਿਤ ਕਰਨ ਲਈ ਸੈਨਿਕ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਪਟਿਆਲਾ ਅਧੀਨ ਚੱਲ ਰਹੇ ਟ੍ਰੇਨਿੰਗ ਕੋਰਸਾਂ ਵਿੱਚ ਸਿਖਲਾਈ ਹਾਸਿਲ ਕਰਨ ਲਈ ਵਿਸ਼ੇਸ਼ ਉਪਰਾਲੇ ਕਰਨ ਦੇ ਵੀ ਆਦੇਸ਼ ਦਿੱਤੇ। ਉਨ੍ਹਾਂ ਆਦੇਸ਼ ਦਿੱਤੇ ਕਿ ਵਿਭਾਗ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਜੋ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰ ਇਨ੍ਹਾਂ ਭਲਾਈ ਸਕੀਮਾਂ ਦਾ ਲਾਭ ਲੈ ਸਕਣ। ਮੀਟਿੰਗ ਦੌਰਾਨ ਮਾਣਯੋਗ ਵਧੀਕ ਡਿਪਟੀ ਕਮਿਸ਼ਨਰ (ਜ) ਜੀ ਨੇ ਆਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦਰਪੇਸ਼ ਮੁਸ਼ਕਿਲਾਂ ਦਾ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇ। ਮੀਟਿੰਗ ਦੀ ਸਮਾਪਤੀ ਸਮੇਂ ਫਲੈਗ ਡੇ ਫੰਡ ਵਿਚੋਂ 04 ਲਾਭਪਾਤਰੀਆਂ ਨੂੰ ਮਾਲੀ ਸਹਾਇਤਾ ਦੇ ਚੈੱਕ ਪ੍ਰਦਾਨ ਕੀਤੇ ਗਏ। ਇਸ ਮੀਟਿੰਗ ਵਿੱਚ ਕਮਾਂਡਰ ਬਲਜਿੰਦਰ ਵਿਰਕ (ਰਿਟਾ.) ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਪਟਿਆਲਾ, ਕਰਨਲ ਜਸਬੀਰ ਸਿੰਘ (ਰਿਟਾ.) ਉੱਪ ਪ੍ਰਧਾਨ ਜ਼ਿਲ੍ਹਾ ਸੈਨਿਕ ਬੋਰਡ, ਸ੍ਰੀ ਅਮਰਜੀਤ ਸਿੰਘ ਵੜੈਚ, ਸਾਬਕਾ ਡਾਇਰੈਕਟਰ ਆਲ ਇੰਡੀਆ ਰੇਡੀਓ ਪਟਿਆਲਾ, ਡਾ. ਵਿਕਰਾਂਤ ਕਾਂਸਲ ਅਤੇ ਵੱਖ-ਵੱਖ ਵਿਭਾਗਾਂ ਦੇ ਮੁੱਖੀ ਸਾਹਿਬਾਨ ਅਤੇ ਸਟਾਫ ਮੈਂਬਰ ਹਾਜ਼ਰ ਹੋਏ

# ਬਰਸਾਤ ਨੇ ਲੁਧਿਆਣਾ ਦੀਆਂ ਸੜਕਾਂ ਕੀਤੀਆਂ ਖਸਤਾਹਾਲ

**ਲੁਧਿਆਣਾ, 6 ਅਗਸਤ**
**-ਜਗਮੇਲ ਸਿੰਘ ਢਿਲੋਂ-**

ਗਲੋਬਲ ਸੋਸ਼ਲ ਫਾਊਂਡੇਸ਼ਨ ਦੇ ਪ੍ਰਧਾਨ ਸੁਸ਼ੀਲ ਕੁਮਾਰ ਮਲਹੋਤਰਾ ਨੇ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਅਤੇ ਨਗਰ ਨਿਗਮ ਕਮਿਸ਼ਨਰ ਨੂੰ ਅਪੀਲ ਕੀਤੀ ਹੈ ਕਿ ਹਾਲੀਆ ਭਾਰੀ ਮਾਨਸੂਨੀ ਬਰਸਾਤ ਕਾਰਨ ਸ਼ਹਿਰ ਭਰ ਵਿੱਚ ਖਰਾਬ ਹੋ ਚੁੱਕੀਆਂ ਸੜਕਾਂ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ ਅਤੇ ਬੰਦ ਪਏ ਨਾਲਿਆਂ, ਸਟਾਰਮ ਵਾਟਰ ਡਰੇਨਾਂ ਅਤੇ ਸੜਕਾਂ ਦੇ ਗਰੇਟਾਂ ਦੀ ਸਫ਼ਾਈ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ।

ਮੀਡੀਆ ਨਾਲ ਗੱਲਬਾਤ ਕਰਦਿਆਂ ਸੁਸ਼ੀਲ ਕੁਮਾਰ ਮਲਹੋਤਰਾ ਨੇ ਕਿਹਾ ਕਿ ਲਗਾਤਾਰ ਹੋ ਰਹੀ ਭਾਰੀ ਬਰਸਾਤ ਕਾਰਨ ਸ਼ਹਿਰ ਦੀਆਂ ਕਈ ਸੜਕਾਂ ਵਿੱਚ ਡੂੰਘੇ ਖੱਡੇ ਪੈ ਗਏ ਹਨ, ਕਈ ਥਾਵਾਂ 'ਤੇ ਸੜਕਾਂ ਧੱਸ ਗਈਆਂ ਹਨ ਅਤੇ ਆਵਾਜਾਈ ਲਈ ਖ਼ਤਰਨਾਕ ਬਣ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਬੰਦ ਪਏ ਡਰੇਨਾਂ ਅਤੇ ਸੀਵਰੇਜ ਕਾਰਨ ਗੰਦਾ ਪਾਣੀ ਸੜਕਾਂ 'ਤੇ ਇਕੱਠਾ ਹੋ ਰਿਹਾ ਹੈ, ਜਿਸ ਨਾਲ ਨਾ ਸਿਰਫ਼ ਟ੍ਰੈਫਿਕ ਪ੍ਰਭਾਵਿਤ ਹੋ ਰਿਹਾ ਹੈ, ਸਗੋਂ ਲੋਕਾਂ ਨੂੰ ਗੰਭੀਰ ਸਿਹਤ ਅਤੇ ਸੁਰੱਖਿਆ ਸੰਬੰਧੀ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪੈ ਰਿਹਾ ਹੈ।

ਉਨ੍ਹਾਂ ਮੰਗ ਕੀਤੀ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੀਆਂ ਸਾਰੀਆਂ ਖਰਾਬ ਸੜਕਾਂ ਦੀ ਤੁਰੰਤ ਪੈਚਵਰਕ ਕਰਵਾਈ ਜਾਵੇ ਅਤੇ ਸੜਕਾਂ ਦੇ ਨਾਲ ਲੱਗੇ ਡਰੇਨਾਂ, ਸਟਾਰਮ ਵਾਟਰ ਗਰੇਟਾਂ ਅਤੇ ਸੀਵਰੇਜ ਇਨਲੈਟਾਂ ਦੀ ਸਫ਼ਾਈ ਕਰਕੇ ਮੀਂਹ ਦੇ ਪਾਣੀ ਦੀ ਨਿਕਾਸੀ ਨੂੰ ਸੁਚਾਰੂ ਬਣਾਇਆ ਜਾਵੇ।

ਮਲਹੋਤਰਾ ਨੇ ਖ਼ਾਸ ਤੌਰ 'ਤੇ ਸ਼ਾਸਤਰੀ ਨਗਰ, ਗਿੱਲ ਰੋਡ, ਮਾਡਲ ਟਾਊਨ ਐਕਸਟੈਂਸ਼ਨ (ਏ, ਬੀ ਅਤੇ ਡੀ ਬਲਾਕ), ਮਾਡਲ ਟਾਊਨ, ਸਿਵਲ ਲਾਈਨਜ਼ ਅਤੇ ਸ਼ਹਿਰ ਦੇ ਹੋਰ ਕਈ ਇਲਾਕਿਆਂ ਦੀਆਂ ਸੜਕਾਂ ਦੀ ਮਾੜੀ ਹਾਲਤ ਵੱਲ ਧਿਆਨ ਦਿਵਾਇਆ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਪੁਲਾਂ ਅਤੇ ਫਲਾਈਓਵਰਾਂ ਦੀਆਂ ਸੜਕਾਂ ਵੀ ਖਸਤਾਹਾਲ ਹੋ ਚੁੱਕੀਆਂ ਹਨ, ਜਿਸ ਕਾਰਨ ਹਾਦਸਿਆਂ ਦਾ ਖ਼ਤਰਾ ਲਗਾਤਾਰ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਖਰਾਬ ਸੜਕਾਂ ਕਾਰਨ ਸਕੂਲੀ ਬੱਚੇ, ਬਜ਼ੁਰਗ, ਪੈਦਲ ਯਾਤਰੀ, ਦੋਪਹੀਆ ਵਾਹਨ ਚਾਲਕ, ਸਾਈਕਲ ਸਵਾਰ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ।

# ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡ ਧੂਰੀ ਵਿਖੇ 'ਲੋਕ ਮਿਲਣੀ' ਦੌਰਾਨ ਲੋਕਾਂ ਨਾਲ ਕੀਤਾ ਸਿੱਧਾ ਸੰਵਾਦ



**ਧੂਰੀ 6 ਅਗਸਤ**
**-ਜਤਿੰਦਰ ਗਰਗ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ-ਕੇਂਦਰਿਤ ਅਤੇ ਪਾਰਦਰਸ਼ੀ ਪ੍ਰਸ਼ਾਸਨ ਨੂੰ ਯਕੀਨੀ ਬਣਾਉਣ ਲਈ ਕਰਵਾਈ ਜਾ ਰਹੀ 'ਲੋਕ ਮਿਲਣੀ' ਲੜੀ ਤਹਿਤ ਪਿੰਡ ਧੂਰੀ ਦੇ ਬੇਨੜਾ ਦਰਵਾਜ਼ਾ ਵਿਖੇ ਓ.ਐਸ.ਡੀ. ਸੁਖਵੀਰ ਸਿੰਘ ਨੇ ਨਗਰ ਨਿਵਾਸੀਆਂ ਨਾਲ ਸਿੱਧਾ ਸੰਵਾਦ ਕੀਤਾ। ਇਸ ਦੌਰਾਨ ਉਨ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਕਈ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਵਾਇਆ। ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਪੱਸ਼ਟ ਨਿਰਦੇਸ਼ ਹੈ ਕਿ ਸਰਕਾਰ ਦੀ ਹਰ ਨੀਤੀ ਦਾ ਕੇਂਦਰ ਆਮ ਲੋਕਾਂ ਦੀ ਭਲਾਈ ਹੋਵੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ। ਇਸੇ ਮੰਤਵ ਨਾਲ ਸਰਕਾਰ ਦੇ ਨੁਮਾਇੰਦੇ ਲਗਾਤਾਰ ਪਿੰਡ-ਪਿੰਡ ਅਤੇ ਘਰ-ਘਰ ਪਹੁੰਚ ਰਹੇ ਹਨ। ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਉਨ੍ਹਾਂ ਦਾ ਸਮੇਂ ਸਿਰ ਨਿਪਟਾਰਾ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਧੂਰੀ ਮੁੱਖ ਮੰਤਰੀ ਦਾ ਆਪਣਾ ਹਲਕਾ ਹੈ। ਇਸ ਲਈ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਪਿਛਲੇ ਚਾਰ ਸਾਲਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਲਗਾਤਾਰ ਅਮਲੀ ਰੂਪ ਦਿੱਤਾ ਗਿਆ ਹੈ। ਹਰ ਪਿੰਡ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿੰਡਾਂ ਦੇ ਵਿਕਾਸ ਲਈ ਪਹਿਲਾਂ ਹੀ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਹੁਣ ਲੋਕਾਂ ਨਾਲ ਸਿੱਧਾ ਸੰਵਾਦ ਕਰਕੇ ਨਵੀਆਂ ਲੋੜਾਂ ਬਾਰੇ ਜਾਣਕਾਰੀ ਲਈ ਜਾ ਰਹੀ ਹੈ ਤਾਂ ਜੋ ਬਾਕੀ ਰਹਿੰਦੇ ਵਿਕਾਸ ਕਾਰਜ ਵੀ ਤਰਜੀਹੀ ਆਧਾਰ 'ਤੇ ਪੂਰੇ ਕੀਤੇ ਜਾ ਸਕਣ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਗਲੀਆਂ-ਨਾਲੀਆਂ, ਸੜਕਾਂ, ਧਰਮਸ਼ਾਲਾਵਾਂ, ਕਮਿਊਨਿਟੀ ਭਵਨਾਂ, ਸ਼ੈੱਡਾਂ, ਖੇਡ ਮੈਦਾਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਸਬੰਧੀ ਪ੍ਰਾਪਤ ਮੰਗਾਂ ਨੂੰ ਗੰਭੀਰਤਾ ਨਾਲ ਵਿਚਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਕੋਸ਼ਿਸ਼ ਹੈ ਕਿ ਕੋਈ ਵੀ ਜਾਇਜ਼ ਮੰਗ ਅਣਗੌਲੀ ਨਾ ਰਹੇ। ਹਰ ਵਿਕਾਸ ਕਾਰਜ ਨਿਰਧਾਰਤ ਮਿਆਰਾਂ ਅਨੁਸਾਰ ਉੱਚ ਗੁਣਵੱਤਾ ਨਾਲ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਹਰ ਵਰਗ ਦੀ ਭਲਾਈ ਲਈ ਕਈ ਇਤਿਹਾਸਕ ਪਹਿਲਕਦਮੀਆਂ ਕੀਤੀਆਂ ਹਨ। ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ, ਜ਼ੀਰੋ ਬਿਜਲੀ ਬਿੱਲ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਸਿਹਤ ਸੇਵਾਵਾਂ, ਖੇਤਾਂ ਨੂੰ ਨਹਿਰੀ ਪਾਣੀ ਅਤੇ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਰਗੇ ਫ਼ੈਸਲਿਆਂ ਦਾ ਲਾਭ ਲੋਕਾਂ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤਾ ਗਿਆ ਹਰ ਵਾਅਦਾ ਸਮੇਂ ਸਿਰ ਪੂਰਾ ਕਰਨਾ ਹੀ ਲੋਕਾਂ ਦੇ ਵਧਦੇ ਵਿਸ਼ਵਾਸ ਦਾ ਆਧਾਰ ਹੈ।

ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰ ਬਣਨ ਤੋਂ ਪਹਿਲਾਂ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਲੋਕਾਂ ਦੇ ਘਰਾਂ ਤੱਕ ਪਹੁੰਚੇਗੀ। ਅੱਜ 'ਲੋਕ ਮਿਲਣੀ' ਪ੍ਰੋਗਰਾਮ ਉਸੇ ਸੋਚ ਦਾ ਸਫ਼ਲ ਰੂਪ ਹਨ। ਇਨ੍ਹਾਂ ਪ੍ਰੋਗਰਾਮਾਂ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਮੌਕੇ 'ਤੇ ਸੁਣੀਆਂ ਅਤੇ ਹੱਲ ਕੀਤੀਆਂ ਜਾ ਰਹੀਆਂ ਹਨ। ਨਾਲ ਹੀ ਪਿੰਡਾਂ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਜਾਰੀ ਗ੍ਰਾਂਟਾਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਜਾ ਰਿਹਾ ਹੈ।

ਇਸ ਮੌਕੇ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਐਮ.ਸੀ. ਪੁਸ਼ਪਿੰਦਰ ਸ਼ਰਮਾ, ਡਾਇਰੈਕਟਰ ਇੰਡਸਟਰੀ ਅਨਿਲ ਮਿੱਤਲ, ਗਗਨ ਜਵੰਧਾ, ਸਰਪੰਚ ਰਮਨਦੀਪ ਸਿੰਘ, ਸਰਪੰਚ ਅਮ੍ਰਿਤਪਾਲ ਸਿੰਘ (ਘਨੌਰੀ ਕਲਾਂ), ਸੋਨੀ ਮੰਡੇਰ, ਸਮੂਹ ਪੰਚਾਇਤ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਸਨ।

# ਆਰ.ਡੀ.ਐੱਸ.ਐੱਸ. ਤਹਿਤ ਬਿਜਲੀ ਵੰਡ ਪ੍ਰਣਾਲੀ ਦੇ ਆਧੁਨਿਕੀਕਰਨ ਲਈ 5,000 ਕਰੋੜ ਖਰਚ ਕੀਤੇ ਜਾ ਰਹੇ ਹਨ: ਤਰੁਨਪ੍ਰੀਤ ਸਿੰਘ ਸੌਂਦ

**ਚੰਡੀਗੜ੍ਹ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਬਿਜਲੀ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਇੱਥੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਰੀਵੈਂਪਡ ਡਿਸਟ੍ਰੀਬਿਊਸ਼ਨ ਸੈਕਟਰ ਸਕੀਮ (ਆਰ.ਡੀ.ਐੱਸ.ਐੱਸ.) ਤਹਿਤ ਲਗਭਗ 5,000 ਕਰੋੜ ਦੇ ਕੰਮ ਸ਼ੁਰੂ ਕਰਕੇ ਸੂਬੇ ਦੇ ਬਿਜਲੀ ਵੰਡ ਢਾਂਚੇ ਨੂੰ ਆਧੁਨਿਕ ਅਤੇ ਮਜ਼ਬੂਤ ਕਰਨ ਲਈ ਇਕ ਵਿਆਪਕ ਮੁਹਿੰਮ ਵਿੱਢੀ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਸਕੀਮ ਤਹਿਤ ਇਹ ਰਾਸ਼ੀ ਬਿਜਲੀ ਵੰਡ ਨੈੱਟਵਰਕ ਨੂੰ ਅਪਗ੍ਰੇਡ ਕਰਨ ਲਈ ਸੁਚੱਜੇ ਢੰਗ ਨਾਲ ਵਰਤੀ ਜਾ ਰਹੀ ਹੈ, ਜਿਸ ਨਾਲ ਪੂਰੇ ਸੂਬੇ ਵਿੱਚ ਖਪਤਕਾਰਾਂ ਨੂੰ ਭਰੋਸੇਯੋਗ, ਮਿਆਰੀ ਅਤੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਈ ਮਹੀਨੇ ਤੋਂ ਕਿਸਾਨਾਂ ਨੂੰ ਵੀ 8 ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ।

ਬਿਜਲੀ ਵੰਡ ਨੈੱਟਵਰਕ ਸਬੰਧੀ ਪ੍ਰਮੁੱਖ ਪ੍ਰਾਪਤੀਆਂ ਨੂੰ ਸਾਂਝਾ ਕਰਦਿਆਂ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਨੈੱਟਵਰਕ ਦੀ ਭਰੋਸੇਯੋਗਤਾ ਵਿੱਚ ਸੁਧਾਰ ਅਤੇ ਮੌਜੂਦਾ ਸਿਸਟਮ 'ਤੇ ਓਵਰਲੋਡਿੰਗ ਨੂੰ ਘਟਾਉਣ ਲਈ 1,296 ਨਵੇਂ 11 ਕੇਵੀ ਫੀਡਰ ਲਗਾਏ ਗਏ ਹਨ। ਇਸ ਤੋਂ ਇਲਾਵਾ ਬਿਜਲੀ ਵੰਡ ਨੈੱਟਵਰਕ ਨੂੰ ਮਜ਼ਬੂਤ ਕਰਨ ਅਤੇ ਦਿਹਾਤੀ ਤੇ ਸ਼ਹਿਰੀ ਖੇਤਰਾਂ ਵਿੱਚ ਬਿਜਲੀ ਦੀ ਵਧਦੀ ਮੰਗ ਨੂੰ ਪੂਰਾ ਕਰਨ ਲਈ 1,12,195 ਨਵੇਂ ਡਿਸਟ੍ਰੀਬਿਊਸ਼ਨ ਟ੍ਰਾਂਸਫਾਰਮਰ ਲਗਾਏ ਗਏ ਹਨ।

ਬਿਜਲੀ ਮੰਤਰੀ ਨੇ ਅੱਗੇ ਦੱਸਿਆ ਕਿ 663 ਸਰਕਟ ਕਿਲੋਮੀਟਰ 66 ਕੇਵੀ ਲਾਈਨਾਂ ਦੇ ਵਾਧੇ ਅਤੇ ਅਪਗ੍ਰੇਡੇਸ਼ਨ ਤੋਂ ਇਲਾਵਾ ਨਵੀਆਂ 355 ਸਰਕਟ ਕਿਲੋਮੀਟਰ 66 ਕੇਵੀ ਟ੍ਰਾਂਸਮਿਸ਼ਨ ਲਾਈਨਾਂ ਦੇ ਨਾਲ ਟ੍ਰਾਂਸਮਿਸ਼ਨ ਨੈੱਟਵਰਕ ਨੂੰ ਵੀ ਕਾਫ਼ੀ ਮਜ਼ਬੂਤ ਕੀਤਾ ਗਿਆ ਹੈ, ਜਿਸ ਨਾਲ ਸਿਸਟਮ ਦੀ ਸਮਰੱਥਾ ਅਤੇ ਸੰਚਾਲਨ ਕੁਸ਼ਲਤਾ ਵਿੱਚ ਵਾਧਾ ਹੋਇਆ ਹੈ।

ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਲਿਆਂਦੇ ਗਏ ਧਿਆਨ ਦਿਵਾਊ ਮਤੇ 'ਤੇ ਬਠਿੰਡਾ ਖੇਤਰ ਵਿੱਚ ਚੱਲ ਰਹੇ ਟ੍ਰਾਂਸਮਿਸ਼ਨ ਅਪਗ੍ਰੇਡੇਸ਼ਨ ਦੇ ਕੰਮਾਂ ਦਾ ਵੇਰਵੇ ਦਿੰਦਿਆਂ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਫੂਲ ਅਤੇ ਭਾਈ ਰੂਪਾ ਦੇ 66 ਕੇਵੀ ਸਬ-ਸਟੇਸ਼ਨਾਂ ਨੂੰ ਫਿਲਹਾਲ 220 ਕੇ.ਵੀ. ਗੁਰੂ ਹਰਗੋਬਿੰਦ ਥਰਮਲ ਪਲਾਂਟ, ਲਹਿਰਾ ਮੁਹੱਬਤ ਸਬ-ਸਟੇਸ਼ਨ ਤੋਂ ਆਉਂਦੀ 66 ਕੇਵੀ ਲਾਈਨ ਰਾਹੀਂ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ। ਮੌਜੂਦਾ ਲਾਈਨ ਤੋਂ ਬੋਝ ਘਟਾਉਣ ਅਤੇ ਬਿਜਲੀ ਦੀ ਭਰੋਸੇਯੋਗਤਾ ਵਿੱਚ ਸੁਧਾਰ ਲਈ, 220 ਕੇਵੀ ਗੁਰੂ ਹਰਗੋਬਿੰਦ ਥਰਮਲ ਪਲਾਂਟ, ਲਹਿਰਾ ਮਹੱਬਤ ਤੋਂ 66 ਕੇਵੀ ਸਬ-ਸਟੇਸ਼ਨ ਫੂਲ ਤੱਕ ਇੱਕ ਨਵੀਂ ਸਮਰਪਿਤ 66 ਕੇਵੀ ਟ੍ਰਾਂਸਮਿਸ਼ਨ ਲਾਈਨ ਪਾਈ ਜਾ ਰਹੀ ਹੈ।



ਉਨ੍ਹਾਂ ਦੱਸਿਆ ਕਿ ਪ੍ਰਸਤਾਵਿਤ ਲਾਈਨ ਦੀ ਕੁੱਲ ਲੰਬਾਈ 13.2 ਸਰਕਟ ਕਿਲੋਮੀਟਰ ਹੈ, ਜਿਸ ਵਿੱਚੋਂ 11.08 ਸਰਕਟ ਕਿਲੋਮੀਟਰ ਦਾ ਕੰਮ ਪੂਰਾ ਹੋ ਚੁੱਕਾ ਹੈ। ਬਾਕੀ ਬਚੇ ਕੰਮ ਵਿੱਚ ਅੱਠ ਟ੍ਰਾਂਸਮਿਸ਼ਨ ਟਾਵਰਾਂ ਨੂੰ ਬਦਲਣਾ ਅਤੇ ਨਿਰਧਾਰਤ ਸੁਰੱਖਿਆ ਮਾਪਦੰਡਾਂ ਨੂੰ ਬਣਾਏ ਰੱਖਣ ਲਈ 220 ਕੇਵੀ ਟ੍ਰਾਂਸਮਿਸ਼ਨ ਲਾਈਨਾਂ ਵਾਲੇ 4 ਕ੍ਰਾਸਿੰਗ ਢਾਂਚਿਆਂ ਦੀ ਉਚਾਈ ਵਧਾਉਣਾ ਸ਼ਾਮਲ ਹੈ ਅਤੇ ਇਹ ਕੰਮ ਵੀ ਜਲਦੀ ਹੀ ਪੂਰਾ ਕਰ ਲਿਆ ਜਾਵੇਗਾ।

ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਅੰਤਰਿਮ ਪ੍ਰਬੰਧ ਵਜੋਂ ਪੀ.ਐੱਸ.ਪੀ.ਸੀ.ਐੱਲ. ਨੇ 66 ਕੇਵੀ ਭਾਈ ਰੂਪਾ, ਮਹਿਰਾਜ ਅਤੇ ਫੂਲ ਸਬ-ਸਟੇਸ਼ਨਾਂ ਦਰਮਿਆਨ ਅਸਥਾਈ ਤੌਰ 'ਤੇ ਲੋਡ ਨੂੰ ਸੰਤੁਲਿਤ ਕੀਤਾ ਹੈ, ਜਿਸ ਨਾਲ ਮਈ ਮਹੀਨੇ ਤੋਂ ਹੀ ਕਿਸਾਨਾਂ ਨੂੰ ਰੋਜ਼ਾਨਾ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਦੇਣ ਵਿੱਚ ਮਦਦ ਮਿਲੀ ਹੈ।

ਬਿਜਲੀ ਖੇਤਰ ਨੂੰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਬੁਨਿਆਦੀ ਢਾਂਚੇ ਦੇ ਚੱਲ ਰਹੇ ਵਿਕਾਸ ਕਾਰਜ ਖੇਤੀਬਾੜੀ, ਉਦਯੋਗ, ਵਪਾਰ ਅਤੇ ਘਰੇਲੂ ਖਪਤਕਾਰਾਂ ਦੀਆਂ ਵਧਦੀਆਂ ਲੋੜਾਂ ਨੂੰ ਪੂਰਾ ਕਰਦਿਆਂ ਸੂਬੇ ਵਿੱਚ ਬਿਜਲੀ ਸਪਲਾਈ ਦੀ ਭਰੋਸੇਯੋਗਤਾ, ਕੁਸ਼ਲਤਾ ਅਤੇ ਮਿਆਰ ਵਿੱਚ ਵੱਡਾ ਸੁਧਾਰ ਕਰਨਗੇ। ਹਲਕਾ ਸਨੌਰ ਤੋਂ ਐੱਸ ਸੀ ਵਿੰਗ ਦੇ ਕੋਆਰਡੀਨੇਟਰ ਅਵਤਾਰ ਸਿੰਘ ਸੁਨਿਆਰਹੇੜੀ ਦੁਆਰਾ ਵੀਡਿਓ ਦਫ਼ਤਰ ਭੁਨਰਹੇੜੀ ਵਿਖੇ ਚੈਅਰਮੈਨ ਬਲਾਕ ਸੰਮਤੀ ਚਰਨਜੀਤ ਸਿੰਘ ਨੈਣਾਂ ਦੀ ਅਗਵਾਈ ਵਿਚ ਬਲਾਕ ਪ੍ਰਧਾਨਾਂ ਨਾਲ ਕੀਤੀ ਗਈ ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਧਰਮਪਾਲ ਤੇ ਮਾਲਵਾ ਇਸ਼ਟ ਜੋਨ ਇੰਚਾਰਜ ਸਰਦਾਰ ਅਮਰੀਕ ਸਿੰਘ ਜੀ ਬਾਂਗੜ ਨੇ ਨਵੇਂ ਲੱਗੇ ਬਲਾਕ ਪ੍ਰਧਾਨਾਂ ਨੂੰ ਸਿਰੋਪਾਉ ਪਾ ਕੇ ਸਨਮਾਨਿਤ ਕੀਤਾ ਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਬਲਾਕ ਪ੍ਰਧਾਨਾਂ ਨੇ ਵਿਸ਼ਵਾਸ ਦਿਵਾਇਆ ਕਿ ਅਸੀਂ ਆਪਣੇ ਐਸ ਸੀ ਵਿੰਗ ਨੂੰ ਮਜ਼ਬੂਤ ਕਰਨ ਲਈ ਦਿਨ ਰਾਤ ਮਿਹਨਤ ਕਰਾਂਗੇ।

# ਰਾਜਪੁਰਾ ਬਲਾਕ ਦੇ ਪਿੰਡ ਚੰਦੂਮਾਜਰਾ ਅਤੇ ਬਲਸੂਆਂ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਰਾਜਪੁਰਾ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਰਾਜਪੁਰਾ ਬਲਾਕ ਦੇ ਪਿੰਡ ਚੰਦੂਮਾਜਰਾ ਅਤੇ ਬਲਸੂਆਂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮੁੱਖ ਮੰਤਰੀ ਨੇ ਕੰਢੀ ਅਤੇ ਸਰਹੱਦੀ ਖੇਤਰਾਂ ਦੇ ਵਿਕਾਸ ਵਿੱਚ ਤੇਜ਼ੀ ਲਿਆਉਣ ਦੀ ਵਚਨਬੱਧਤਾ ਦੁਹਰਾਈ

**➢ ਪੰਜਾਬ ਸਰਕਾਰ ਕੰਢੀ ਖੇਤਰ ਨੂੰ ਵੱਡੇ ਸੈਰ-ਸਪਾਟਾ ਕੇਂਦਰ ਵਜੋਂ ਉਤਸ਼ਾਹਿਤ ਕਰੇਗੀ ➢ ਸਾਡੀ ਸਰਕਾਰ ਕੰਢੀ ਅਤੇ ਸਰਹੱਦੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ, ਸੈਰ-ਸਪਾਟੇ ਅਤੇ ਆਰਥਿਕ ਵਿਕਾਸ ਦੇ ਕੰਮਾਂ 'ਤੇ ਧਿਆਨ ਕੇਂਦਰਿਤ ਕਰ ਰਹੀ**

**ਚੰਡੀਗੜ੍ਹ, 6 ਅਗਸਤ**
**-ਜੀ. ਐਸ. ਤੂੰਗ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੇ ਕੰਢੀ ਅਤੇ ਸਰਹੱਦੀ ਖੇਤਰਾਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਆਪਣੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਈ। ਬਾਰਡਰ ਅਤੇ ਕੰਢੀ ਏਰੀਆ ਡਿਵੈਲਪਮੈਂਟ ਬੋਰਡ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਕੰਢੀ ਖੇਤਰ ਵਿੱਚ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਅਤੇ ਇਨ੍ਹਾਂ ਖੇਤਰਾਂ ਦੇ ਸਮੁੱਚੇ ਵਿਕਾਸ ਵਿੱਚ ਤੇਜ਼ੀ ਲਿਆਉਣ ਲਈ ਸਾਂਝੇ ਯਤਨ ਕਰਨ ਦੇ ਨਿਰਦੇਸ਼ ਦਿੱਤੇ।

ਕੰਢੀ ਖੇਤਰ ਵਿੱਚ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਠੋਸ ਯਤਨਾਂ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕੰਢੀ ਖੇਤਰ ਦੇ ਇੱਕ ਬਿਹਤਰੀਨ ਸੈਰ-ਸਪਾਟਾ ਕੇਂਦਰ ਵਜੋਂ ਉੱਭਰਨ ਦੀ ਅਥਾਹ ਸਮਰੱਥਾ ਹੈ, ਜੋ ਦੁਨੀਆ ਭਰ ਦੇ ਸੈਲਾਨੀਆਂ ਨੂੰ ਆਕਰਸ਼ਿਤ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਖੇਤਰ ਦੇ ਵਿਕਾਸ 'ਚ ਤੇਜ਼ੀ ਲਿਆਉਣ ਅਤੇ ਇਸ ਦੀਆਂ ਵਿਸ਼ਾਲ ਸੈਰ-ਸਪਾਟਾ ਸੰਭਾਵਨਾਵਾਂ ਦਾ ਲਾਭ ਉਠਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ।

ਇਸ ਖੇਤਰ ਦੀਆਂ ਅਣਵਰਤੀਆਂ ਸੰਭਾਵਨਾਵਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਪਿਛਲੀਆਂ ਸਰਕਾਰਾਂ ਦੀ ਨਲਾਇਕੀ ਅਤੇ ਅਣਦੇਖੀ ਕਾਰਨ ਕੰਢੀ ਖੇਤਰ ਵਿਕਾਸ ਦੀ ਦੌੜ ਵਿੱਚ ਪਿੱਛੇ ਰਹਿ ਗਿਆ ਸੀ। ਉਨ੍ਹਾਂ ਕਿਹਾ ਕਿ ਹਾਲਾਂਕਿ ਸਾਡੀ ਸਰਕਾਰ ਨੇ ਇਸ ਖੇਤਰ ਦੀਆਂ ਅਥਾਹ ਸੈਰ-ਸਪਾਟਾ ਸੰਭਾਵਨਾਵਾਂ ਨੂੰ ਉਜਾਗਰ ਕਰਨ ਅਤੇ ਸੈਲਾਨੀਆਂ ਨੂੰ ਇਸ ਦੀ ਕੁਦਰਤੀ ਸੁੰਦਰਤਾ ਵੱਲ ਆਕਰਸ਼ਿਤ ਕਰਨ ਲਈ ਸਖ਼ਤ ਉਪਰਾਲੇ ਕੀਤੇ ਹਨ। ਇਹ ਖੇਤਰ ਕੁਦਰਤੀ ਸਰੋਤਾਂ ਨਾਲ ਭਰਪੂਰ ਹੈ ਜੋ ਦੁਨੀਆਂ ਭਰ ਦੇ ਸੈਲਾਨੀਆਂ ਨੂੰ ਆਕਰਸ਼ਿਤ ਕਰ ਸਕਦਾ ਹੈ।

ਸਰਕਾਰ ਦੇ ਵਿਕਾਸ ਏਜੰਡੇ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਲੋਕਾਂ ਦੇ ਜੀਵਨ ਨੂੰ ਬਦਲਣ ਲਈ ਇਸ ਖਿੱਤੇ ਵਿੱਚ ਆਰਥਿਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ। ਉਹ ਦਿਨ ਦੂਰ ਨਹੀਂ ਜਦੋਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਕੰਢੀ ਖੇਤਰ ਵੱਡੇ ਸੈਰ-ਸਪਾਟਾ ਕੇਂਦਰ ਵਜੋਂ ਉੱਭਰੇਗਾ। ਉਨ੍ਹਾਂ ਕਿਹਾ ਕਿ ਇਸ ਖੇਤਰ ਦੇ ਵਿਕਾਸ ਅਤੇ ਇਸ ਦੇ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਉਨ੍ਹਾਂ ਕਿਹਾ, ਸੂਬਾ ਸਰਕਾਰ ਸਰਹੱਦੀ ਜ਼ਿਲ੍ਹਿਆਂ ਦੇ ਵਿਕਾਸ ਲਈ ਵੀ ਸਖ਼ਤ ਯਤਨ ਕਰ ਰਹੀ ਹੈ। ਇਨ੍ਹਾਂ ਜ਼ਿਲ੍ਹਿਆਂ ਦੇ ਵਸਨੀਕ ਬਹਾਦਰ ਲੋਕ ਹਨ ਜਿਨ੍ਹਾਂ ਨੇ ਹਮੇਸ਼ਾ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਕੀਤੀ ਹੈ। ਇਸ ਧਰਤੀ ਨੂੰ ਮਹਾਨ ਗੁਰੂਆਂ ਦੀ ਬਖਸ਼ਿਸ਼ ਪ੍ਰਾਪਤ ਹੈ ਅਤੇ ਇੱਥੇ ਮਿਹਨਤੀ ਅਤੇ ਸੂਰਬੀਰ ਲੋਕ ਵੱਸਦੇ ਹਨ। ਸਰਹੱਦੀ ਨਿਵਾਸੀਆਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਖੇਤਰ 'ਚ ਜਨਮੇ ਮਹਾਨ ਦੇਸ਼ ਭਗਤਾਂ ਅਤੇ ਰਾਸ਼ਟਰਵਾਦੀਆਂ ਦੇ ਦੇਸ਼ ਪ੍ਰਤੀ ਵਡਮੁੱਲੇ ਯੋਗਦਾਨ ਦੇ ਬਾਵਜੂਦ ਪਿਛਲੀਆਂ ਸਰਕਾਰਾਂ ਵੱਲੋਂ ਇਸ ਖੇਤਰ ਵਿੱਚ ਉਸ ਪੱਧਰ ਦਾ ਵਿਕਾਸ ਦੇਖਣ ਨੂੰ ਨਹੀਂ ਮਿਲਿਆ ਜਿਸ ਦਾ ਇਹ ਹੱਕਦਾਰ ਸੀ। ਸਾਡੀ ਸਰਕਾਰ ਨੇ ਇਸ ਖੇਤਰ ਦੇ ਵਿਕਾਸ ਨੂੰ ਵੱਡਾ ਹੁਲਾਰਾ ਦੇਣ ਲਈ ਹਰ ਸੰਭਵ ਯਤਨ ਕੀਤਾ ਹੈ। ਅਸੀਂ ਸਰਹੱਦੀ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ, ਜੋ ਸੱਚੇ ਦੇਸ਼ ਭਗਤ ਹਨ ਅਤੇ ਹਮੇਸ਼ਾ ਦੇਸ਼ ਅਤੇ ਇਸ ਦੇ ਲੋਕਾਂ ਦੇ ਨਾਲ ਖੜ੍ਹੇ ਰਹੇ ਹਨ। ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਕਿਸਾਨ ਮਜ਼ਦੂਰ ਐਸੋਸੀਏਸ਼ਨ ਪੰਜਾਬ ਦਾ ਪੱਕਾ ਮੋਰਚਾ 31ਵੇਂ ਦਿਨ ਵਿੱਚ ਦਾਖ਼ਲ



**ਸੰਗਰੂਰ, 6 ਅਗਸਤ**
**-ਜਗਦੇਵ ਰੰਚਨਾਂ-**

ਭੱਠਾ ਮਜ਼ਦੂਰਾਂ ਨੂੰ ਕਿਰਤ ਵਿਭਾਗ ਵੱਲੋਂ ਜਾਰੀ ਕਾਨੂੰਨੀ ਉਜਰਤਾਂ ਲਾਗੂ ਕਰਵਾਉਣ, Code on Wages, 2019 ਦੀ ਪਾਲਣਾ ਯਕੀਨੀ ਬਣਾਉਣ ਅਤੇ ਭੱਠਾ ਮਾਲਕਾਂ ਤੋਂ ਕਾਨੂੰਨੀ ਲਿਖਤੀ ਮੈਮੋਰੈਂਡਮ ਕਰਵਾਉਣ ਦੀ ਮੰਗ ਨੂੰ ਲੈ ਕੇ ਕਿਸਾਨ ਮਜ਼ਦੂਰ ਐਸੋਸੀਏਸ਼ਨ ਪੰਜਾਬ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਸੰਗਰੂਰ ਅੱਗੇ ਲਗਾਇਆ ਗਿਆ ਪੱਕਾ ਮੋਰਚਾ ਅੱਜ 31ਵੇਂ ਦਿਨ ਵਿੱਚ ਦਾਖਲ ਹੋ ਗਿਆ।

ਇਸ ਮੌਕੇ ਸੂਬਾ ਪ੍ਰਧਾਨ ਕੁਲਦੀਪ ਸਿੰਘ ਨੀਟੂ ਕੋਟ ਧਰਮੂ ਅਤੇ ਜ਼ਿਲ੍ਹਾ ਪ੍ਰਧਾਨ ਦਿਲਵਰ ਖ਼ਾਂ ਨੇ ਕਿਹਾ ਕਿ ਪਿਛਲੇ ਛੇ ਮਹੀਨਿਆਂ ਤੋਂ ਮਜ਼ਦੂਰ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਕਿਰਤ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅਤੇ ਹੋਰ ਸਬੰਧਤ ਅਧਿਕਾਰੀਆਂ ਕੋਲ ਲਗਾਤਾਰ ਗੁਹਾਰ ਲਗਾ ਰਹੇ ਹਨ।

ਪਿਛਲੇ 31 ਦਿਨਾਂ ਤੋਂ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਸ਼ਾਂਤਮਈ ਪੱਕਾ ਮੋਰਚਾ ਜਾਰੀ ਹੋਣ ਦੇ ਬਾਵਜੂਦ ਵੀ ਕਿਰਤ ਵਿਭਾਗ ਅਤੇ ਪ੍ਰਸ਼ਾਸਨ ਵੱਲੋਂ ਕੋਈ ਠੋਸ ਹੱਲ ਨਹੀਂ ਕੀਤਾ ਗਿਆ।

ਆਗੂਆਂ ਨੇ ਕਿਹਾ ਕਿ ਕਿਰਤ ਵਿਭਾਗ ਵੱਲੋਂ ਜਾਰੀ ਉਜਰਤ ਦਰਾਂ ਅਨੁਸਾਰ ਭੱਠਾ ਮਜ਼ਦੂਰਾਂ ਨੂੰ ਪ੍ਰਤੀ ਹਜ਼ਾਰ ਇੱਟ 360 ਰੁਪਏ ਬਣਦੇ ਹਨ, ਪਰ ਸੂਬੇ ਦੇ ਬਹੁਤੇ ਭੱਠਿਆਂ 'ਤੇ ਅੱਜ ਵੀ ਸਿਰਫ਼ 240 ਤੋਂ 260 ਰੁਪਏ ਹੀ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਇੱਟਾਂ ਦੇ ਭਾਅ ਵਿੱਚ ਹਜ਼ਾਰਾਂ ਰੁਪਏ ਦਾ ਵਾਧਾ ਹੋ ਚੁੱਕਾ ਹੈ, ਪਰ ਦੂਜੇ ਪਾਸੇ ਮਜ਼ਦੂਰਾਂ ਨੂੰ ਉਨ੍ਹਾਂ ਦਾ ਕਾਨੂੰਨੀ ਹੱਕ ਦੇਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ, ਜਿਸ ਕਾਰਨ Code on Wages ਦੀ ਵੱਡੇ ਪੱਧਰ 'ਤੇ ਉਲੰਘਣਾ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਹੁਣ ਵੀ ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸੇ ਤਹਿਤ ਕਿਸਾਨ ਮਜ਼ਦੂਰ ਐਸੋਸੀਏਸ਼ਨ ਪੰਜਾਬ ਨੇ ਐਲਾਨ ਕੀਤਾ ਕਿ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਜੱਦੀ ਪਿੰਡ ਸਤੌਜ ਵਿਖੇ ਭੱਠਾ ਮਜ਼ਦੂਰ ਵੱਡੀ ਗਿਣਤੀ ਵਿੱਚ ਪਹੁੰਚ ਕੇ ਸੱਥ ਲਗਾਉਣਗੇ ਅਤੇ ਪੰਜਾਬ ਸਰਕਾਰ ਦਾ ਧਿਆਨ ਆਪਣੇ ਲੰਬੇ ਸਮੇਂ ਤੋਂ ਲਟਕਦੇ ਮਸਲੇ ਵੱਲ ਖਿੱਚਣਗੇ।

ਆਗੂਆਂ ਨੇ ਕਿਹਾ ਕਿ ਜਥੇਬੰਦੀ ਦਾ ਸੰਘਰਸ਼ ਪੂਰੀ ਤਰ੍ਹਾਂ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਚੱਲ ਰਿਹਾ ਹੈ ਅਤੇ ਜਦੋਂ ਤੱਕ ਭੱਠਾ ਮਜ਼ਦੂਰਾਂ ਨੂੰ ਉਨ੍ਹਾਂ ਦੇ ਬਣਦੇ ਕਾਨੂੰਨੀ ਹੱਕ ਅਤੇ ਸਰਕਾਰ ਵੱਲੋਂ ਨਿਰਧਾਰਤ ਉਜਰਤਾਂ ਨਹੀਂ ਮਿਲਦੀਆਂ, ਉਦੋਂ ਤੱਕ ਇਹ ਸੰਘਰਸ਼ ਜਾਰੀ ਰਹੇਗਾ।

ਇਸ ਮੌਕੇ ਵੱਡੀ ਗਿਣਤੀ ਵਿੱਚ ਭੱਠਾ ਮਜ਼ਦੂਰ ਹਾਜ਼ਰ ਸਨ।

# ਅੰਮ੍ਰਿਤਸਰ ਵਿੱਚ 10 ਕਿੱਲੋ ਹੈਰੋਇਨ ਸਮੇਤ ਦੋ ਵਿਅਕਤੀ ਗ੍ਰਿਫ਼ਤਾਰ; ਗ੍ਰਿਫ਼ਤਾਰ ਮੁਲਜ਼ਮ ਸਰਹੱਦ-ਪਾਰ ਦੇ ਨਸ਼ਾ ਤਸਕਰੀ ਨੈੱਟਵਰਕ ਨਾਲ ਸਬੰਧਤ: ਡੀ.ਜੀ.ਪੀ. ਗੌਰਵ ਯਾਦਵ

**ਅੰਮ੍ਰਿਤਸਰ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ 10 ਕਿੱਲੋ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰਲੇ ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਜਸਬੀਰ ਸਿੰਘ ਉਰਫ਼ ਮੋਨੂ ਅਤੇ ਅੰਮ੍ਰਿਤਪਾਲ ਸਿੰਘ ਉਰਫ਼ ਮੋਟਾ ਵਜੋਂ ਹੋਈ ਹੈ, ਜੋ ਦੋਵੇਂ ਅੰਮ੍ਰਿਤਸਰ ਦੇ ਰਣਗੜ੍ਹ ਦੇ ਰਹਿਣ ਵਾਲੇ ਹਨ। ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ, ਜਿਸ ਦੀ ਵਰਤੋਂ ਉਹ ਨਸ਼ਾ ਤਸਕਰੀ ਲਈ ਕਰਦੇ ਸਨ।

ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਸ਼ਾਮਲ ਸਾਰੇ ਸਹਿਯੋਗੀਆਂ ਦੀ ਪਛਾਣ ਅਤੇ ਪੂਰੀ ਸਪਲਾਈ ਚੇਨ ਦਾ ਖਾਤਮਾ ਕਰਨ ਲਈ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਕੀਤੀ ਜਾ ਜਾਰੀ ਹੈ।




ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਸੁਪਰਡੰਟ ਆਫ਼ ਪੁਲਿਸ (ਐੱਸ.ਐੱਸ.ਪੀ.) ਅੰਮ੍ਰਿਤਸਰ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਪੁਲਿਸ ਟੀਮਾਂ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਸਰਹੱਦ-ਪਾਰ ਦੇ ਨਸ਼ਾ ਤਸਕਰੀ ਨੈੱਟਵਰਕ ਨਾਲ ਸਬੰਧਤ ਦੋ ਵਿਅਕਤੀਆਂ ਨੇ ਹੈਰੋਇਨ ਦੀ ਇੱਕ ਵੱਡੀ ਖੇਪ ਪ੍ਰਾਪਤ ਕੀਤੀ ਹੈ, ਜਿਸਨੂੰ ਉਹ ਘਰਿੰਡਾ ਖੇਤਰ ਵਿੱਚ ਸਪਲਾਈ ਕਰਨ ਵਾਲੇ ਹਨ।

ਉਨ੍ਹਾਂ ਦੱਸਿਆ ਕਿ ਪ੍ਰਾਪਤ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇਲਾਕੇ 'ਚ ਨਾਕਾਬੰਦੀ ਕਰਕੇ ਜਸਬੀਰ ਉਰਫ਼ ਮੋਨੂ ਅਤੇ ਅੰਮ੍ਰਿਤਪਾਲ ਉਰਫ਼ ਮੋਟੂ ਨੂੰ ਉਸ ਸਮੇਂ ਕਾਬੂ ਕਰ ਲਿਆ, ਜਦੋਂ ਉਹ ਆਪਣੇ ਮੋਟਰਸਾਈਕਲ 'ਤੇ ਜਾ ਰਹੇ ਸਨ। ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ 'ਚੋਂ 10.03 ਕਿੱਲੋ ਹੈਰੋਇਨ ਬਰਾਮਦ ਹੋਈ।

ਐੱਸ.ਐੱਸ.ਪੀ. ਨੇ ਕਿਹਾ ਕਿ ਜਾਂਚ ਅੱਗੇ ਵਧਣ ਨਾਲ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

ਇਸ ਸਬੰਧੀ ਥਾਣਾ ਘਰਿੰਡਾ, ਅੰਮ੍ਰਿਤਸਰ ਦਿਹਾਤੀ ਵਿਖੇ ਐੱਨ.ਡੀ.ਪੀ.ਐੱਸ. ਐਕਟ ਦੀ ਧਾਰਾ 21 ਤਹਿਤ ਐੱਫ.ਆਈ.ਆਰ. ਨੰਬਰ 339 ਮਿਤੀ 4/8/2026 ਦਰਜ ਕੀਤੀ ਗਈ ਹੈ।

# ਮਾਨ ਸਰਕਾਰ ਨੇ ਮੈਰਿਟ ਅਧਾਰਤ ਸਰਕਾਰੀ ਭਰਤੀ ਵਿੱਚ ਨੌਜਵਾਨਾਂ ਦਾ ਭਰੋਸਾ ਕੀਤਾ ਬਹਾਲ: ਬਰਿੰਦਰ ਕੁਮਾਰ ਗੋਇਲ

**ਚੰਡੀਗੜ੍ਹ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੀ ਭਰਤੀ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆ ਕੇ ਬਿਨਾਂ ਕਿਸੇ ਪੈਸੇ, ਸਿਫ਼ਾਰਸ਼ ਜਾਂ ਸਿਆਸੀ ਰਸੂਖ਼ ਤੋਂ ਨਿਰੋਲ ਮੈਰਿਟ ਦੇ ਅਧਾਰ 'ਤੇ ਸਰਕਾਰੀ ਨੌਕਰੀਆਂ ਯਕੀਨੀ ਬਣਾਉਣ ਦੀ ਨਵੀਂ ਪਿਰਤ ਪਾਈ ਹੈ।

ਪੰਜਾਬ ਵਿਧਾਨ ਸਭਾ ਵਿੱਚ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ ਸੂਬਾ ਸਰਕਾਰ ਦੇ ਯਤਨਾਂ ਬਾਰੇ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਵੱਲੋਂ ਲਿਆਂਦੇ ਮਤੇ 'ਤੇ ਚਰਚਾ ਵਿੱਚ ਭਾਗ ਲੈਂਦਿਆਂ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਾਰਦਰਸ਼ੀ ਭਰਤੀ ਪ੍ਰਕਿਰਿਆ ਨੇ ਪੰਜਾਬ ਦੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਰਕਾਰੀ ਪ੍ਰਣਾਲੀ ਵਿੱਚ ਭਰੋਸਾ ਬਹਾਲ ਕੀਤਾ ਹੈ।

ਉਨ੍ਹਾਂ ਕਿਹਾ," ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ, ਸਰਕਾਰੀ ਨੌਕਰੀ ਲੈਣਾ ਸਿਆਸੀ ਰਸੂਖ, ਨਿੱਜੀ ਸਿਫ਼ਾਰਸ਼ ਅਤੇ ਪੈਸੇ 'ਤੇ ਨਿਰਭਰ ਪ੍ਰਕਿਰਿਆ ਮੰਨਿਆ ਜਾਂਦਾ ਸੀ। ਬਿਨੈਕਾਰਾਂ ਦੇ ਪਰਿਵਾਰਾਂ ਨੂੰ ਰਸੂਖ਼ਦਾਰ ਵਿਅਕਤੀਆਂ ਦੀ ਮਦਦ ਲੈਣ ਜਾਂ ਪੈਸੇ ਦਾ ਪ੍ਰਬੰਧ ਕਰਨ ਲਈ ਮਜਬੂਰ ਹੋਣਾ ਪੈਂਦਾ ਸੀ, ਜਦਕਿ ਹੱਕਦਾਰ ਅਤੇ ਯੋਗ ਉਮੀਦਵਾਰਾਂ ਨੂੰ ਆਪਣਾ ਭਵਿੱਖ ਹਨੇਰੇ ਵਿੱਚ ਜਾਪਦਾ ਸੀ।"

ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਹੱਕਦਾਰ ਅਤੇ ਯੋਗ ਨੌਜਵਾਨਾਂ ਨੂੰ ਅਕਸਰ ਉਨ੍ਹਾਂ ਦੇ ਜਾਇਜ਼ ਹੱਕਾਂ ਤੋਂ ਵਾਂਝੇ ਰੱਖਿਆ ਜਾਂਦਾ ਸੀ, ਜਿਸ ਨਾਲ ਉਨ੍ਹਾਂ ਵਿੱਚੋਂ ਬਹੁਤ ਸਾਰੇ ਨਿਰਾਸ਼ ਹੋ ਕੇ ਹੌਸਲਾ ਛੱਡ ਜਾਂਦੇ ਸਨ ਪਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਭਰਤੀ ਪ੍ਰਕਿਰਿਆ ਨੂੰ ਪੂਰਨ ਰੂਪ ਵਿੱਚ ਪਾਰਦਰਸ਼ੀ ਬਣਾ ਦਿੱਤਾ ਹੈ। ਹੁਣ ਬਿਨਾਂ ਪੈਸੇ ਦਿੱਤੇ ਜਾਂ ਸਿਆਸੀ ਸਿਫ਼ਾਰਸ਼ ਤੋਂ ਸਰਕਾਰੀ ਨੌਕਰੀਆਂ ਲਈਆਂ ਜਾ ਸਕਦੀਆਂ ਹਨ।

ਸ੍ਰੀ ਗੋਇਲ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਨੁਕਸਦਾਰ ਅਮਲਾਂ ਨੇ ਅਨੇਕਾਂ ਨੌਜਵਾਨਾਂ ਨੂੰ ਨਿਰਾਸ਼ਾ ਦੇ ਆਲਮ ਵਿੱਚ ਧੱਕ ਦਿੱਤਾ ਸੀ। ਵਿਰੋਧੀ ਧਿਰ ਹੁਣ ਕਹਿ ਰਹੀ ਹੈ ਕਿ ਪੰਜਾਬ ਦੇ ਨੌਜਵਾਨ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹਨ ਪਰ ਸੱਚਾਈ ਇਹ ਹੈ ਕਿ ਮਾਨ ਸਰਕਾਰ ਨੇ ਉਨ੍ਹਾਂ ਨੂੰ ਰੋਜ਼ਗਾਰ ਮੌਕੇ ਮੁਹੱਈਆ ਕਰਵਾਏ ਹਨ ਅਤੇ ਉਨ੍ਹਾਂ ਨੂੰ ਪੰਜਾਬ ਵਿੱਚ ਹੀ ਆਪਣਾ ਭਵਿੱਖ ਬਣਾਉਣ ਲਈ ਉਤਸ਼ਾਹਿਤ ਕੀਤਾ ਹੈ।

ਉਨ੍ਹਾਂ ਅੱਗੇ ਕਿਹਾ, "ਅਸੀਂ ਨੌਜਵਾਨਾਂ ਵਿੱਚ ਵਿਦੇਸ਼ ਜਾਣ ਦੇ ਵਧ ਰਹੇ ਰੁਝਾਨ ਨੂੰ ਮੋੜਾ ਪਾਉਣ ਵਿੱਚ ਕਾਫ਼ੀ ਹੱਦ ਤੱਕ ਸਫ਼ਲ ਰਹੇ ਹਾਂ ਅਤੇ ਉਨ੍ਹਾਂ ਨੂੰ ਸਿੱਖਿਆ ਅਤੇ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਵੱਲ ਮੁੜਨ ਲਈ ਪ੍ਰੇਰਿਆ ਹੈ।"



ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਸਪੱਸ਼ਟ ਕਰ ਦਿੱਤਾ ਸੀ ਕਿ ਰਸੂਖ਼ਦਾਰ ਜਾਂ ਵਿੱਤੀ ਤੌਰ 'ਤੇ ਮਜ਼ਬੂਤ ਉਮੀਦਵਾਰਾਂ ਨੂੰ ਲਾਭ ਪਹੁੰਚਾਉਣ ਲਈ ਯੋਗ ਅਤੇ ਸਮਰੱਥ ਨੌਜਵਾਨਾਂ ਦੇ ਹੱਕਾਂ ਨਾਲ ਖਿਲਵਾੜ ਨਹੀਂ ਕੀਤਾ ਜਾਵੇਗਾ। ਆਪਣੇ ਪਹਿਲੇ ਸਾਲ ਦੌਰਾਨ ਹੀ ਮਾਨ ਸਰਕਾਰ ਨੇ 20000 ਨੌਕਰੀਆਂ ਦਿੱਤੀਆਂ ਅਤੇ ਉਸ ਤੋਂ ਬਾਅਦ ਇੱਕ ਪਾਰਦਰਸ਼ੀ ਅਤੇ ਮੈਰਿਟ-ਆਧਾਰਤ ਭਰਤੀ ਪ੍ਰਕਿਰਿਆ ਰਾਹੀਂ 68000 ਤੋਂ ਵੱਧ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕੀਤੇ।

ਕੈਬਨਿਟ ਮੰਤਰੀ ਨੇ ਕਿਹਾ, "68,000 ਤੋਂ ਵੱਧ ਸਰਕਾਰੀ ਨੌਕਰੀਆਂ ਦੇ ਕੇ ਮਾਨ ਸਰਕਾਰ ਨੇ ਨਾ ਸਿਰਫ਼ ਰੋਜ਼ਗਾਰ ਦਿੱਤਾ ਹੈ, ਸਗੋਂ ਉਸ ਪੀੜ੍ਹੀ ਦੇ ਭਰੋਸੇ ਨੂੰ ਵੀ ਬਹਾਲ ਕੀਤਾ ਹੈ ਜਿਸ ਨੇ ਇਹ ਮੰਨਣਾ ਸ਼ੁਰੂ ਕਰ ਦਿੱਤਾ ਸੀ ਕਿ ਪੈਸੇ ਜਾਂ ਸਿਫ਼ਾਰਸ਼ ਤੋਂ ਬਿਨਾਂ ਸਰਕਾਰੀ ਨੌਕਰੀਆਂ ਮਿਲ ਹੀ ਨਹੀਂ ਸਕਦੀਆਂ।"

ਉਨ੍ਹਾਂ ਕਿਹਾ ਕਿ ਪਾਰਦਰਸ਼ੀ ਭਰਤੀ ਨੀਤੀ ਨੇ ਵਿਦਿਆਰਥੀਆਂ ਨੂੰ ਸਿੱਖਿਆ ਅਤੇ ਮੁਕਾਬਲਾ ਪ੍ਰੀਖਿਆਵਾਂ 'ਤੇ ਧਿਆਨ ਕੇਂਦਰਿਤ ਕਰਨ ਲਈ ਉਤਸ਼ਾਹਿਤ ਕੀਤਾ ਹੈ। ਮੈਰਿਟ ਵਿੱਚ ਬਹਾਲ ਹੋਏ ਇਸ ਭਰੋਸੇ ਨਾਲ ਵਿਦਿਆਰਥੀਆਂ ਵਿੱਚ ਸਰਕਾਰੀ ਸਕੂਲਾਂ ਤੋਂ ਮਿਆਰੀ ਸਿੱਖਿਆ ਹਾਸਲ ਕਰਨ ਦਾ ਰੁਝਾਨ ਵੀ ਵਧਿਆ ਹੈ।

ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਬਿਹਤਰ ਅਕਾਦਮਿਕ ਕਾਰਗੁਜ਼ਾਰੀ ਦਾ ਹਵਾਲਾ ਦਿੰਦਿਆਂ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਪਾਸ ਕੀਤੀ ਹੈ, ਜੋ ਸੂਬੇ ਦੀ ਜਨਤਕ ਸਿੱਖਿਆ ਪ੍ਰਣਾਲੀ ਵਿੱਚ ਵਿਦਿਆਰਥੀਆਂ ਅਤੇ ਮਾਪਿਆਂ ਦੇ ਵਧ ਰਹੇ ਭਰੋਸੇ ਦਾ ਪ੍ਰਤੱਖ ਪ੍ਰਮਾਣ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਦੀਆਂ ਰੋਜ਼ਗਾਰ ਪਹਿਲਕਦਮੀਆਂ ਨੇ ਬਹੁਤ ਸਾਰੇ ਨੌਜਵਾਨਾਂ ਨੂੰ ਬਿਹਤਰ ਰੋਜ਼ਗਾਰ ਲਈ ਵਿਦੇਸ਼ ਜਾਣ ਦੀ ਬਜਾਏ ਪੰਜਾਬ ਵਿੱਚ ਹੀ ਆਪਣਾ ਭਵਿੱਖ ਬਣਾਉਣ ਲਈ ਪ੍ਰੇਰਿਆ ਹੈ।

ਆਪਣੇ ਹਲਕੇ ਦੇ ਪਿੰਡ ਹਮੀਰਗੜ੍ਹ ਦੀ ਉਦਾਹਰਣ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਦੇਸ਼ ਜਾਣ ਲਈ ਵੀਜ਼ਾ ਸਬੰਧੀ ਕਾਰਵਾਈ ਪੂਰੀ ਕਰਕੇ ਹਵਾਈ ਟਿਕਟਾਂ ਖ਼ਰੀਦ ਚੁੱਕੀ ਇੱਕ ਲੜਕੀ ਨੇ ਪਟਵਾਰੀ ਵਜੋਂ ਚੁਣੇ ਜਾਣ ਤੋਂ ਬਾਅਦ ਵਿਦੇਸ਼ ਜਾਣ ਦਾ ਇਰਾਦਾ ਛੱਡ ਦਿੱਤਾ ਅਤੇ ਹੁਣ ਉਹ ਪੰਜਾਬ ਵਿੱਚ ਸੇਵਾ ਨਿਭਾਅ ਰਹੀ ਹੈ।

ਉਨ੍ਹਾਂ ਕਿਹਾ ਕਿ ਜਿਨ੍ਹਾਂ ਨੌਜਵਾਨਾਂ ਨੂੰ ਅਜੇ ਤੱਕ ਰੋਜ਼ਗਾਰ ਨਹੀਂ ਮਿਲਿਆ ਹੈ, ਉਨ੍ਹਾਂ ਨੇ ਵੀ ਆਸ ਨਹੀਂ ਛੱਡੀ ਅਤੇ ਨਾ ਹੀ ਉਹ ਨਿਰਾਸ਼ਾ ਵਿੱਚ ਡੁੱਬੇ ਹਨ। ਇਸ ਦੀ ਥਾਂ ਉਹ ਦ੍ਰਿੜ੍ਹ ਇਰਾਦੇ ਅਤੇ ਪੂਰੇ ਆਤਮ-ਵਿਸ਼ਵਾਸ ਨਾਲ ਮੁਕਾਬਲਾ ਪ੍ਰੀਖਿਆਵਾਂ ਵਿੱਚ ਭਾਗ ਲੈ ਰਹੇ ਹਨ ਅਤੇ ਆਸਵੰਦ ਹਨ ਕਿ ਇਮਾਨਦਾਰੀ ਨਾਲ ਕੀਤੀ ਮਿਹਨਤ ਅਤੇ ਮੈਰਿਟ ਹੀ ਉਨ੍ਹਾਂ ਦੇ ਭਵਿੱਖ ਨੂੰ ਉਜਲ ਬਣਾਏਗੀ।

ਉਨ੍ਹਾਂ ਅੱਗੇ ਕਿਹਾ ਕਿ ਜਿੱਥੇ ਭਰਤੀ ਸਬੰਧੀ ਵਿਵਾਦਾਂ ਅਤੇ ਪੇਪਰ ਲੀਕ ਹੋਣ ਦੀਆਂ ਘਟਨਾਵਾਂ ਨੇ ਕੌਮੀ ਪੱਧਰ 'ਤੇ ਵਿਦਿਆਰਥੀਆਂ ਦੇ ਵਿਸ਼ਵਾਸ ਨੂੰ ਵੱਡੀ ਢਾਅ ਲਾਈ ਹੈ, ਉਥੇ ਹੀ ਪੰਜਾਬ ਸਰਕਾਰ ਨੇ ਪਾਰਦਰਸ਼ੀ ਅਤੇ ਜਵਾਬਦੇਹ ਭਰਤੀ ਢਾਂਚਾ ਸਥਾਪਿਤ ਕੀਤਾ ਹੈ, ਜੋ ਯੋਗ ਉਮੀਦਵਾਰਾਂ ਦੇ ਹਿੱਤਾਂ ਦੀ ਰਾਖੀ ਕਰਕੇ ਸਭ ਲਈ ਬਰਾਬਰ ਮੌਕੇ ਯਕੀਨੀ ਬਣਾਉਂਦਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੱਖਪਾਤ, ਵਿੱਤੀ ਅਤੇ ਸਿਆਸੀ ਰਸੂਖ਼ ਦੇ ਪੁਰਾਣੇ ਸੱਭਿਆਚਾਰ ਨੂੰ ਖ਼ਤਮ ਕਰਕੇ ਮਾਨ ਸਰਕਾਰ ਨੇ ਭਰਤੀ ਪ੍ਰਣਾਲੀ ਵਿੱਚ ਸੂਬੇ ਦੇ ਨੌਜਵਾਨਾਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਭਰੋਸਾ ਬਹਾਲ ਕੀਤਾ ਹੈ। ਅੱਜ, ਲੋਕਾਂ ਨੂੰ ਵਿਸ਼ਵਾਸ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਇਮਾਨਦਾਰੀ ਨਾਲ ਅਤੇ ਨਿਰੋਲ ਮੈਰਿਟ 'ਤੇ ਸਰਕਾਰੀ ਨੌਕਰੀਆਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।

# ਝਾੜ ਸਾਹਿਬ ਕਾਲਜ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਧਾਰਮਿਕ ਸਮਾਗਮ ਨਾਲ ਕੀਤੀ ਗਈ



**ਮਾਛੀਵਾੜਾ ਸਾਹਿਬ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇਲਾਕੇ ਵਿੱਚ ਕੇਵਲ ਲੜਕੀਆਂ ਲਈ ਸਫ਼ਲਤਾਪੂਰਵਕ ਚੱਲ ਰਹੀ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵੱਲੋਂ ਨਵੇਂ ਵਿੱਦਿਅਕ ਸੈਸ਼ਨ 2026-27 ਦੀ ਆਰੰਭਤਾ ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਅਤੇ ਬੀਬੀ ਬਲਜਿੰਦਰ ਕੌਰ, ਧਾਰਮਿਕ ਅਧਿਆਪਕ ਦੀ ਅਗਵਾਈ ਹੇਠ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾ ਕੇ ਕੀਤੀ ਗਈ। ਗੁਰਦੁਆਰਾ ਸ੍ਰੀ ਝਾੜ ਸਾਹਿਬ ਵਿਖੇ ਕਰਵਾਏ ਗਏ ਸਮਾਗਮ ਵਿੱਚ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਉਪਰੰਤ ਕਾਲਜ ਦੇ ਸੰਗੀਤ ਵਿਭਾਗ ਦੇ ਪ੍ਰੋਫੈਸਰ ਡਾ.ਅਮਨਪ੍ਰੀਤ ਕੌਰ ਕੰਗ ਅਤੇ ਵਿਭਾਗ ਦੀਆਂ ਵਿਦਿਆਰਥਣਾਂ ਵੱਲੋਂ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਦਾਖਲਾ ਲੈਣ ਵਾਲੀਆਂ ਸਾਰੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ ਤੇ ਅਕਾਦਮਿਕ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਵਿਦਿਆਰਥਣਾਂ ਦੀ ਪ੍ਰਸ਼ੰਸਾ ਕਰਦੇ ਹੋਏ ਹੋਣਹਾਰ ਵਿਦਿਆਰਥਣਾਂ ਦਾ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਪਟਿਆਲਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਵਿਸ਼ੇਸ਼ ਸਨਮਾਨ ਕਰਨ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਉਹਨਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਸਖ਼ਤ ਮਿਹਨਤ ਕਰਦਿਆਂ ਹੀ ਮੰਜ਼ਿਲਾਂ ਨੂੰ ਹਾਸਲ ਕੀਤਾ ਜਾ ਸਕਦਾ ਹੈ ਜਿਸ ਦੀ ਸ਼ੁਰੂਆਤ ਸਕੂਲੀ ਪੜ੍ਹਾਈ ਤੋਂ ਹੁੰਦੀ ਹੈ ਪਰ ਸੁਪਨਿਆਂ ਨੂੰ ਖੰਭ ਕਾਲਜ ਵਿੱਚ ਆ ਕੇ ਲਗਦੇ ਹਨ। ਉਹਨਾਂ ਅੰਦਰਲੇ ਵਿਕਾਰਾਂ ਨੂੰ ਤਿਆਗ ਕੇ ਸਦਗੁਣ ਅਪਨਾਉਣ ਦਾ ਸੁਨੇਹਾ ਵੀ ਦਿੱਤਾ। ਇਸ ਮੌਕੇ ਵਿਸ਼ੇਸ ਤੌਰ 'ਤੇ ਪੁੱਜੇ ਪਰਮਜੀਤ ਸਿੰਘ ਢਿੱਲੋਂ ਹਲਕਾ ਇੰਚਾਰਜ ਸਮਰਾਲਾ ਸ਼੍ਰੋਮਣੀ ਅਕਾਲੀ ਦਲ ਅਤੇ ਮੈਂਬਰ ਕਾਲਜ ਲੋਕਲ ਮੈਨੇਜਮੈਂਟ ਕਮੇਟੀ ਨੇ ਵਿਦਿਆਰਥਣਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦੇ ਹੋਏ ਉਹਨਾਂ ਨੂੰ ਹਰ ਖੇਤਰ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਉਹਨਾਂ ਕਿਹਾ ਕਿ ਸਿੱਖਿਆ ਸਿਰਫ਼ ਡਿਗਰੀ ਪ੍ਰਾਪਤ ਕਰਨ ਦਾ ਸਾਧਨ ਨਹੀ ਸਗੋਂ ਚੰਗੇ ਚਰਿੱਤਰ ਨਿਰਮਾਣ, ਸੋਚ ਅਤੇ ਸਮਾਜ ਸੇਵਾ ਦਾ ਆਧਾਰ ਹੈ। ਉਹਨਾਂ ਇਮਾਨਦਾਰੀ, ਨਿਮਰਤਾ,ਸਤਿਕਾਰ ਅਤੇ ਜ਼ਿੰਮੇਵਾਰੀ ਵਰਗੇ ਗੁਣਾਂ ਨੂੰ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਨਾ ਦਿੱਤੀ।

ਬੀਬੀ ਪਰਮਜੀਤ ਕੌਰ ਕੰਗ ਸਾਬਕਾ ਕੌਂਸਲਰ ਸਮਰਾਲਾ ਵੱਲੋਂ ਕਾਲਜ ਦੀਆਂ ਮਾਣਮੱਤੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦੇ ਹੋਏ ਕਾਲਜ ਵਿਦਿਆਰਥਣਾਂ, ਪ੍ਰਿੰਸੀਪਲ, ਸਟਾਫ਼ ਅਤੇ ਮੈਨੇਜਮੈਂਟ ਦੇ ਅਣਥੱਕ ਯਤਨਾਂ ਨੂੰ ਵਡਿਆਇਆ ਗਿਆ। ਸਾਹਰ ਕੌਰ ਸਿੱਧੂ ਪ੍ਰਧਾਨ, ਇਸਤਰੀ ਵਿੰਗ ਸ਼੍ਰੋਮਣੀ ਅਕਾਲੀ ਦਲ, ਸਮਰਾਲਾ ਨੇ ਵਿਦਿਆਰਥਣਾਂ ਨੂੰ ਜੀਵਨ ਵਿੱਚ ਚੰਗੇ ਮੁਕਾਮ ਹਾਸਲ ਕਰਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਕੇ ਕਾਲਜ, ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨ ਲਈ ਹੱਲਾਸ਼ੇਰੀ ਦਿੱਤੀ। ਕਾਲਜ ਦੀ ਲੋਕਲ ਕਮੇਟੀ ਦੇ ਆਨਰੇਰੀ ਐਡੀਸ਼ਨਲ ਸਕੱਤਰ ਹਰਜਤਿੰਦਰ ਸਿੰਘ ਬਾਜਵਾ ਨੇ ਸਮਾਗਮ ਵਿੱਚ ਪੁੱਜੀਆਂ ਸ਼ਖ਼ਸ਼ੀਅਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਲਜ ਵਿਖੇ ਕਿਸੇ ਵੀ ਕਾਰਜ ਦਾ ਆਰੰਭ ਗੁਰੂ ਸਾਹਿਬ ਦਾ ਓਟ ਆਸਰਾ ਲੈ ਕੇ ਕੀਤਾ ਜਾਂਦਾ ਹੈ 'ਤੇ ਅੱਜ ਦੇ ਸਮਾਗਮ ਵੀ ਨਵੇਂ ਸੈਸ਼ਨ ਦੀ ਆਰੰਭਤਾ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਸ਼ੀਰਵਾਦ ਪ੍ਰਾਪਤ ਕਰਨ ਤੇ ਕਾਲਜ ਦੀ ਚੜ੍ਹਦੀ ਕਲਾ ਲਈ ਆਯੋਜਿਤ ਕੀਤੇ ਗਏ ਹਨ। ਇਸ ਮੌਕੇ ਅਵਤਾਰ ਸਿੰਘ ਰਿਆ ਸਾਬਕਾ ਜੂਨੀਅਰ ਪ੍ਰਧਾਨ ਅਤੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਦੇ ਮੀਤ ਪ੍ਰਧਾਨ .ਹਰਦੀਪ ਸਿੰਘ ਬਹਿਲੋਲਪੁਰ, ਅਮਰੀਕ ਸਿੰਘ ਹੇੜੀਆਂ, ਚਰਨਜੀਤ ਸਿੰਘ ਲੱਖੇਵਾਲ ਮੈਂਬਰ ਲੋਕਲ ਮੈਨੇਜਮੈਂਟ ਕਮੇਟੀ ਸੁਰਿੰਦਰ ਕੌਰ, ਪ੍ਰਕਾਸ਼ ਕੌਰ (ਸਾਬਕਾ ਕੌਂਸਲਰ ਸਮਰਾਲਾ) ਤੇਜਿੰਦਰ ਕੌਰ ਢਿੱਲੋਂ, ਅਮਨਦੀਪ ਸਿੰਘ ਰਾਜੂ ਕੌਂਸਲਰ ਸਮਰਾਲਾ ਅਤੇ ਇਲਾਕੇ ਵਿੱਚੋਂ ਹੋਰ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਸ੍ਰੀ ਝਾੜ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਜਗਤਾਰ ਸਿੰਘ, ਕਾਲਜ ਸਟਾਫ਼ ਅਤੇ ਵਿਦਿਆਰਥਣਾਂ ਵੀ ਇਸ ਸਮਾਗਮ ਵਿੱਚ ਸ਼ਾਮਿਲ ਹੋਈਆਂ। ਡਾ.ਮਨਦੀਪ ਕੌਰ ਵੱਲੋਂ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ ਗਈ।

# ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਤਕਨਾਲੋਜੀ ਦੀ ਮਦਦ ਨਾਲ ਆਪਣੀ ਬੱਚਤ ਲਾਗਤ-ਤੋਂ-ਪ੍ਰੀਮੀਅਮ ਅਨੁਪਾਤ ਘਟ ਕਰ ਰਹੀ ਹੈ

**ਅੰਮ੍ਰਿਤਸਰ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਆਟੋਮੇਸ਼ਨ ਰਾਹੀਂ ਤਕਨਾਲੋਜੀ ਅਤੇ ਹੋਰ ਲਾਗਤ-ਘਟਾਉਣ ਦੇ ਉਪਾਵਾਂ ਵਿੱਚ ਲਗਾਤਾਰ ਨਿਵੇਸ਼ ਕੀਤਾ ਹੈ। ਨਤੀਜੇ ਵਜੋਂ, ਵਿੱਤੀ ਸਾਲ 2027 ਦੀ ਪਹਿਲੀ ਤਿਮਾਹੀ ਵਿੱਚ ਬੱਚਤ ਕਾਰੋਬਾਰ ਲਈ ਇਸਦਾ ਲਾਗਤ-ਤੋਂ-ਪ੍ਰੀਮੀਅਮ ਅਨੁਪਾਤ ਘੱਟ ਕੇ 13.6% ਹੋ ਗਿਆ। ਕੰਪਨੀ ਦੇ ਕਾਰੋਬਾਰੀ ਵਾਧੇ ਦੇ ਬਾਵਜੂਦ, ਇਹ ਪਿਛਲੇ ਸਾਲ ਦੇ ਮੁਕਾਬਲੇ 50 ਬੇਸਿਸ ਪੁਆਇੰਟ ਘੱਟ ਗਿਆ। ਇਸ ਵਿਕਾਸ 'ਤੇ ਟਿੱਪਣੀ ਕਰਦੇ ਹੋਏ, ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੇ ਮੁੱਖ ਤਕਨਾਲੋਜੀ ਅਧਿਕਾਰੀ ਸ਼੍ਰੀ ਗਣੇਸ਼ਨ ਸੌਂਦਿਰਮ ਨੇ ਕਿਹਾ, ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਵਿਖੇ, ਕੰਪਨੀ ਦੇ ਡਿਜੀਟਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੀਤੇ ਗਏ ਨਿਵੇਸ਼ਾਂ ਨੇ ਨਾ ਸਿਰਫ਼ ਸਾਡੇ ਗਾਹਕਾਂ ਨੂੰ ਸਸ਼ਕਤ ਬਣਾਇਆ ਹੈ, ਸਗੋਂ ਪਾਲਿਸੀ ਯਾਤਰਾ ਦੌਰਾਨ ਉਨ੍ਹਾਂ ਨੂੰ ਬਿਹਤਰ ਅਨੁਭਵ ਪ੍ਰਦਾਨ ਕਰਨ ਵਿੱਚ ਵੀ ਸਾਡੀ ਮਦਦ ਕੀਤੀ ਹੈ। ਅਸੀਂ ਗਾਹਕ ਪ੍ਰਾਪਤੀ, ਵਿਤਰਕ ਸਮਰੱਥਾ, ਸੇਵਾ ਡਿਲੀਵਰੀ ਅਤੇ ਸੰਚਾਲਨ ਕੁਸ਼ਲਤਾਵਾਂ ਨੂੰ ਬਿਹਤਰ ਬਣਾਉਣ ਲਈ ਏਆਈ, ਵਿਸ਼ਲੇਸ਼ਣ ਅਤੇ ਆਈਸੀਆਈਸੀਆਈ ਪ੍ਰੂ ਪਾਰਟਨਰ ਸਟੈਕ ਅਤੇ ਆਈਪੀਆਰਯੂ ਐਜ ਵਰਗੇ ਪਲੇਟਫਾਰਮਾਂ ਦਾ ਲਾਭ ਉਠਾ ਰਹੇ ਹਾਂ। ਜਦੋਂ ਅਸੀਂ ਆਪਣਾ ਤਕਨਾਲੋਜੀ ਸਟੈਕ ਬਣਾਇਆ, ਤਾਂ ਸਾਡਾ ਟੀਚਾ ਸਿਰਫ਼ ਆਟੋਮੇਸ਼ਨ ਨਹੀਂ ਸੀ। ਸਾਡਾ ਟੀਚਾ ਮੈਨੂਅਲ ਪ੍ਰਕਿਰਿਆਵਾਂ ਦੇ ਰਗੜ ਅਤੇ ਲਾਗਤਾਂ ਨੂੰ ਘਟਾਉਣਾ ਸੀ, ਇਸ ਤਰ੍ਹਾਂ ਗਾਹਕਾਂ ਨੂੰ ਬੱਚਤ ਨੂੰ ਬਿਹਤਰ ਢੰਗ ਨਾਲ ਪਾਸ ਕਰਨਾ ਅਤੇ ਤੇਜ਼ ਅਤੇ ਆਸਾਨ ਸੇਵਾ ਪ੍ਰਦਾਨ ਕਰਨਾ ਸੀ। ਇਹ ਪਹੁੰਚ ਹੁਣ ਸੰਚਾਲਨ ਕੁਸ਼ਲਤਾਵਾਂ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰ ਰਹੀ ਹੈ। ਇਹ ਕੁਸ਼ਲਤਾਵਾਂ ਮੁੱਖ ਤੌਰ 'ਤੇ ਇਸ ਗੱਲ 'ਤੇ ਧਿਆਨ ਕੇਂਦਰਿਤ ਕਰਨ ਤੋਂ ਆਈਆਂ ਹਨ ਕਿ ਨੀਤੀ ਪ੍ਰਕਿਰਿਆ ਅਰਜ਼ੀ ਤੋਂ ਜਾਰੀ ਕਰਨ ਤੱਕ ਕਿਵੇਂ ਅੱਗੇ ਵਧਦੀ ਹੈ। ਵਿੱਤੀ ਸਾਲ 2027 ਦੀ ਪਹਿਲੀ ਤਿਮਾਹੀ ਵਿੱਚ, ਲਗਭਗ 58% ਪਾਲਿਸੀਆਂ ਡਿਜੀਟਲ ਕੇਵਾਈਸੀ ਦੀ ਵਰਤੋਂ ਕਰਕੇ ਜਾਰੀ ਕੀਤੀਆਂ ਗਈਆਂ ਸਨ, ਅਤੇ ਲਗਭਗ 54% ਬੱਚਤ ਪਾਲਿਸੀਆਂ ਉਸੇ ਦਿਨ ਜਾਰੀ ਕੀਤੀਆਂ ਗਈਆਂ ਸਨ। ਕੰਪਨੀ ਡਿਜੀਟਲ ਕਲੇਮ ਰਜਿਸਟ੍ਰੇਸ਼ਨ, ਵਟਸਐਪ ਰਾਹੀਂ ਰੀਅਲ-ਟਾਈਮ ਟਰੈਕਿੰਗ, ਅਤੇ ਏਆਈ-ਅਧਾਰਤ ਪ੍ਰੀ-ਕਲੇਮ ਅਸੈਸਮੈਂਟ ਅਤੇ ਪ੍ਰੋਸੈਸਿੰਗ ਰਾਹੀਂ ਤੇਜ਼ੀ ਨਾਲ ਕਲੇਮ ਸੈਟਲਮੈਂਟ ਦੀ ਸਹੂਲਤ ਦਿੰਦੀ ਹੈ।

ਏਆਈ-ਅਧਾਰਤ ਮਾਡਲ ਜੋ ਅੰਡਰਰਾਈਟਿੰਗ ਫੈਸਲਿਆਂ ਦਾ ਸਮਰਥਨ ਕਰਦੇ ਹਨ, ਪਾਲਿਸੀ ਨਿਰੰਤਰਤਾ ਦੀ ਭਵਿੱਖਬਾਣੀ ਕਰਨ ਅਤੇ ਦਾਅਵਿਆਂ ਦਾ ਮੁਲਾਂਕਣ ਕਰਨ ਲਈ ਵੀ ਵਰਤੇ ਜਾਂਦੇ ਹਨ। ਇਸ ਨਾਲ ਉਦਯੋਗ-ਮੋਹਰੀ ਕਲੇਮ ਸੈਟਲਮੈਂਟ ਅਨੁਪਾਤ 99.3% ਹੋ ਗਿਆ ਹੈ, ਜਿਸ ਵਿੱਚ ਵਿੱਤੀ ਸਾਲ 2027 ਦੀ ਪਹਿਲੀ ਤਿਮਾਹੀ ਦੌਰਾਨ ਇੱਕ ਗੈਰ-ਪ੍ਰਮਾਣਿਤ ਵਿਅਕਤੀਗਤ ਦਾਅਵੇ ਲਈ ਔਸਤਨ ਟਰਨਅਰਾਊਂਡ ਸਮਾਂ ਸਿਰਫ ਇੱਕ ਦਿਨ ਹੈ। ਰੋਜ਼ਾਨਾ ਸੇਵਾ ਦਾ ਇੱਕ ਮਹੱਤਵਪੂਰਨ ਹਿੱਸਾ ਕੰਪਨੀ ਦੇ ਏਆਈ-ਅਧਾਰਤ ਚੈਟਬੋਟ, ਆਸਕ ਖੁਸ਼ਮਨੀ ਦੁਆਰਾ ਸੰਭਾਲਿਆ ਜਾਂਦਾ ਹੈ। ਇਸ ਦੌਰਾਨ, ਨਵੀਨੀਕਰਨ ਰੀਮਾਈਂਡਰ ਇੱਕ ਬਹੁ-ਭਾਸ਼ਾਈ ਵੌਇਸ ਅਸਿਸਟੈਂਟ ਦੁਆਰਾ ਭੇਜੇ ਜਾਂਦੇ ਹਨ ਜੋ ਇੱਕ ਘੰਟੇ ਵਿੱਚ 50,000 ਗਾਹਕਾਂ ਤੱਕ ਪਹੁੰਚ ਸਕਦੇ ਹਨ। ਭਾਰਤੀ ਬੀਮਾ ਖੇਤਰ ਵਿੱਚ ਅਜਿਹੀਆਂ ਵਿਸ਼ੇਸ਼ਤਾਵਾਂ ਬਹੁਤ ਘੱਟ ਹਨ। ਵੰਡ ਦੇ ਮੋਰਚੇ 'ਤੇ, ਕੰਪਨੀ ਦੇ ਸਲਾਹਕਾਰ IPRU Edge ਸਲਾਹਕਾਰ ਐਪ ਵਰਗੇ ਸਾਧਨਾਂ ਦੀ ਵਰਤੋਂ ਕਰਦੇ ਹਨ। ਇਹ ਉਹਨਾਂ ਨੂੰ ਆਪਣੇ ਕਾਰੋਬਾਰ ਨੂੰ ਤੇਜ਼ੀ ਨਾਲ ਵਧਾਉਣ, ਕਾਰਜਾਂ ਦਾ ਪ੍ਰਬੰਧਨ ਕਰਨ, ਅਰਜ਼ੀ ਦੇ ਉਸੇ ਦਿਨ ਨੀਤੀਆਂ ਜਾਰੀ ਕਰਨ ਅਤੇ ਇੱਕ ਵਧੀਆ ਗਾਹਕ ਅਨੁਭਵ ਪ੍ਰਦਾਨ ਕਰਨ ਵਿੱਚ ਮਦਦ ਕਰਦਾ ਹੈ। ਜਿਵੇਂ ਕਿ ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਗਾਹਕ ਸੇਵਾ ਦੇ 25 ਸਾਲ ਮਨਾ ਰਹੀ ਹੈ, ਇਹ ਤਕਨਾਲੋਜੀ-ਅਧਾਰਤ ਪਹੁੰਚ ਆਉਣ ਵਾਲੇ ਸਾਲਾਂ ਵਿੱਚ ਕੰਪਨੀ ਦੀ ਮੁਨਾਫ਼ੇ ਵਿੱਚ ਵਾਧਾ ਕਰਨ ਦੀ ਰਣਨੀਤੀ ਲਈ ਮਹੱਤਵਪੂਰਨ ਬਣੀ ਹੋਈ ਹੈ।

# 68228 ਯੋਗਤਾ ਅਧਾਰਤ ਸਰਕਾਰੀ ਨੌਕਰੀਆਂ ਅਤੇ 1.83 ਲੱਖ ਕਰੋੜ ਰੁਪਏ ਦੇ ਨਿਵੇਸ਼ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਵਿੱਚ ਇਤਿਹਾਸਕ ਮਤਾ ਪਾਸ

**ਚੰਡੀਗੜ੍ਹ 6 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਵਿਧਾਨ ਸਭਾ ਵੱਲੋਂ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਰੁਜ਼ਗਾਰ ਪੈਦਾ ਕਰਨ, ਪਾਰਦਰਸ਼ੀ ਸ਼ਾਸਨ ਅਤੇ ਵੱਡੇ ਪੱਧਰ 'ਤੇ ਉਦਯੋਗਿਕ ਵਿਕਾਸ ਵਿੱਚ ਇਤਿਹਾਸਕ ਪ੍ਰਾਪਤੀਆਂ ਲਈ, ਸ਼ਲਾਘਾ ਵਜੋਂ ਇੱਕ ਇਤਿਹਾਸਕ ਮਤਾ ਪਾਸ ਕੀਤਾ ਗਿਆ।

ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਪੇਸ਼ ਕੀਤੇ ਗਏ ਮਤੇ ਵਿੱਚ ਸੂਬਾ ਸਰਕਾਰ ਦੀ ਸਫਲ ਦੋ-ਨੁਕਾਤੀ ਰਣਨੀਤੀ ਦੀ ਸ਼ਲਾਘਾ ਕੀਤੀ ਗਈ। ਇਸ ਨੀਤੀ ਦਾ ਉਦੇਸ਼ ਸਰਕਾਰੀ ਭਰਤੀਆਂ ਵਿੱਚ ਪੂਰੀ ਪਾਰਦਰਸ਼ਤਾ ਬਹਾਲ ਕਰਨਾ ਅਤੇ ਨਿੱਜੀ ਖੇਤਰ ਦੀਆਂ ਸਥਾਈ ਨੌਕਰੀਆਂ ਪੈਦਾ ਕਰਨ ਲਈ ਮੈਗਾ ਉਦਯੋਗਿਕ ਨਿਵੇਸ਼ਾਂ ਨੂੰ ਆਕਰਸ਼ਿਤ ਕਰਨਾ ਹੈ।

ਭਰਤੀ ਪ੍ਰਣਾਲੀ ਦੇ ਇਤਿਹਾਸਕ ਸੁਧਾਰ 'ਤੇ ਬੋਲਦਿਆਂ, ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਨੌਕਰੀਆਂ ਦੇਣ ਵਿੱਚ ਦਹਾਕਿਆਂ ਪੁਰਾਣੇ ਸਿਫ਼ਾਰਸ਼ੀ, ਰਾਜਨੀਤਿਕ ਦਖਲ ਅਤੇ ਭ੍ਰਿਸ਼ਟਾਚਾਰ ਦੇ ਅਮਲ ਨੂੰ ਸਥਾਈ ਤੌਰ 'ਤੇ ਖਤਮ ਕਰ ਦਿੱਤਾ ਹੈ। ਪੱਖਪਾਤ ਨਾਲੋਂ ਯੋਗਤਾ ਨੂੰ ਤਰਜੀਹ ਦੇ ਕੇ, ਸਰਕਾਰ ਨੇ ਲੱਖਾਂ ਪੰਜਾਬੀ ਨੌਜਵਾਨਾਂ ਦਾ ਭਰੋਸਾ ਬਹਾਲ ਕੀਤਾ ਹੈ।

1 ਅਪ੍ਰੈਲ, 2022 ਤੋਂ, ਪੰਜਾਬ ਸਰਕਾਰ ਨੇ ਪੂਰੀ ਪਾਰਦਰਸ਼ਤਾ, ਭ੍ਰਿਸ਼ਟਾਚਾਰ ਮੁਕਤ ਅਤੇ ਯੋਗਤਾ-ਅਧਾਰਤ ਪ੍ਰਕਿਰਿਆ ਰਾਹੀਂ 68,228 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਮੁੱਖ ਸਰਕਾਰੀ ਭਰਤੀਆਂ ਵਿੱਚ ਸਕੂਲ ਸਿੱਖਿਆ ਵਿਭਾਗ ਵਿੱਚ ਭਰਤੀ ਕੀਤੇ ਗਏ 16,316 ਨੌਜਵਾਨ, ਗ੍ਰਹਿ ਵਿਭਾਗ ਵਿੱਚ ਭਰਤੀ ਕੀਤੇ ਗਏ 14,723 ਨੌਜਵਾਨ, ਬਿਜਲੀ ਵਿਭਾਗ ਵਿੱਚ ਭਰਤੀ ਕੀਤੇ ਗਏ 8,706 ਨੌਜਵਾਨ, ਸਥਾਨਕ ਸਰਕਾਰਾਂ ਵਿਭਾਗ ਵਿੱਚ ਭਰਤੀ ਕੀਤੇ ਗਏ 5,681 ਵਿਅਕਤੀ ਅਤੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਿੱਚ ਭਰਤੀ ਕੀਤੇ ਗਏ 4,758 ਵਿਅਕਤੀ ਸ਼ਾਮਲ ਹਨ। ਮਾਲੀਆ, ਡਾਕਟਰੀ ਸਿੱਖਿਆ, ਜਲ ਸਰੋਤ, ਖੇਤੀਬਾੜੀ ਅਤੇ ਹੋਰਾਂ ਸਮੇਤ ਮਹੱਤਵਪੂਰਨ ਖੇਤਰਾਂ ਵਿੱਚ ਹਜ਼ਾਰਾਂ ਵਾਧੂ ਨਿਯੁਕਤੀਆਂ ਵੀ ਕੀਤੀਆਂ ਗਈਆਂ। ਬੇਮਿਸਾਲ ਉਦਯੋਗਿਕ ਅਤੇ ਨਿੱਜੀ ਖੇਤਰ ਦੇ ਵਾਧੇ ਨੂੰ ਕਬੂਲਦਿਆਂ ਮਤੇ ਨੇ ਨੀਤੀ ਸਥਿਰਤਾ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਰਾਹੀਂ ਨਿੱਜੀ ਨਿਵੇਸ਼ ਨੂੰ ਆਕਰਸ਼ਿਤ ਕਰਨ ਵਿੱਚ ਰਾਜ ਦੀ ਸ਼ਾਨਦਾਰ ਸਫਲਤਾ ਨੂੰ ਉਜਾਗਰ ਕੀਤਾ। 16 ਮਾਰਚ, 2022 ਅਤੇ 31 ਜੁਲਾਈ, 2026 ਦੇ ਵਿਚਕਾਰ, ਪੰਜਾਬ ਨੇ 1,83,837 ਕਰੋੜ ਰੁਪਏ ਦੇ 9,899 ਨਿਵੇਸ਼ ਪ੍ਰਸਤਾਵ ਪ੍ਰਾਪਤ ਕੀਤੇ। ਇਨ੍ਹਾਂ ਪ੍ਰੋਜੈਕਟਾਂ ਤੋਂ ਰਾਜ ਭਰ ਦੇ ਨੌਜਵਾਨਾਂ ਲਈ 6,16,436 ਰੁਜ਼ਗਾਰ ਦੇ ਮੌਕੇ ਪੈਦਾ ਹੋਏ ਹਨ।

ਟਾਟਾ ਸਟੀਲ, ਐਚਐਮਈਐਲ ਆਰਗੈਨਿਕਸ, ਸੇਲ ਸੋਲਰ, ਅੰਬੂਜਾ ਸੀਮੈਂਟਸ, ਹੈਪੀ ਫੋਰਜਿੰਗਜ਼, ਵਰਧਮਾਨ ਸਪੈਸ਼ਲ ਸਟੀਲਜ਼, ਨੈਸਲੇ ਇੰਡੀਆ ਅਤੇ ਹੋਰਾਂ ਸਮੇਤ ਪ੍ਰਮੁੱਖ ਗਲੋਬਲ ਅਤੇ ਰਾਸ਼ਟਰੀ ਕਾਰਪੋਰੇਟ ਕੰਪਨੀਆਂ ਨੇ ਵੱਡੇ ਵਿਸਥਾਰ ਪ੍ਰੋਜੈਕਟਾਂ ਲਈ ਪੰਜਾਬ ਨੂੰ ਚੁਣਿਆ ਹੈ। ਇਹ ਨਿਵੇਸ਼ ਨਿਰਮਾਣ, ਸਟੀਲ, ਨਵਿਆਉਣਯੋਗ ਊਰਜਾ, ਫਾਰਮਾਸਿਊਟੀਕਲ, ਫੂਡ ਪ੍ਰੋਸੈਸਿੰਗ, ਆਈਟੀ, ਸਿਹਤ ਸੰਭਾਲ, ਲੌਜਿਸਟਿਕਸ ਅਤੇ ਸਿੱਖਿਆ ਵਰਗੇ ਮਹੱਤਵਪੂਰਨ ਉੱਚ-ਵਿਕਾਸ ਵਾਲੇ ਖੇਤਰਾਂ ਵਿੱਚ ਫੈਲੇ ਹੋਏ ਹਨ।

ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦਾ ਦੂਰਦਰਸ਼ੀ ਸ਼ਾਸਨ ਪੰਜਾਬ ਦੇ ਨੌਜਵਾਨਾਂ ਨੂੰ ਸਸ਼ਕਤ ਬਣਾਉਂਦਾ ਹੈ ਅਤੇ ਵਿਦੇਸ਼ਾਂ ਲਈ ਹੋ ਰਹੇ ਪ੍ਰਵਾਸ ਨੂੰ ਘਟਾਉਂਦਾ ਹੈ।

# ਅਖਿਲ ਭਾਰਤੀਆਂ ਰਵਿਦਾਸੀਆ ਧਰਮ ਸੰਗਠਨ ਦੀ ਹੋਈ ਮੀਟਿੰਗ



**ਮਾਛੀਵਾੜਾ ਸਾਹਿਬ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਖਿਲ ਭਾਰਤੀਆ ਰਵਿਦਾਸੀਆ ਧਰਮ ਸੰਗਠਨ (ਰਜਿ) ਭਾਰਤ ਦੀ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਪਰਮਿੰਦਰ ਰੱਲ ਦੀ ਅਗਵਾਈ ਹੇਠ ਪਿੰਡ ਲੱਖੋਵਾਲ ਕਲਾਂ ਵਿਖੇ ਹੋਈ। ਜਿਸ ਵਿੱਚ ਨਵੀਂ ਲੱਗੀ ਯੂਨਿਟ ਸਮਰਾਲਾ ਅਤੇ ਮਾਛੀਵਾੜਾ ਸਾਹਿਬ ਦੇ ਸਮੂਹ ਮੈਂਬਰਾਂ ਤੇ ਅਹੁਦੇਦਾਰਾਂ ਨੇ ਸਮੂਲੀਅਤ ਕੀਤੀ। ਪ੍ਰਧਾਨ ਪਰਮਿੰਦਰ ਰੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੀਟਿੰਗ ਵਿੱਚ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ ਅਤੇ ਉਨ੍ਹਾਂ ਨੂੰ ਪਿੰਡਾਂ ਅੰਦਰ ਨਵੀਆਂ ਯੂਨਿਟਾਂ ਲਾਉਣ ਲਈ ਪ੍ਰੇਰਿਤ ਵੀ ਕੀਤਾ ਗਿਆ।

ਉਹਨਾਂ ਨੇ ਕਿਹਾ ਕਿ ਅਖਿਲ ਭਾਰਤੀਆ ਰਵਿਦਾਸੀਆ ਸੰਗਠਨ ਦਾ ਮੁੱਖ ਮਕਸਦ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਵਿਚਾਰਧਾਰਾ ਨੂੰ ਘਰ ਘਰ ਤੱਕ ਪਹੁੰਚਾਉਣਾ ਹੈ। ਉਹਨਾਂ ਨੇ ਕਿਹਾ ਕਿ 2027 ਵਿੱਚ ਭਾਰਤ ਸਰਕਾਰ ਵੱਲੋਂ ਜੋ ਜਨਗਣਨਾ ਕਰਵਾਈ ਜਾ ਰਹੀ ਹੈ,ਉਸ ਵਿੱਚ ਰਵਿਦਾਸੀਆ ਧਰਮ ਦਾ ਕਾਲਮ ਬਣਿਆ ਹੋਵੇਗਾ ਤੇ ਰਵਿਦਾਸੀਆ ਧਰਮ ਹੀ ਲਿਖਾਉਣਾ ਹੈ। ਇਸ ਤੋਂ ਇਲਾਵਾ ਉਹਨਾਂ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵਿਸ਼ਵ ਅੰਦਰ ਵੱਡੇ ਪੱਧਰ ਤੇ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸੇ ਤਹਿਤ ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਪ੍ਰਕਾਸ਼ ਪੁਰਬ ਵਾਲੇ ਦਿਨ ਸੰਗਤਾਂ ਆਪਣੇ ਘਰਾਂ ਨੂੰ ਸਜਾਉਣ ਅਤੇ ਰਾਤ ਸਮੇਂ ਦੀ ਸਜਾਵਟ ਵੀ ਕਰਨ ਅਤੇ ਦੀਵੇ ਵੀ ਰਾਤ ਸਮੇਂ ਜਗਾਉਣ । ਉਨਾਂ ਨੇ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸਾਡੀ ਇਸ ਸੰਸਥਾ ਨਾਲ ਜੁੜੋ। ਜਿਸ ਦਾ ਬਰਾਂਚ ਆਫਿਸ ਸੱਚਖੰਡ ਬੱਲਾਂ ਜਲੰਧਰ ਵਿਖੇ ਸੰਤ ਸ੍ਰੀ ਨਿਰੰਜਣ ਦਾਸ ਜੀ ਦੀ ਅਗਵਾਈ ਹੇਠ ਚੱਲ ਰਿਹਾ ਹੈ। ਅਖੀਰ ਇਸ ਮੀਟਿੰਗ ਵਿੱਚ ਪਹੁੰਚੇ ਸਾਰੇ ਪਤਵੰਤੇ ਸੱਜਣਾਂ ਦਾ ਉਪ ਪ੍ਰਧਾਨ ਕ੍ਰਿਸ਼ਨ ਲਾਲ ਤੇ ਗੁਰਪ੍ਰੀਤ ਮਰਾੜ ਨੇ ਧੰਨਵਾਦ ਕੀਤਾ। ਇਸ ਮੌਕੇ ਸਤੀਸ਼ ਕੁਮਾਰ, ਹਰਮੇਸ਼ ਕੁਮਾਰ, ਜਸਵੀਰ ਸਿੰਘ, ਦਲਵੀਰ ਚੰਦ, ਹਰਜਿੰਦਰ ਸਿੰਘ, ਕ੍ਰਿਸ਼ਨ ਸਿੰਘ,ਪਾਲ ਚੰਦ, ਸੁੱਖੀ ਰਾਮ, ਗੁਰਮੁਖ ਰਾਮ, ਦਿੱਗ ਵਿਜੇ, ਸੁਖਦੇਵ ਸਿੰਘ, ਸ਼ੀਤਲ ਰਾਮ,ਸੋਹਣ ਲਾਲ, ਗੁਰਦੀਪ ਸਿੰਘ,ਰਾਹੁਲ, ਪਰਮਿੰਦਰ ਰਾਮ ਤਿਲਕ ਰਾਮ ਆਦਿ ਮੌਜੂਦ ਸਨ।

# ਮਾਛੀਵਾੜਾ ਪੁਲਿਸ ਵੱਲੋਂ ਹੈਰੋਇਨ ਸਮੇਤ 2 ਕਾਬੂ

**ਮਾਛੀਵਾੜਾ ਸਾਹਿਬ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਪੁਲਸ ਵਲੋਂ 2 ਵੱਖ-ਵੱਖ ਮਾਮਲਿਆਂ ਵਿਚ ਹੈਰੋਇਨ ਸਮੇਤ 2 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜਮਾਂ ਦੀ ਪਹਿਚਾਣ ਸਵਰਨ ਸਿੰਘ ਵਾਸੀ ਚੌਂਤਾ ਅਤੇ ਦਿਲਪ੍ਰੀਤ ਸਿੰਘ ਵਾਸੀ ਰਾਣਵਾਂ ਵਜੋਂ ਹੋਈ ਹੈ। ਥਾਣਾ ਮੁਖੀ ਚਰਨਜੀਤ ਸਿੰਘ ਨੇ ਦੱਸਿਆ ਕਿ ਪੁਲਸ ਵਲੋਂ ਗਸ਼ਤ ਕੀਤੀ ਜਾ ਰਹੀ ਸੀ ਕਿ ਥਾਣਾ ਨੇੜ੍ਹੇ ਇੱਕ ਵਿਅਕਤੀ ਪੁਲਸ ਨੂੰ ਦੇਖ ਕੇ ਸ਼ੱਕੀ ਹਾਲਤ ਵਿਚ ਮੁੜਨ ਲੱਗਾ। ਪੁਲਸ ਵਲੋਂ ਜਦੋਂ ਉਸ ਨੂੰ ਕਾਬੂ ਕੀਤਾ ਤਾਂ ਉਸਨੇ ਆਪਣਾ ਨਾਮ ਦਿਲਪ੍ਰੀਤ ਸਿੰਘ ਦੱਸਿਆ ਜਿਸ ਪਾਸੋਂ 7 ਗ੍ਰਾਮ ਹੈਰੋਇਨ ਬਰਾਮਦ ਹੋਈ। ਦੂਸਰੇ ਮਾਮਲੇ ਵਿਚ ਵੀ ਪੁਲਸ ਪਾਰਟੀ ਵਲੋਂ ਗਸ਼ਤ ਦੌਰਾਨ ਪਿੰਡ ਭੱਟੀਆਂ ਨੇੜ੍ਹੇ ਇੱਕ ਵਿਅਕਤੀ ਨੂੰ ਸ਼ੱਕ ਦੇ ਅਧਾਰ 'ਤੇ ਰੋਕਿਆ ਜਿਸ ਦੀ ਪਹਿਚਾਣ ਸਵਰਨ ਸਿੰਘ ਵਜੋਂ ਹੋਈ ਅਤੇ ਤਲਾਸ਼ੀ ਦੌਰਾਨ ਉਸ ਕੋਲੋਂ 11 ਗ੍ਰਾਮ 200 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਮੁਖੀ ਅਨੁਸਾਰ ਉਕਤ ਦੋਵੇਂ ਕਥਿਤ ਦੋਸ਼ੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।



# ਹਰਿਆਣਾ ਖ਼ਬਰਨਾਮਾ



## ਸੁਪਨੇ ਦੇਖਣਾ ਕਦੇ ਬੰਦ ਨਾ ਕਰੋ, ਤੁਹਾਡੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸਰਕਾਰ ਤੁਹਾਡੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ : ਨਾਇਬ ਸਿੰਘ ਸੈਣੀ



**ਚੰਡੀਗੜ੍ਹ, 6 ਅਗਸਤ**
**-ਸੰਜੀਵ ਸਿਗਲਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਨੌਜਵਾਨ ਸੁਪਨੇ ਦੇਖਣਾ ਕਦੇ ਬੰਦ ਨਾ ਕਰਨ। ਸੁਪਨੇ ਸੁੱਤੇ ਹੋਏ ਨਹੀਂ, ਸਗੋਂ ਜਾਗਦੇ ਹੋਏ ਦੇਖਣ। ਉਨ੍ਹਾਂ ਸੁਪਨਿਆਂ ਨੂੰ ਸਾਕਾਰ ਕਰਨ ਲਈ ਹੁਣ ਸਿਰਫ ਤੁਹਾਡਾ ਹੌਸਲਾ ਹੀ ਨਹੀਂ, ਸਗੋਂ ਤੁਹਾਡੀ ਆਪਣੀ ਸਰਕਾਰ ਵੀ ਤੁਹਾਡੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਅਸੀਂ ਕਿਸੇ ਵੀ ਨੌਜਵਾਨ ਦੇ ਸੁਪਨਿਆਂ ਨੂੰ ਦੱਬਣ ਨਹੀਂ ਦੇਵਾਂਗੇ। ਹਰਿਆਣਾ ਸਰਕਾਰ ਨੌਜਵਾਨਾਂ ਨੂੰ ਪਾਰਦਰਸ਼ੀ ਵਿਵਸਥਾ, ਸਮਾਨ ਮੌਕੇ ਅਤੇ ਬਿਨਾਂ ਪਰਚੀ ਬਿਨਾਂ ਖਰਚੀ ਦੀ ਭਰਤੀ ਪ੍ਰਣਾਲੀ ਰਾਹੀਂ ਅੱਗੇ ਵਧਾਉਣ ਲਈ ਪੂਰੀ ਵਚਨਬੱਧਤਾ ਨਾਲ ਕਾਰਜ ਕਰ ਰਹੀ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੀਰਵਾਰ ਨੂੰ ਸੋਨੀਪਤ ਵਿੱਚ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਨੌਜਵਾਨਾਂ ਨੂੰ ਸੰਬੋਧਿਤ ਕਰ ਰਹੇ ਸਨ। ਛਾਤਰ ਸੰਵਾਦ ਮੁੱਖ ਮੰਤਰੀ ਦੇ ਨਾਲ ਤਹਿਤ ਆਯੋਜਿਤ ਇਸ ਪ੍ਰੋਗਰਾਮ ਵਿੱਚ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਵੀ ਸਟੂਡੈਂਟਸ ਲਾਈਵ ਜੁੜੇ ਸਨ। ਇਸ ਦੌਰਾਨ ਆਈ.ਸੀ.ਐਸ. ਸੈਂਟਰ ਦੇ ਸੰਸਥਾਪਕ ਸ੍ਰੀ ਪਰਿਮਲ ਕੁਮਾਰ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਸਵਾਗਤ ਕੀਤਾ।

ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਦੋਂ ਉਹ ਨੌਜਵਾਨਾਂ ਵੱਲ ਦੇਖਦੇ ਹਨ ਤਾਂ ਉਨ੍ਹਾਂ ਨੂੰ ਵਿਕਸਿਤ ਭਾਰਤ ਅਤੇ ਵਿਕਸਿਤ ਹਰਿਆਣਾ ਦਾ ਉੱਜਵਲ ਭਵਿੱਖ ਦਿਖਾਈ ਦਿੰਦਾ ਹੈ। ਅੱਜ ਪੂਰੀ ਦੁਨੀਆ ਭਾਰਤ ਨੂੰ ਸਿਰਫ ਇੱਕ ਵੱਡਾ ਬਾਜ਼ਾਰ ਨਹੀਂ, ਸਗੋਂ ਨਵੀਆਂ ਸੰਭਾਵਨਾਵਾਂ ਅਤੇ ਵਿਸ਼ਵ ਦੀ ਅਗਵਾਈ ਕਰਨ ਵਾਲੀ ਯੁਵਾ ਸ਼ਕਤੀ ਵਜੋਂ ਦੇਖ ਰਹੀ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਵਿਸ਼ਵ ਦੀ ਸਭ ਤੋਂ ਯੁਵਾ ਆਬਾਦੀ ਦੀ ਤਾਕਤ ਨਾਲ ਅੱਗੇ ਵਧ ਰਿਹਾ ਹੈ ਅਤੇ ਇਹੀ ਸ਼ਕਤੀ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਿਸੇ ਤਪੱਸਿਆ ਤੋਂ ਘੱਟ ਨਹੀਂ ਹੁੰਦੀ। ਨੌਜਵਾਨ ਦਿਨ-ਰਾਤ ਮਿਹਨਤ ਕਰਦੇ ਹਨ, ਮੁਸ਼ਕਿਲ ਹਾਲਾਤਾਂ ਦਾ ਸਾਹਮਣਾ ਕਰਦੇ ਹਨ ਅਤੇ ਅਨੇਕਾਂ ਸਮਾਜਿਕ ਦਬਾਅ ਵਿਚਕਾਰ ਆਪਣੇ ਟੀਚੇ ਲਈ ਨਿਰੰਤਰ ਯਤਨ ਕਰਦੇ ਹਨ। ਸਰਕਾਰ ਉਨ੍ਹਾਂ ਦੀ ਇਸ ਮਿਹਨਤ ਅਤੇ ਸੰਘਰਸ਼ ਦਾ ਸਨਮਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਭਰਤੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਬਣਾਇਆ ਗਿਆ ਹੈ। ਹਰਿਆਣਾ ਵਿੱਚ ਅੱਜ ਨੌਜਵਾਨਾਂ ਨੂੰ ਬਿਨਾਂ ਪਰਚੀ ਅਤੇ ਬਿਨਾਂ ਖਰਚੀ ਦੇ ਸਰਕਾਰੀ ਨੌਕਰੀਆਂ ਮਿਲੀਆਂ ਹਨ। ਇਸ ਵਿਵਸਥਾ ਦੀ ਸ਼ਲਾਘਾ ਖੁਦ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੀ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਤਰਜੀਹ ਹੈ ਕਿ ਕਿਸੇ ਵੀ ਯੋਗ ਨੌਜਵਾਨ ਨੂੰ ਨੌਕਰੀ ਲਈ ਸਿਫ਼ਾਰਸ਼ ਜਾਂ ਪੈਸੇ ਦਾ ਸਹਾਰਾ ਨਾ ਲੈਣਾ ਪਵੇ।

**ਸਿੱਖਿਆ ਵਿਵਸਥਾ ਨੂੰ ਲੈ ਕੇ ਚੁੱਕੇ ਗਏ ਕਦਮਾਂ ਦਾ ਕੀਤਾ ਵਰਨਣ**

ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲਿਆਂ ਖਿਲਾਫ ਸਰਕਾਰ ਨੇ ਸਖ਼ਤ ਰੁਖ ਅਪਣਾਇਆ ਹੈ। ਪੇਪਰ ਲੀਕ ਵਰਗੀਆਂ ਘਟਨਾਵਾਂ 'ਤੇ ਰੋਕ ਲਗਾਉਣ ਲਈ ਸਖ਼ਤ ਕਾਨੂੰਨ ਬਣਾਏ ਗਏ ਹਨ ਅਤੇ ਦੋਸ਼ੀਆਂ ਖ਼ਿਲਾਫ਼ ਸਖਤ ਕਾਰਵਾਈ ਯਕੀਨੀ ਬਣਾਏ ਜਾ ਰਹੀ ਹੈ ਤਾਂ ਜੋ ਮਿਹਨਤੀ ਉਮੀਦਵਾਰਾਂ ਦਾ ਭਵਿੱਖ ਸੁਰੱਖਿਅਤ ਰਹਿ ਸਕੇ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਵੀ ਹਰਿਆਣਾ ਲਗਾਤਾਰ ਨਵੀਆਂ ਪ੍ਰਾਪਤੀਆਂ ਹਾਸਲ ਕਰ ਰਿਹਾ ਹੈ। ਧੀਆਂ ਲਈ ਵਿਸ਼ੇਸ਼ ਤੌਰ 'ਤੇ ਕਦਮ ਚੁੱਕੇ ਗਏ ਹਨ, ਇਸ ਲਈ ਪੋਸਟ ਗਰੈਜੂਏਟ ਤੱਕ ਸਿੱਖਿਆ ਦੀ ਵਿਵਸਥਾ ਸਰਕਾਰੀ ਪੱਧਰ 'ਤੇ ਕੀਤੀ ਗਈ ਹੈ।

## ਸੀਵਰ ਹਾਦਸਿਆਂ ਨੂੰ ਰੋਕਣ ਲਈ ਵੱਡਾ ਕਦਮ: ਮੰਤਰੀ ਰਣਬੀਰ ਗੰਗਵਾ ਦੇ ਨਿਰਦੇਸ਼ਾਂ 'ਤੇ ਵਿਭਾਗ ਨੇ ਬਣਾਈ ਉੱਚ ਪੱਧਰੀ ਨਿਗਰਾਨੀ ਕਮੇਟੀ

**ਚੰਡੀਗੜ੍ਹ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਜਨ ਸਿਹਤ ਇੰਜੀਨੀਅਰਿੰਗ ਅਤੇ ਲੋਕ ਨਿਰਮਾਣ ਮੰਤਰੀ ਸ੍ਰੀ ਰਣਬੀਰ ਗੰਗਵਾ ਦੇ ਨਿਰਦੇਸ਼ਾਂ 'ਤੇ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਨੇ ਸੂਬੇ ਵਿੱਚ ਸੀਵਰ ਕੰਮਾਂ ਦੌਰਾਨ ਸੁਰੱਖਿਆ ਵਿਵਸਥਾ ਨੂੰ ਹੋਰ ਪ੍ਰਭਾਵੀ ਬਣਾਉਣ ਲਈ ਸੀਨੀਅਰ ਅਧਿਕਾਰੀਆਂ ਦੀ ਉੱਚ ਪੱਧਰੀ ਨਿਗਰਾਨੀ ਕਮੇਟੀ ਦਾ ਗਠਨ ਕੀਤਾ ਹੈ। ਕਮੇਟੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸੀਵਰ ਕੰਮਾਂ ਦੌਰਾਨ ਸਾਰੇ ਸੁਰੱਖਿਆ ਮਾਪਦੰਡਾਂ ਦੀ ਪੂਰੀ ਤਰ੍ਹਾਂ ਪਾਲਣਾ ਹੋਵੇ ਅਤੇ ਭਵਿੱਖ ਵਿੱਚ ਕਿਸੇ ਵੀ ਕਿਸਮ ਦੀ ਮੰਦਭਾਗੀ ਸੀਵਰ ਦੁਰਘਟਨਾ ਨਾ ਵਾਪਰੇ।

ਵਿਭਾਗ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਕਮੇਟੀ ਵਿੱਚ ਮੁੱਖ ਦਫ਼ਤਰ ਦੇ ਮੁੱਖ ਇੰਜੀਨੀਅਰ, ਸਬੰਧਤ ਜਨ ਸਿਹਤ ਇੰਜੀਨੀਅਰਿੰਗ ਸਰਕਲ ਦੇ ਨਿਗਰਾਨ ਇੰਜੀਨੀਅਰ ਅਤੇ ਸਬੰਧਤ ਡਿਵੀਜ਼ਨ ਦੇ ਕਾਰਜਕਾਰੀ ਇੰਜੀਨੀਅਰ ਸ਼ਾਮਲ ਹੋਣਗੇ। ਮੁੱਖ ਦਫ਼ਤਰ ਦੇ ਮੁੱਖ ਇੰਜੀਨੀਅਰ ਸ੍ਰੀ ਪ੍ਰਦੀਪ ਕੁਮਾਰ ਨੂੰ ਹਿਸਾਰ ਅਤੇ ਜੀਂਦ, ਸ੍ਰੀ ਰਾਜੀਵ ਬਟਿਸ਼ ਨੂੰ ਅੰ ਅਤੇ ਕੈਥਲ, ਸ੍ਰੀ ਰਾਜੇਸ਼ ਬਾਂਸਲ ਨੂੰ ਸਿਰਸਾ ਅਤੇ ਭਿਵਾਨੀ, ਸ੍ਰੀ ਸ਼ੈਲੇਂਦਰ ਸਿੰਘ ਨੂੰ ਝੱਜਰ ਅਤੇ ਨਾਰਨੌਲ, ਸ੍ਰੀ ਟੀ.ਆਰ. ਪੰਵਾਰ ਨੂੰ ਰੋਹਤਕ ਅਤੇ ਰੇਵਾੜੀ, ਸ੍ਰੀ ਡੀ.ਕੇ. ਸੈਣੀ ਨੂੰ ਕਰਨਾਲ ਅਤੇ ਸੋਨੀਪਤ ਅਤੇ ਸ੍ਰੀ ਜਸਵੰਤ ਸਿੰਘ ਨੂੰ ਪਲਵਲ ਅਤੇ ਗੁਰੂਗ੍ਰਾਮ ਜਨ ਸਿਹਤ ਇੰਜੀਨੀਅਰਿੰਗ ਸਰਕਲਾਂ ਦੇ ਨਿਰੀਖਣ ਅਤੇ ਨਿਗਰਾਨੀ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਕਮੇਟੀ ਆਪਣੇ-ਆਪਣੇ ਅਲਾਟ ਕੀਤੇ ਖੇਤਰਾਂ ਦਾ ਸਮੇਂ-ਸਮੇਂ 'ਤੇ ਦੌਰਾ ਕਰੇਗੀ ਅਤੇ ਮੌਕੇ 'ਤੇ ਜਾ ਕੇ ਇਹ ਯਕੀਨੀ ਬਣਾਵੇਗੀ ਕਿ ਸੀਵਰ ਕੰਮਾਂ ਦੌਰਾਨ ਸਾਰੇ ਸੁਰੱਖਿਆ ਮਾਪਦੰਡਾਂ, ਸੁਰੱਖਿਆ ਉਪਕਰਣਾਂ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ਾਂ ਦੀ ਪੂਰੀ ਤਰ੍ਹਾਂ ਪਾਲਣਾ ਹੋ ਰਹੀ ਹੈ। ਨਿਰੀਖਣ ਦੌਰਾਨ ਜੇਕਰ ਕਿਸੇ ਕਿਸਮ ਦੀ ਕਮੀ ਜਾਂ ਲਾਪਰਵਾਹੀ ਸਾਹਮਣੇ ਆਉਂਦੀ ਹੈ ਤਾਂ ਉਸਨੂੰ ਤੁਰੰਤ ਦੂਰ ਕਰਨ ਲਈ ਜ਼ਰੂਰੀ ਕਦਮ ਚੁੱਕੇ ਜਾਣਗੇ।

ਵਿਭਾਗ ਦੇ ਆਦੇਸ਼ਾਂ ਅਨੁਸਾਰ ਕਮੇਟੀ ਆਪਣੀ ਨਿਰੀਖਣ ਰਿਪੋਰਟ ਤੁਰੰਤ ਮੁੱਖ ਇੰਜੀਨੀਅਰ, ਹਰਿਆਣਾ ਨੂੰ ਸੌਂਪੇਗੀ। ਇਸ ਤੋਂ ਬਾਅਦ ਇਹ ਰਿਪੋਰਟ ਜਨ ਸਿਹਤ ਇੰਜੀਨੀਅਰਿੰਗ ਅਤੇ ਲੋਕ ਨਿਰਮਾਣ ਮੰਤਰੀ ਰਣਬੀਰ ਗੰਗਵਾ ਦੇ ਸਾਹਮਣੇ ਪੇਸ਼ ਕੀਤੀ ਜਾਵੇਗੀ, ਤਾਂ ਜੋ ਲੋੜ ਅਨੁਸਾਰ ਤੁਰੰਤ ਫ਼ੈਸਲਾ ਲੈ ਕੇ ਸੁਰੱਖਿਆ ਵਿਵਸਥਾ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ।

ਮੰਤਰੀ ਰਣਬੀਰ ਗੰਗਵਾ ਜਨ ਸਿਹਤ ਇੰਜੀਨੀਅਰਿੰਗ ਅਤੇ ਲੋਕ ਨਿਰਮਾਣ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਸੀਵਰ ਕੰਮਾਂ ਦੌਰਾਨ ਕਰਮਚਾਰੀਆਂ ਦੀ ਸੁਰੱਖਿਆ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੀ ਸਰਵਉੱਚ ਤਰਜੀਹ ਹੈ। ਸੁਰੱਖਿਆ ਮਾਪਦੰਡਾਂ ਦੀ ਅਣਦੇਖੀ ਕਿਸੇ ਵੀ ਪੱਧਰ 'ਤੇ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਲਾਪਰਵਾਹੀ ਪਾਏ ਜਾਣ 'ਤੇ ਸਬੰਧਤ ਅਧਿਕਾਰੀਆਂ ਜਾਂ ਏਜੰਸੀਆਂ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਵਿਭਾਗ ਦਾ ਉਦੇਸ਼ ਸੂਬੇ ਵਿੱਚ ਸੀਵਰ ਕੰਮਾਂ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਬਣਾਉਣਾ ਅਤੇ ਭਵਿੱਖ ਵਿੱਚ ਕਿਸੇ ਵੀ ਕਿਸਮ ਦੀ ਜਾਨ ਹਾਨੀ ਨੂੰ ਰੋਕਣਾ ਹੈ। ਬਣਾਈ ਗਈ ਕਮੇਟੀ ਸਮੇਂ-ਸਮੇਂ 'ਤੇ ਅਚਨਚੇਤ ਨਿਰੀਖਣ ਕਰੇਗੀ ਅਤੇ ਆਪਣੀ ਰਿਪੋਰਟ ਸਬਮਿਟ ਕਰੇਗੀ।

## ਪਲਵਲ ਦੇ ਮੰਡਕੋਲਾ ਪ੍ਰਾਇਮਰੀ ਹੈਲਥ ਸੈਂਟਰ ਨੂੰ ਮਿਲਿਆ ਕਮਿਊਨਿਟੀ ਹੈਲਥ ਸੈਂਟਰ ਦਾ ਦਰਜਾ

**ਚੰਡੀਗੜ੍ਹ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਨੇ ਸੂਬੇ ਵਿੱਚ ਸਿਹਤ ਸੇਵਾਵਾਂ ਦੇ ਮਜ਼ਬੂਤੀਕਰਨ ਅਤੇ ਪੇਂਡੂ ਖੇਤਰਾਂ ਵਿੱਚ ਬਿਹਤਰ ਮੈਡੀਕਲ ਸਹੂਲਤਾਵਾਂ ਪਹੁੰਚਾਉਣ ਦੀ ਦਿਸ਼ਾ ਵਿੱਚ ਇੱਕ ਵੱਡਾ ਅਤੇ ਮਹੱਤਵਪੂਰਨ ਫ਼ੈਸਲਾ ਲਿਆ ਹੈ। ਸਰਕਾਰ ਨੇ ਪਲਵਲ ਜ਼ਿਲ੍ਹੇ ਦੇ ਮੰਡਕੋਲਾ ਸਥਿਤ ਪ੍ਰਾਇਮਰੀ ਹੈਲਥ ਸੈਂਟਰ ਨੂੰ ਕਮਿਊਨਿਟੀ ਹੈਲਥ ਸੈਂਟਰ ਵਿੱਚ ਅਪਗ੍ਰੇਡ ਕਰਨ ਦੀ ਪ੍ਰਸ਼ਾਸਕੀ ਮਨਜ਼ੂਰੀ ਦਿੱਤੀ ਗਈ ਹੈ। ਸਰਕਾਰ ਦੇ ਇਸ ਦੂਰਗਾਮੀ ਫ਼ੈਸਲੇ ਨਾਲ ਮੰਡਕੋਲਾ ਪਿੰਡ ਸਮੇਤ ਆਸ-ਪਾਸ ਦੇ ਦਰਜਨਾਂ ਪਿੰਡਾਂ ਅਤੇ ਦੂਰ-ਦੁਰਾਡੇ ਦੇ ਪੇਂਡੂ ਇਲਾਕਿਆਂ ਵਿੱਚ ਰਹਿਣ ਵਾਲੀ ਇੱਕ ਵੱਡੀ ਆਬਾਦੀ ਨੂੰ ਸਿੱਧਾ ਲਾਭ ਮਿਲੇਗਾ ਅਤੇ ਲੋਕਾਂ ਨੂੰ ਉੱਚ ਪੱਧਰੀ ਸਿਹਤ ਸੇਵਾਵਾਂ ਉਨ੍ਹਾਂ ਦੇ ਘਰ ਦੇ ਨੇੜੇ ਮਿਲਣਗੀਆਂ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰਾਜ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਚਾਲੂ ਸਾਲ ਦੇ ਮਾਰਚ ਮਹੀਨੇ ਵਿੱਚ ਪੇਸ਼ ਕੀਤੇ ਗਏ ਬਜਟ ਵਿੱਚ ਮੰਡਕੋਲਾ ਪ੍ਰਾਇਮਰੀ ਹੈਲਥ ਸੈਂਟਰ ਨੂੰ ਅਪਗ੍ਰੇਡ ਕਰਕੇ ਕਮਿਊਨਿਟੀ ਹੈਲਥ ਸੈਂਟਰ ਬਣਾਉਣ ਦਾ ਵਾਅਦਾ ਕੀਤਾ ਸੀ। ਮੁੱਖ ਮੰਤਰੀ ਨੇ ਜਨਹਿਤ ਵਿੱਚ ਲਈ ਗਈ ਆਪਣੀ ਇਸ ਬਜਟ ਘੋਸ਼ਣਾ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਅਧਿਕਾਰਕ ਮਨਜ਼ੂਰੀ ਦੇ ਦਿੱਤੀ ਹੈ। ਸਿਹਤ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਆਮ ਜਨਤਾ ਨੂੰ ਦਿੱਤੀ ਗਈ ਹਰ ਗਾਰੰਟੀ ਅਤੇ ਬਜਟ ਐਲਾਨ ਨੂੰ ਸਮੇਂ ਸਿਰ ਪੂਰਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਪ੍ਰਾਇਮਰੀ ਹੈਲਥ ਸੈਂਟਰ ਦੇ ਕਮਿਊਨਿਟੀ ਸਿਹਤ ਕੇਂਦਰ ਵਿੱਚ ਤਬਦੀਲ ਹੋਣ ਨਾਲ ਖੇਤਰ ਦੀ ਸਿਹਤ ਵਿਵਸਥਾ ਵਿੱਚ ਵਿਆਪਕ ਸੁਧਾਰ ਆਵੇਗਾ। ਹੁਣ ਸਥਾਨਕ ਨਿਵਾਸੀਆਂ ਨੂੰ ਆਮ ਇਲਾਜ ਦੇ ਨਾਲ-ਨਾਲ ਜਣੇਪਾ ਅਤੇ ਇਸਤਰੀ ਰੋਗ, ਬਾਲ ਰੋਗ ਅਤੇ ਆਮ ਸਰਜਰੀ ਵਰਗੇ ਵੱਖ-ਵੱਖ ਵਿਭਾਗਾਂ ਦੇ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਆਸਾਨੀ ਨਾਲ ਮਿਲ ਸਕਣਗੀਆਂ।

ਇਸ ਤੋਂ ਇਲਾਵਾ, ਕੇਂਦਰ ਵਿੱਚ 24 ਘੰਟੇ ਐਮਰਜੈਂਸੀ ਸੁਵਿਧਾਵਾਂ, ਬੈੱਡਾਂ ਦੀ ਗਿਣਤੀ ਵਿੱਚ ਵਾਧਾ, ਆਧੁਨਿਕ ਲੈਬ ਟੈਸਟ, ਐਕਸ-ਰੇ ਅਤੇ ਹੋਰ ਜਾਂਚ ਸੁਵਿਧਾਵਾਂ ਇੱਕ ਹੀ ਛੱਤ ਹੇਠ ਮਿਲਣ ਲੱਗਣਗੀਆਂ। ਇਸ ਨਾਲ ਮੰਡਕੋਲਾ ਅਤੇ ਇਸ ਦੇ ਗੁਆਂਢੀ ਪਿੰਡਾਂ ਦੇ ਹਜ਼ਾਰਾਂ ਲੋਕਾਂ ਨੂੰ ਹੁਣ ਛੋਟੀਆਂ-ਮੋਟੀਆਂ ਬਿਮਾਰੀਆਂ ਜਾਂ ਐਮਰਜੈਂਸੀ ਸਥਿਤੀ ਵਿੱਚ ਜ਼ਿਲ੍ਹਾ ਹਸਪਤਾਲ ਪਲਵਲ ਜਾਂ ਹੋਰ ਵੱਡੇ ਸ਼ਹਿਰਾਂ ਵੱਲ ਰੁਖ਼ ਨਹੀਂ ਕਰਨਾ ਪਵੇਗਾ, ਜਿਸ ਨਾਲ ਉਨ੍ਹਾਂ ਦੇ ਸਮੇਂ ਅਤੇ ਪੈਸੇ ਦੋਵਾਂ ਦੀ ਭਾਰੀ ਬੱਚਤ ਹੋਵੇਗੀ। ਖੇਤਰੀ ਨਿਵਾਸੀਆਂ ਨੇ ਸਰਕਾਰ ਦੇ ਇਸ ਜਨਹਿਤੈਸ਼ੀ ਕਦਮ ਦਾ ਜ਼ੋਰਦਾਰ ਸਵਾਗਤ ਕਰਦਿਆਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅਤੇ ਸਿਹਤ ਮੰਤਰੀ ਆਰਤੀ ਸਿੰਘ ਰਾਓ ਦਾ ਧੰਨਵਾਦ ਪ੍ਰਗਟ ਕੀਤਾ ਹੈ।

## ਹਰਿਆਣਾ ਦੇ ਬਿਜਲੀ ਖਪਤਕਾਰਾਂ ਨੂੰ ਵੱਡੀ ਰਾਹਤ: ਅਣ-ਅਧਿਕਾਰਤ ਲੋਡ 'ਤੇ ਸਰਚਾਰਜ ਵਿੱਚ ਛੋਟ, ਲੋਡ ਘਟਾਉਣ-ਵਧਾਉਣ ਦੇ ਨਿਯਮ ਹੋਏ ਸੌਖੇ

**ਚੰਡੀਗੜ੍ਹ, 6 ਅਗਸਤ**
**-ਸੰਜੀਵ ਸ਼ਰਮਾ-**

ਹਰਿਆਣਾ ਬਿਜਲੀ ਰੈਗੂਲੇਟਰੀ ਕਮਿਸ਼ਨ ਨੇ ਰਾਜ ਦੇ ਬਿਜਲੀ ਖਪਤਕਾਰਾਂ ਨੂੰ ਵੱਡੀ ਰਾਹਤ ਦਿੰਦਿਆਂ ਬਿਜਲੀ ਸਪਲਾਈ ਨਾਲ ਜੁੜੇ ਦੋ ਮਹੱਤਵਪੂਰਨ ਨਿਯਮਾਂ ਵਿੱਚ ਸੋਧ ਕੀਤੀ ਹੈ। ਇਹਨਾਂ ਸੋਧਾਂ ਤੋਂ ਬਾਅਦ ਹੁਣ ਮਨਜ਼ੂਰਸ਼ੁਦਾ ਕੰਟਰੈਕਟ ਡਿਮਾਂਡ ਤੋਂ 10 ਪ੍ਰਤੀਸ਼ਤ ਤੱਕ ਵੱਧ ਬਿਜਲੀ ਦੀ ਵਰਤੋਂ ਕਰਨ 'ਤੇ ਕੋਈ ਸਰਚਾਰਜ ਨਹੀਂ ਲੱਗੇਗਾ। ਪਹਿਲਾਂ ਮਨਜ਼ੂਰਸ਼ੁਦਾ ਲੋਡ ਤੋਂ 5 ਪ੍ਰਤੀਸ਼ਤ ਤੋਂ ਵੱਧ ਮੰਗ ਹੋਣ 'ਤੇ ਕੁੱਲ ਬਿਜਲੀ ਖਰਚੇ 'ਤੇ ਸਿੱਧਾ 25 ਪ੍ਰਤੀਸ਼ਤ ਸਰਚਾਰਜ ਲਗਾਇਆ ਜਾਂਦਾ ਸੀ।

ਇਸ ਦੇ ਨਾਲ ਹੀ ਉਦਯੋਗਿਕ, ਵਪਾਰਕ ਅਤੇ ਹੋਰ ਖਪਤਕਾਰਾਂ ਲਈ ਮਨਜ਼ੂਰਸ਼ੁਦਾ ਲੋਡ ਘਟਾਉਣ ਅਤੇ ਬਾਅਦ ਵਿੱਚ ਉਸ ਨੂੰ ਦੁਬਾਰਾ ਬਹਾਲ ਕਰਵਾਉਣ ਦੀ ਪ੍ਰਕਿਰਿਆ ਵੀ ਪਹਿਲਾਂ ਦੀ ਤੁਲਨਾ ਵਿੱਚ ਕਾਫ਼ੀ ਸਰਲ ਅਤੇ ਖਪਤਕਾਰ-ਪੱਖੀ ਬਣਾ ਦਿੱਤੀ ਗਈ ਹੈ।

HERC ਦੁਆਰਾ ਨੋਟੀਫਾਈ ਕੀਤੇ ਬਿਜਲੀ ਸਪਲਾਈ ਕੋਡ ਰੈਗੂਲੇਸ਼ਨ, 2014 (ਸੱਤਵੀਂ ਸੋਧ) ਰੈਗੂਲੇਸ਼ਨ, 2026 ਦੇ ਤਹਿਤ ਅਣ-ਅਧਿਕਾਰਤ ਲੋਡ 'ਤੇ ਲਾਗੂ ਸਰਚਾਰਜ ਵਿਵਸਥਾ ਨੂੰ ਵਧੇਰੇ ਤਰਕਸੰਗਤ ਬਣਾਇਆ ਗਿਆ ਹੈ। ਹੁਣ ਨਵੀਂ ਵਿਵਸਥਾ ਅਨੁਸਾਰ ਮਨਜ਼ੂਰਸ਼ੁਦਾ ਲੋਡ ਦੇ 110 ਪ੍ਰਤੀਸ਼ਤ ਤੱਕ ਵਰਤੋਂ 'ਤੇ ਕੋਈ ਸਰਚਾਰਜ ਨਹੀਂ ਲੱਗੇਗਾ। ਜੇਕਰ ਮੰਗ 110 ਤੋਂ 115 ਪ੍ਰਤੀਸ਼ਤ ਦੇ ਵਿਚਕਾਰ ਰਹਿੰਦੀ ਹੈ ਤਾਂ ਕੁੱਲ ਬਿਜਲੀ ਖਰਚੇ 'ਤੇ 20 ਪ੍ਰਤੀਸ਼ਤ ਸਰਚਾਰਜ ਲੱਗੇਗਾ, ਜਦੋਂ ਕਿ 115 ਪ੍ਰਤੀਸ਼ਤ ਤੋਂ ਵੱਧ ਮੰਗ ਹੋਣ 'ਤੇ ਪਹਿਲਾਂ ਵਾਂਗ 25 ਪ੍ਰਤੀਸ਼ਤ ਸਰਚਾਰਜ ਲਾਗੂ ਰਹੇਗਾ। ਕਮਿਸ਼ਨ ਦਾ ਮੰਨਣਾ ਹੈ ਕਿ ਇਹ ਸੋਧ ਵਿਸ਼ੇਸ਼ ਤੌਰ 'ਤੇ ਉਨ੍ਹਾਂ ਉਦਯੋਗਿਕ ਅਤੇ ਵਪਾਰਕ ਖਪਤਕਾਰਾਂ ਲਈ ਰਾਹਤ ਦੇਣ ਵਾਲੀ ਸਾਬਤ ਹੋਵੇਗੀ, ਜਿਨ੍ਹਾਂ ਦੇ ਇੱਥੇ ਮੌਸਮੀ, ਉਤਪਾਦਨ ਸੰਬੰਧੀ ਜਾਂ ਹੋਰ ਅਸਥਾਈ ਕਾਰਨਾਂ ਕਰਕੇ ਬਿਜਲੀ ਦੀ ਮੰਗ ਅਚਾਨਕ ਵਧ ਜਾਂਦੀ ਹੈ। ਇਸ ਨਾਲ ਉਨ੍ਹਾਂ ਨੂੰ ਬੇਲੋੜੇ ਵਿੱਤੀ ਬੋਝ ਤੋਂ ਰਾਹਤ ਮਿਲੇਗੀ ਅਤੇ ਉਤਪਾਦਨ ਗਤੀਵਿਧੀਆਂ ਵਿੱਚ ਵਧੇਰੇ ਲਚਕਤਾ ਮਿਲੇਗੀ।

ਇਸੇ ਨਾਲ ਕਮਿਸ਼ਨ ਨੇ 'ਡਿਊਟੀ ਟੂ ਸਪਲਾਈ ਆਫ਼ ਇਲੈਕਟ੍ਰੀਸਿਟੀ ਰੈਗੂਲੇਸ਼ਨ, 2016 (ਚੌਥੀ ਸੋਧ) ਰੈਗੂਲੇਸ਼ਨ, 2026' ਦੇ ਰਾਹੀਂ ਨਾਲ ਲੋਡ ਘਟਾਉਣ ਅਤੇ ਮੁੜ ਬਹਾਲੀ ਦੇ ਨਿਯਮਾਂ ਨੂੰ ਵੀ ਆਸਾਨ ਬਣਾ ਦਿੱਤਾ ਹੈ। ਹੁਣ ਜੇਕਰ ਕੋਈ ਖਪਤਕਾਰ ਬਿਨਾਂ ਵੋਲਟੇਜ ਲੈਵਲ ਬਦਲੇ ਆਪਣਾ ਲੋਡ ਘਟਾਉਂਦਾ ਹੈ ਤਾਂ ਉਸ ਨੂੰ ਸਿਰਫ਼ ਨਿਰਧਾਰਤ ਪ੍ਰੋਸੈਸਿੰਗ ਫੀਸ ਦੇਣੀ ਪਵੇਗੀ, ਜਿਸ ਦੀ ਵੱਧ ਤੋਂ ਵੱਧ ਸੀਮਾ 20,000 ਰੁਪਏ ਹੋਵੇਗੀ। ਜੇਕਰ ਵੋਲਟੇਜ ਲੈਵਲ (HT ਤੋਂ LT) ਵਿੱਚ ਬਦਲਾਅ ਹੁੰਦਾ ਹੈ ਤਾਂ ਸਰਵਿਸ ਕੁਨੈਕਸ਼ਨ ਫੀਸ ਸਿਰਫ਼ ਸੋਧੇ ਹੋਏ ਲੋਡ ਦੇ ਅਨੁਸਾਰ ਹੀ ਦੇਣੀ ਹੋਵੇਗੀ।

ਸੋਧੇ ਹੋਏ ਨਿਯਮਾਂ ਅਨੁਸਾਰ, ਲੋਡ ਘਟਾਉਣ ਵਾਲਾ ਖਪਤਕਾਰ ਤਿੰਨ ਸਾਲਾਂ ਦੇ ਅੰਦਰ ਆਪਣੇ ਅਸਲ ਮਨਜ਼ੂਰਸ਼ੁਦਾ ਲੋਡ ਨੂੰ ਬਿਨਾਂ ਨਵੀਂ ਸਰਵਿਸ ਕੁਨੈਕਸ਼ਨ ਫੀਸ ਦਿੱਤੇ ਦੁਬਾਰਾ ਬਹਾਲ ਕਰਵਾ ਸਕੇਗਾ। ਹਾਲਾਂਕਿ ਇਹ ਸਹੂਲਤ ਕੁਝ ਸ਼ਰਤਾਂ ਦੇ ਅਧੀਨ ਹੋਵੇਗੀ। ਲੋਡ ਘਟਾਉਣ ਜਾਂ ਮੁੜ ਬਹਾਲੀ ਤੋਂ ਬਾਅਦ ਛੇ ਮਹੀਨਿਆਂ ਦਾ ਲਾਕ-ਇਨ ਪੀਰੀਅਡ ਰਹੇਗਾ ਅਤੇ ਤਿੰਨ ਸਾਲਾਂ ਵਿੱਚ ਸਿਰਫ਼ ਇੱਕ ਵਾਰ ਲੋਡ ਘਟਾਉਣ ਅਤੇ ਇੱਕ ਵਾਰ ਮੁੜ ਬਹਾਲੀ ਦੀ ਇਜਾਜ਼ਤ ਹੋਵੇਗੀ।

## ਮਹੀਪਲ ਢਾਂਡਾ ਨੇ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਕੀਤੀ ਮੁਲਾਕਾਤ, ਜਨਹਿਤ ਅਤੇ ਸਿੱਖਿਆ ਸੁਧਾਰਾਂ ਉੱਤੇ ਲਿਆ ਮਾਰਗਦਰਸ਼ਨ

**ਨਵੀਂ ਦਿੱਲੀ, 6 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**



ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਲ ਢਾਂਡਾ ਨੇ ਨਵੀਂ ਦਿੱਲੀ ਸਥਿਤ ਰੱਖਿਆ ਮੰਤਰੀ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਦੇਸ਼ ਦੇ ਰੱਖਿਆ ਮੰਤਰੀ ਸ੍ਰੀ ਰਾਜਨਾਥ ਸਿੰਘ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਦੌਰਾਨ ਸਿੱਖਿਆ ਮੰਤਰੀ ਨੇ ਦੇਸ਼ ਦੇ ਸੀਨੀਅਰ ਆਗੂ ਅਤੇ ਰੱਖਿਆ ਮੰਤਰੀ ਨਾਲ ਵੱਖ-ਵੱਖ ਸਮਕਾਲੀ, ਪ੍ਰਸੰਗਿਕ ਅਤੇ ਰਾਜ ਦੇ ਜਨਹਿਤ ਨਾਲ ਜੁੜੇ ਮਹੱਤਵਪੂਰਨ ਵਿਸ਼ਿਆਂ 'ਤੇ ਸਾਰਥਕ ਚਰਚਾ ਕੀਤੀ ਅਤੇ ਉਨ੍ਹਾਂ ਦਾ ਮਾਰਗਦਰਸ਼ਨ ਪ੍ਰਾਪਤ ਕੀਤਾ।

ਮੁਲਾਕਾਤ ਦੌਰਾਨ ਹਰਿਆਣਾ ਦੇ ਸਿੱਖਿਆ ਮੰਤਰੀ ਨੇ ਰੱਖਿਆ ਮੰਤਰੀ ਨੂੰ ਰਾਜ ਵਿੱਚ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਨਵੇਂ ਤਜ਼ਰਬਿਆਂ, ਢਾਂਚਾਗਤ ਸੁਧਾਰਾਂ ਅਤੇ 'ਰਾਸ਼ਟਰੀ ਸਿੱਖਿਆ ਨੀਤੀ-2020' (ਐਨ.ਈ.ਪੀ.) ਦੇ ਪ੍ਰਭਾਵੀ ਅਮਲ ਦੀ ਦਿਸ਼ਾ ਵਿੱਚ ਚੁੱਕੇ ਜਾ ਰਹੇ ਕਦਮਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਹਰਿਆਣਾ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਗੁਣਵੱਤਾ ਭਰਪੂਰ, ਰੁਜ਼ਗਾਰ ਮੁਖੀ ਅਤੇ ਸੰਸਕਾਰ ਯੁਕਤ ਸਿੱਖਿਆ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

ਸਿੱਖਿਆ ਮੰਤਰੀ ਸ੍ਰੀ ਮਹੀਪਲ ਢਾਂਡਾ ਨੇ ਕਿਹਾ ਕਿ ਦੇਸ਼ ਦੇ ਸੀਨੀਅਰ ਅਤੇ ਤਜ਼ਰਬੇਕਾਰ ਆਗੂਆਂ ਦਾ ਮਾਰਗਦਰਸ਼ਨ ਸਾਨੂੰ ਰਾਜ ਦੇ ਵਿਕਾਸ ਅਤੇ ਜਨ-ਸੇਵਾ ਦੇ ਸੰਕਲਪ ਨੂੰ ਮਜ਼ਬੂਤੀ ਨਾਲ ਅੱਗੇ ਵਧਾਉਣ ਦੀ ਪ੍ਰੇਰਣਾ ਦਿੰਦਾ ਹੈ। ਰੱਖਿਆ ਮੰਤਰੀ ਨਾਲ ਹੋਈ ਇਹ ਬੈਠਕ ਬੇਹੱਦ ਸਕਾਰਾਤਮਕ ਅਤੇ ਮਾਰਗਦਰਸ਼ਕ ਰਹੀ। ਉਨ੍ਹਾਂ ਵੱਲੋਂ ਦਿੱਤੇ ਗਏ ਅਨਮੋਲ ਸੁਝਾਵਾਂ ਨਾਲ ਸੂਬੇ ਵਿੱਚ ਜਨਹਿਤ ਦੀਆਂ ਯੋਜਨਾਵਾਂ ਅਤੇ ਵਿਦਿਅਕ ਨੀਤੀਆਂ ਨੂੰ ਵਧੇਰੇ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਵਿੱਚ ਮਦਦ ਮਿਲੇਗੀ।

ਮੀਟਿੰਗ ਦੌਰਾਨ ਰੱਖਿਆ ਮੰਤਰੀ ਸ੍ਰੀ ਰਾਜਨਾਥ ਸਿੰਘ ਨੇ ਹਰਿਆਣਾ ਸਰਕਾਰ ਵੱਲੋਂ ਨੌਜਵਾਨਾਂ ਦੇ ਉੱਜਵਲ ਭਵਿੱਖ, ਹੁਨਰ ਵਿਕਾਸ ਅਤੇ ਸਿੱਖਿਆ ਦੇ ਪੱਧਰ ਨੂੰ ਸੁਧਾਰਨ ਲਈ ਚੁੱਕੇ ਜਾ ਰਹੇ ਕਦਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਸਿੱਖਿਆ ਮੰਤਰੀ ਨੂੰ ਸਲਾਹ ਦਿੱਤੀ ਕਿ ਉਹ ਨੌਜਵਾਨਾਂ ਵਿੱਚ ਦੇਸ਼ ਭਗਤੀ, ਨੈਤਿਕ ਮੁੱਲਾਂ ਅਤੇ ਆਧੁਨਿਕ ਤਕਨੀਕੀ ਗਿਆਨ ਦਾ ਸਮਾਵੇਸ਼ ਕਰਨ ਵਾਲੀਆਂ ਨੀਤੀਆਂ 'ਤੇ ਵਿਸ਼ੇਸ਼ ਧਿਆਨ ਦੇਣ।

ਇਸ ਮੁਲਾਕਾਤ ਦੌਰਾਨ ਰਾਜ ਦੇ ਵਿਕਾਸ ਕਾਰਜਾਂ, ਨੌਜਵਾਨਾਂ ਦੇ ਉਥਾਨ ਅਤੇ ਸਮਾਜਿਕ ਸਮਰੱਸਤਾ ਵਰਗੇ ਕਈ ਅਹਿਮ ਬਿੰਦੂਆਂ 'ਤੇ ਵੀ ਸਕਾਰਾਤਮਕ ਵਿਚਾਰ-ਵਟਾਂਦਰਾ ਹੋਇਆ। ਸਿੱਖਿਆ ਮੰਤਰੀ ਨੇ ਵਿਸ਼ਵਾਸ ਦਿਵਾਇਆ ਕਿ ਉਹ ਕੇਂਦਰੀ ਲੀਡਰਸ਼ਿਪ ਦੇ ਮਾਰਗਦਰਸ਼ਨ ਵਿੱਚ ਹਰਿਆਣਾ ਨੂੰ ਸਿੱਖਿਆ ਅਤੇ ਜਨ-ਕਲਿਆਣ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਰਾਜ ਬਣਾਉਣ ਲਈ ਵਚਨਬੱਧ ਹਨ।

## ਕਾਮਨਵੈਲਥ ਖੇਡਾਂ ਵਿੱਚ ਭਾਰਤ ਦਾ ਚੌਥਾ ਸਥਾਨ ਪੂਰੇ ਦੇਸ਼ ਲਈ ਹੈ ਮਾਣ ਵਾਲੀ ਗੱਲ : ਖੇਡ ਰਾਜ ਮੰਤਰੀ ਗੌਰਵ ਗੌਤਮ

### ਪੰਚਕੂਲਾ ਵਿੱਚ ਪਹਿਲੀ ਸੰਤ ਗੁਰੂ ਰਵਿਦਾਸ ਨਾਰਥ ਜ਼ੋਨ ਗਰਲਜ਼ ਵਾਲੀਬਾਲ ਚੈਂਪੀਅਨਸ਼ਿਪ ਵਿੱਚ ਪੁੱਜੇ ਖੇਡ ਮੰਤਰੀ, ਖਿਡਾਰੀਆਂ ਨੂੰ ਦਿੱਤਾ ਮਿਹਨਤ ਅਤੇ ਖੇਡ ਭਾਵਨਾ ਦਾ ਸੰਦੇਸ਼

**ਪੰਚਕੂਲਾ, 6 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**




ਹਰਿਆਣਾ ਦੇ ਖੇਡ, ਯੂਵਾ ਸਸ਼ਕਤੀਕਰਨ ਅਤੇ ਉੱਦਮਤਾ ਅਤੇ ਕਾਨੂੰਨ ਤੇ ਵਿਧਾਨਕ ਕਾਰਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਗਲਾਸਗੋ ਕਾਮਨਵੈਲਥ ਖੇਡਾਂ 2026 ਵਿੱਚ ਭਾਰਤ ਦਾ ਵਿਸ਼ਵ ਵਿੱਚ ਚੌਥਾ ਸਥਾਨ ਪ੍ਰਾਪਤ ਕਰਨਾ ਪੂਰੇ ਦੇਸ਼ ਲਈ ਮਾਣ ਅਤੇ ਸਨਮਾਨ ਦੀ ਗੱਲ ਹੈ। ਭਾਰਤੀ ਖਿਡਾਰੀਆਂ ਨੇ ਆਪਣੀ ਪ੍ਰਤਿਭਾ, ਅਨੁਸ਼ਾਸਨ ਅਤੇ ਅਥਕ ਮਿਹਨਤ ਦੇ ਦਮ 'ਤੇ ਦੁਨੀਆ ਵਿੱਚ ਭਾਰਤ ਦੀ ਨਵੀਂ ਪਛਾਣ ਬਣਾਈ ਹੈ। ਆਉਣ ਵਾਲੇ ਸਮੇਂ ਵਿੱਚ ਦੇਸ਼ ਦੇ ਯੁਵਾ ਖਿਡਾਰੀ ਇਸੇ ਪ੍ਰੇਰਣਾ ਨਾਲ ਕੌਮਾਂਤਰੀ ਮੰਚਾਂ 'ਤੇ ਹੋਰ ਵੱਧ ਸਫਲਤਾ ਹਾਸਲ ਕਰਨਗੇ।

ਖੇਡ ਮੰਤਰੀ ਅੱਜ ਪੰਚਕੂਲਾ ਵਿੱਚ ਆਯੋਜਿਤ ਪਹਿਲੀ ਸੰਤ ਗੁਰੂ ਰਵਿਦਾਸ ਨਾਰਥ ਜ਼ੋਨ ਗਰਲਜ਼ ਵਾਲੀਬਾਲ ਚੈਂਪੀਅਨਸ਼ਿਪ ਦੇ ਉਦਘਾਟਨੀ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਸੰਬੋਧਨ ਕਰ ਰਹੇ ਸਨ। ਮੁਕਾਬਲੇ ਵਿੱਚ ਉੱਤਰ ਭਾਰਤ ਦੇ ਵੱਖ-ਵੱਖ ਰਾਜਾਂ ਦੀਆਂ ਮਹਿਲਾ ਵਾਲੀਬਾਲ ਟੀਮਾਂ ਨੇ ਭਾਗ ਲਿਆ। ਪ੍ਰੋਗਰਾਮ ਵਿੱਚ ਖਿਡਾਰੀਆਂ, ਕੋਚਾਂ, ਖੇਡ ਅਧਿਕਾਰੀਆਂ ਅਤੇ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਵੀ ਹਾਜ਼ਰ ਸਨ। ਇਸ ਦੌਰਾਨ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਖੇਡਾਂ ਸਿਰਫ਼ ਜਿੱਤ ਅਤੇ ਹਾਰ ਦਾ ਨਾਂ ਨਹੀਂ ਹਨ, ਸਗੋਂ ਇਹ ਅਨੁਸ਼ਾਸਨ, ਆਤਮ-ਵਿਸ਼ਵਾਸ, ਸੰਘਰਸ਼, ਲੀਡਰਸ਼ਿਪ ਸਮਰੱਥਾ ਅਤੇ ਟੀਮ ਭਾਵਨਾ ਦਾ ਸਭ ਤੋਂ ਵੱਡਾ ਸਕੂਲ ਹਨ। ਖੇਡਾਂ ਵਿਅਕਤੀ ਨੂੰ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਸਿਖਾਉਂਦੀਆਂ ਹਨ ਅਤੇ ਸਮਾਜ ਵਿੱਚ ਸਕਾਰਾਤਮਕ ਊਰਜਾ ਦਾ ਸੰਚਾਰ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਹਰੇਕ ਖਿਡਾਰੀ ਨੂੰ ਟੀਚਾ ਮਿਥ ਕੇ ਲਗਾਤਾਰ ਮਿਹਨਤ ਕਰਨੀ ਚਾਹੀਦੀ ਹੈ, ਕਿਉਂਕਿ ਸਫਲਤਾ ਦਾ ਕੋਈ ਸ਼ਾਰਟਕੱਟ ਨਹੀਂ ਹੁੰਦਾ।
ਉਨ੍ਹਾਂ ਕਿਹਾ ਕਿ ਹਰਿਆਣਾ ਨੇ ਲੰਮੇ ਸਮੇਂ ਤੋਂ ਦੇਸ਼ ਦੀ ਖੇਡ ਰਾਜਧਾਨੀ ਵਜੋਂ ਆਪਣੀ ਪਛਾਣ ਬਣਾਈ ਹੋਈ ਹੈ। ਓਲੰਪਿਕ, ਪੈਰਾਲੰਪਿਕ, ਏਸ਼ਿਆਈ ਖੇਡਾਂ, ਰਾਸ਼ਟਰਮੰਡਲ ਖੇਡਾਂ ਅਤੇ ਹੋਰ ਕੌਮਾਂਤਰੀ ਮੁਕਾਬਲਿਆਂ ਵਿੱਚ ਸੂਬੇ ਦੇ ਖਿਡਾਰੀਆਂ ਨੇ ਲਗਾਤਾਰ ਦੇਸ਼ ਦਾ ਮਾਣ ਵਧਾਇਆ ਹੈ। ਇਹ ਪ੍ਰਾਪਤੀਆਂ ਖਿਡਾਰੀਆਂ ਦੀ ਮਿਹਨਤ ਦੇ ਨਾਲ-ਨਾਲ ਪ੍ਰਦੇਸ਼ ਵਿੱਚ ਵਿਕਸਤ ਮਜ਼ਬੂਤ ਖੇਡ ਸੱਭਿਆਚਾਰ ਦਾ ਨਤੀਜਾ ਹਨ।

ਖੇਡ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਖਿਡਾਰੀਆਂ ਦੇ ਹਿੱਤਾਂ ਨੂੰ ਸਰਵਉੱਚ ਤਰਜੀਹ ਦੇ ਰਹੀ ਹੈ। ਸੂਬੇ ਵਿੱਚ ਆਧੁਨਿਕ ਖੇਡ ਬੁਨਿਆਦੀ ਵਿਕਸਤ ਕੀਤਾ ਜਾ ਰਿਹਾ ਹੈ, ਖੇਡ ਸਟੇਡੀਅਮਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ, ਖਿਡਾਰੀਆਂ ਨੂੰ ਉੱਚ ਪੱਧਰੀ ਸਿਖਲਾਈ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਆਧੁਨਿਕ ਖੇਡ ਉਪਕਰਣਾਂ ਦਾ ਪ੍ਰਬੰਧ ਯਕੀਨੀ ਬਣਾਇਆ ਜਾ ਰਿਹਾ ਹੈ। ਸਰਕਾਰ ਦਾ ਉਦੇਸ਼ ਹੈ ਕਿ ਪ੍ਰਦੇਸ਼ ਦਾ ਕੋਈ ਵੀ ਪ੍ਰਤਿਭਾਵਾਨ ਖਿਡਾਰੀ ਸਾਧਨਾਂ ਦੀ ਘਾਟ ਕਾਰਨ ਪਿੱਛੇ ਨਾ ਰਹਿ ਜਾਵੇ।

ਮਹਿਲਾ ਖਿਡਾਰੀਆਂ ਦਾ ਜ਼ਿਕਰ ਕਰਦਿਆਂ ਗੌਰਵ ਗੌਤਮ ਨੇ ਕਿਹਾ ਕਿ ਅੱਜ ਧੀਆਂ ਹਰ ਖੇਤਰ ਵਾਂਗ ਖੇਡਾਂ ਵਿੱਚ ਵੀ ਨਵੇਂ ਕੀਰਤੀਮਾਨ ਸਥਾਪਤ ਕਰ ਰਹੀਆਂ ਹਨ। ਹਰਿਆਣਾ ਦੀਆਂ ਧੀਆਂ ਨੇ ਕੌਮਾਂਤਰੀ ਮੰਚਾਂ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੂਰੇ ਦੇਸ਼ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਮੁਕਾਬਲੇ ਵਿੱਚ ਭਾਗ ਲੈਣ ਵਾਲੀਆਂ ਖਿਡਾਰੀ ਵੀ ਭਵਿੱਖ ਵਿੱਚ ਭਾਰਤੀ ਟੀਮ ਦੀ ਨੁਮਾਇੰਦਗੀ ਕਰਕੇ ਦੇਸ਼ ਲਈ ਤਮਗੇ ਜਿੱਤਣ ਦੀ ਸਮਰੱਥਾ ਰੱਖਦੀਆਂ ਹਨ। ਇਸ ਮੌਕੇ ਹਰਿਆਣਾ ਵਿਧਾਨ ਸਭਾ ਦੇ ਸਪੀਕਰ/ਸਾਬਕਾ ਸਪੀਕਰ ਸ੍ਰੀ ਗਿਆਨਚੰਦ ਗੁਪਤਾ ਅਤੇ ਕਾਲਕਾ ਤੋਂ ਸਾਬਕਾ ਵਿਧਾਇਕ ਲਤਿਕਾ ਸ਼ਰਮਾ ਤੇ ਹੋਰ ਪਤਵੰਤੇ ਲੋਕ ਮੌਜੂਦ ਸਨ।





